ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 28 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੧੫ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਅੰਮ੍ਰਿਤਸਰ ’ਚ ਵਾਪਰਿਆ ਦਰਦਨਾਕ ਹਾਦਸਾ; ਹਾਦਸੇ ’ਚ ਪਤੀ-ਪਤਨੀ ਤੇ ਧੀ ਦੀ ਹੋਈ ਮੌਤ

**ਅੰਮ੍ਰਿਤਸਰ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਮਹਿਤਾ ਰੋਡ ’ਤੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਇੱਕ ਪਰਿਵਾਰ ਦੇ ਤਿੰਨ ਮੈਂਬਰਾਂ ਦੀ ਮੌਤ ਹੋ ਗਈ। ਇਹ ਹਾਦਸਾ ਘਣਸ਼ਿਆਮਪੁਰ ਅਤੇ ਤਨੇਲ ਪਿੰਡਾਂ ਵਿਚਕਾਰ ਉਸ ਸਮੇਂ ਵਾਪਰਿਆ ਜਦੋਂ ਇੱਕ ਤੇਜ਼ ਰਫ਼ਤਾਰ ਕਾਰ ਨੇ ਐਕਟਿਵਾ ਸਵਾਰ ਪਰਿਵਾਰ ਨੂੰ ਟੱਕਰ ਮਾਰ ਦਿੱਤੀ। ਮਿਲੀ ਜਾਣਕਾਰੀ ਮੁਤਾਬਿਕ ਘੁਮਾਣ ਸ਼ਹਿਰ ਦੇ ਨੇੜੇ ਬਾਲਦਵਾਲ ਪਿੰਡ ਦਾ ਵਸਨੀਕ ਰੇਸ਼ਮ ਸਿੰਘ ਆਪਣੀ ਪਤਨੀ ਸੀਮਾ ਅਤੇ ਧੀ ਕਵਲਦੀਪ ਕੌਰ ਨਾਲ ਐਕਟਿਵਾ ’ਤੇ ਭੱਟੀ ਪਿੰਡ ਵਿੱਚ ਰਿਸ਼ਤੇਦਾਰਾਂ ਨੂੰ ਮਿਲਣ ਜਾ ਰਿਹਾ ਸੀ। ਜਿਵੇਂ ਹੀ ਉਹ ਮਹਿਤਾ ਰੋਡ ’ਤੇ ਪਹੁੰਚੇ, ਤਾਂ ਮਹਿਤਾ ਵਾਲੇ ਪਾਸੇ ਤੋਂ ਆ ਰਹੀ ਇੱਕ ਤੇਜ਼ ਰਫ਼ਤਾਰ ਕਾਲੇ ਰੰਗ ਦੀ ਹੁੰਡਈ ਕ੍ਰੇਟਾ ਕਾਰ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਰੇਸ਼ਮ ਸਿੰਘ ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦਕਿ ਉਸਦੀ ਪਤਨੀ ਅਤੇ ਧੀ ਗੰਭੀਰ ਜ਼ਖਮੀ ਹੋ ਗਈਆਂ। ਸੂਚਨਾ ਮਿਲਣ ’ਤੇ, ਰੋਡ ਸੇਫਟੀ ਫੋਰਸ ਅਤੇ ਮਹਿਤਾ ਪੁਲਿਸ ਸਟੇਸ਼ਨ ਦੀ ਪੁਲਿਸ ਮੌਕੇ ’ਤੇ ਪਹੁੰਚੀ। ਜ਼ਖਮੀਆਂ ਨੂੰ ਤੁਰੰਤ ਬਟਾਲਾ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦੀ ਹਾਲਤ ਗੰਭੀਰ ਹੋਣ ਕਾਰਨ ਉਨ੍ਹਾਂ ਨੂੰ ਅੰਮ੍ਰਿਤਸਰ ਰੈਫਰ ਕਰ ਦਿੱਤਾ ਗਿਆ। ਅੰਮ੍ਰਿਤਸਰ ਦੇ ਇੱਕ ਹਸਪਤਾਲ ਵਿੱਚ ਇਲਾਜ ਦੌਰਾਨ ਸੀਮਾ ਅਤੇ ਕਵਲਦੀਪ ਕੌਰ ਦੀ ਵੀ ਮੌਤ ਹੋ ਗਈ। ਇੱਕੋ ਪਰਿਵਾਰ ਦੇ ਤਿੰਨ ਮੈਂਬਰਾਂ ਦੀ ਮੌਤ ਨਾਲ ਪੂਰੇ ਇਲਾਕੇ ਵਿੱਚ ਸੋਗ ਫੈਲ ਗਿਆ ਹੈ। ਪੁਲਿਸ ਨੇ ਮਾਮਲਾ ਦਰਜ ਕਰਕੇ ਹਾਦਸੇ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਸਥਾਨਕ ਨਿਵਾਸੀ ਇਸ ਘਟਨਾ ਤੋਂ ਬਹੁਤ ਦੁਖੀ ਅਤੇ ਗੁੱਸੇ ਵਿੱਚ ਹਨ।

### ਹਰਕਤ ’ਚ ਸੁਰੱਖਿਆ ਏਜੰਸੀਆਂ

# ਪੰਜਾਬ ’ਵਰਸਿਟੀ ਤੇ ਈ. ਡੀ. ਬੰਬ ਨਾਲ ਉਡਾਉਣ ਦੀ ਧਮਕੀ






**ਚੰਡੀਗੜ੍ਹ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਵਿੱਚ ਇੱਕ ਵਾਰ ਫਿਰ ਬੰਬ ਦੀ ਧਮਕੀ ਦਾ ਕਾਲ ਆਇਆ ਹੈ। ਇਸ ਵਾਰ, ਕੰਟਰੋਲ ਰੂਮ ਨੂੰ ਸੂਚਿਤ ਕੀਤਾ ਗਿਆ ਸੀ ਕਿ ਡੀਸੀ ਦਫ਼ਤਰ ਅਤੇ ਪੰਜਾਬ ਯੂਨੀਵਰਸਿਟੀ ਵਿਦਿਆਰਥੀ ਕੇਂਦਰ ਨੂੰ ਬੰਬ ਨਾਲ ਉਡਾਇਆ ਜਾਵੇਗਾ। ਸੂਚਨਾ ਮਿਲਣ ’ਤੇ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਤੁਰੰਤ ਹਰਕਤ ਵਿੱਚ ਆ ਗਈਆਂ। ਬੰਬ ਦੀ ਧਮਕੀ ਤੋਂ ਬਾਅਦ, ਦੋਵਾਂ ਸੰਵੇਦਨਸ਼ੀਲ ਥਾਵਾਂ ’ਤੇ ਸੁਰੱਖਿਆ ਵਧਾ ਦਿੱਤੀ ਗਈ ਹੈ। ਬੰਬ ਸਕੁਐਡ, ਡੌਗ ਸਕੁਐਡ ਅਤੇ ਪੁਲਿਸ ਟੀਮਾਂ ਨੇ ਮੌਕੇ ’ਤੇ ਪਹੁੰਚ ਕੇ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਆਲੇ ਦੁਆਲੇ ਦੇ ਇਲਾਕਿਆਂ ਨੂੰ ਵੀ ਜਾਂਚ ਕੀਤੀ ਜਾ ਰਹੀ ਹੈ। ਆਲੇ-ਦੁਆਲੇ ਦੇ ਇਲਾਕਿਆਂ ਨੂੰ ਵੀ ਘੇਰਾ ਪਾ ਕੇ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਅਧਿਕਾਰੀਆਂ ਦੇ ਅਨੁਸਾਰ, ਅਜੇ ਤੱਕ ਕਿਸੇ ਵੀ ਸ਼ੱਕੀ ਵਸਤੂ ਦੀ ਖੋਜ ਦੀ ਪੁਸ਼ਟੀ ਨਹੀਂ ਹੋਈ ਹੈ, ਪਰ ਸਾਵਧਾਨੀ ਵਜੋਂ ਪੂਰੀ ਜਾਂਚ ਕੀਤੀ ਜਾ ਰਹੀ ਹੈ। ਫਿਲਹਾਲ ਡੀਸੀ ਦਫ਼ਤਰ ਅਤੇ ਪੰਜਾਬ ਯੂਨੀਵਰਸਿਟੀ ਕੈਂਪਸ ਵਿੱਚ ਆਉਣ-ਜਾਣ ਵਾਲੇ ਸੈਲਾਨੀਆਂ ਦੀ ਸਖ਼ਤ ਨਿਗਰਾਨੀ ਕੀਤੀ ਜਾ ਰਹੀ ਹੈ। ਕਾਲ ਦੇ ਸਰੋਤ ਦਾ ਪਤਾ ਲਗਾਉਣ ਲਈ ਇੱਕ ਸਾਈਬਰ ਟੀਮ ਨੂੰ ਵੀ ਸਰਗਰਮ ਕੀਤਾ ਗਿਆ ਹੈ। ਮੁੱਢਲੀ ਜਾਂਚ ਤੋਂ ਪਤਾ ਚੱਲਦਾ ਹੈ ਕਿ ਇਹ ਕਾਲ ਸ਼ਰਾਰਤੀ ਅਨਸਰਾਂ ਦੁਆਰਾ ਕੀਤੀ ਗਈ ਹੋ ਸਕਦੀ ਹੈ, ਹਾਲਾਂਕਿ ਪੁਲਿਸ ਹਰ ਪਹਿਲੂ ਤੋਂ ਮਾਮਲੇ ਦੀ ਜਾਂਚ ਕਰ ਰਹੀ ਹੈ। ਪ੍ਰਸ਼ਾਸਨ ਨੇ ਜਨਤਾ ਨੂੰ ਅਫਵਾਹਾਂ ਨੂੰ ਨਜ਼ਰਅੰਦਾਜ਼ ਕਰਨ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਤੁਰੰਤ ਪੁਲਿਸ ਨੂੰ ਰਿਪੋਰਟ ਕਰਨ ਦੀ ਅਪੀਲ ਕੀਤੀ ਹੈ।

## ਸਾਬਕਾ ਡੀਜੀਪੀ ਹਰਚਰਨ ਸਿੰਘ ਭੁੱਲਰ ਦੇ ਘਰ ਈਡੀ ਦੀ ਰੇਡ; ਘਰ ਸਮੇਤ 11 ਟਿਕਾਣਿਆਂ ’ਤੇ ਛਾਪੇਮਾਰੀ

**ਚੰਡੀਗੜ੍ਹ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਰਿਸ਼ਵਤਖੋਰੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤੇ ਗਏ ਪੰਜਾਬ ਦੇ ਸਾਬਕਾ ਡੀਆਈਜੀ ਹਰਚਰਨ ਸਿੰਘ ਭੁੱਲਰ ਦੇ 11 ਟਿਕਾਣਿਆਂ ’ਤੇ ਤਲਾਸ਼ੀ ਲੈ ਰਿਹਾ ਹੈ।



ਇਹ ਕਾਰਵਾਈ ਸੋਮਵਾਰ ਸਵੇਰੇ ਸ਼ੁਰੂ ਹੋਈ। ਮਿਲੀ ਜਾਣਕਾਰੀ ਮੁਤਾਬਿਕ ਈਡੀ ਵੱਲੋਂ ਚੰਡੀਗੜ੍ਹ, ਲੁਧਿਆਣਾ, ਪਟਿਆਲਾ, ਨਾਭਾ ਅਤੇ ਜਲੰਧਰ ਵਿੱਚ 11 ਥਾਵਾਂ ’ਤੇ ਤਲਾਸ਼ੀ ਲਈ ਜਾ ਰਹੀ ਹੈ। ਇਹ ਟਿਕਾਣੇ ਭੁੱਲਰ, ਉਸਦੇ ਸਾਥੀਆਂ ਅਤੇ ਸ਼ੱਕੀ ਬੇਨਾਮੀਦਾਰਾਂ ਨਾਲ ਜੁੜੇ ਹੋਏ ਹਨ। ਡੀਆਈਜੀ ਭੁੱਲਰ ਨੂੰ ਪਿਛਲੇ ਸਾਲ 8 ਲੱਖ ਰੁਪਏ ਦੇ ਰਿਸ਼ਵਤਖੋਰੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਉਸਦੇ ਅਹਾਤੇ ’ਤੇ ਬਾਅਦ ਵਿੱਚ ਛਾਪੇਮਾਰੀ ਤੋਂ ਬਾਅਦ 7 ਕਰੋੜ ਰੁਪਏ ਨਿਕਲੇ। ਇਸ ਤੋਂ ਇਲਾਵਾ ਪਟਿਆਲਾ ਦੇ ਮਸ਼ਹੂਰ ਪ੍ਰਾਪਰਟੀ ਡੀਲਰ ਬੀਐਚ ਪ੍ਰਾਪਰਟੀ ’ਤੇ ਵੀ ਈਡੀ ਵੱਲੋਂ ਛਾਪੇਮਾਰੀ ਕੀਤੀ ਗਈ ਹੈ। ਇਸ ਤੋਂ ਪਹਿਲਾਂਵੀ ਈਡੀ ਦੀ ਟੀਮ ਬੀਐਚ ਪ੍ਰਾਪਰਟੀ ’ਤੇ ਛਾਪੇਮਾਰੀ ਕਰ ਚੁੱਕੀ ਹੈ। ਸਾਬਕਾ ਡੀਆਈਜੀ ਹਰਚਰਨ ਸਿੰਘ ਭੁੱਲਰ ਦੇ ਮਾਮਲੇ ’ਚ ਹੀ ਛਾਪੇਮਾਰੀ ਕੀਤੀ ਜਾ ਰਹੀ ਹੈ।

## ‘ਆਪ’ ਤੇ ਅਰਵਿੰਦ ਕੇਜਰੀਵਾਲ ਨੂੰ ਵੱਡਾ ਝਟਕਾ; 7 ਸੰਸਦ ਮੈਂਬਰਾਂ ਭਾਜਪਾ ਦੇ ‘ਖਾਤੇ’ ’ਚ ਪਾਏ



**ਨਵੀਂ ਦਿੱਲੀ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਅਤੇ ਅਰਵਿੰਦ ਕੇਜਰੀਵਾਲ ਨੂੰ ਵੱਡਾ ਝਟਕਾ ਲੱਗਾ ਹੈ। ਰਾਜ ਸਭਾ ਚੇਅਰਮੈਨ ਨੇ ਰਾਘਵ ਚੱਢਾ ਅਤੇ ਸੰਦੀਪ ਪਾਠਕ ਸਮੇਤ ਆਮ ਆਦਮੀ ਪਾਰਟੀ ਦੇ ਸੱਤ ਸੰਸਦ ਮੈਂਬਰਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਦੇ ਪ੍ਰਸਤਾਵਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਰਾਜ ਸਭਾ ਨੇ ਇੱਕ ਨੋਟੀਫਿਕੇਸ਼ਨ ਜਾਰੀ ਕਰਕੇ ਇਨ੍ਹਾਂ ਸੱਤ ਆਗੂਆਂ ਦੇ ਨਾਮ ਭਾਜਪਾ ਸੰਸਦ ਮੈਂਬਰਾਂ ਦੀ ਸੂਚੀ ਵਿੱਚ ਸ਼ਾਮਲ ਕਰ ਦਿੱਤੇ ਹਨ। ਆਮ ਆਦਮੀ ਪਾਰਟੀ ਦੇ ਸੱਤ ਸੰਸਦ ਮੈਂਬਰਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਨਾਲ, ਰਾਜ ਸਭਾ ਵਿੱਚ ਭਾਜਪਾ ਸੰਸਦ ਮੈਂਬਰਾਂ ਦੀ ਗਿਣਤੀ 113 ਹੋ ਗਈ ਹੈ, ਜਿਨ੍ਹਾਂ ਵਿੱਚ ਰਾਸ਼ਟਰਪਤੀ ਦੁਆਰਾ ਨਾਮਜ਼ਦ ਪੰਜ ਮੈਂਬਰ ਸ਼ਾਮਲ ਹਨ। ਦੱਸ ਦਈਏ ਕਿ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ‘ਆਪ’ ਸੰਸਦ ਮੈਂਬਰਾਂ ਵਿੱਚ ਅਸ਼ੋਕ ਕੁਮਾਰ ਮਿੱਤਲ, ਰਾਘਵ ਚੱਢਾ, ਹਰਭਜਨ ਸਿੰਘ, ਸੰਦੀਪ ਕੁਮਾਰ ਪਾਠਕ, ਵਿਕਰਮਜੀਤ ਸਿੰਘ ਸਾਹਨੀ, ਸਵਾਤੀ ਮਾਲੀਵਾਲ ਅਤੇ ਰਾਜੇਂਦਰ ਗੁਪਤਾ ਸ਼ਾਮਲ ਹਨ।

**‘ਆਪ’ ਕੋਲ ਸਿਰਫ਼ ਤਿੰਨ ਸੰਸਦ ਮੈਂਬਰ ਬਚੇ**

ਕਾਬਿਲੇਗੌਰ ਹੈ ਕਿ ਸ਼ੁੱਕਰਵਾਰ ਨੂੰ, ਰਾਘਵ ਚੱਢਾ ਅਤੇ ਸੰਦੀਪ ਪਾਠਕ ਨੇ ਭਾਜਪਾ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਭਾਜਪਾ ਪ੍ਰਧਾਨ ਨਿਤਿਨ ਨਬੀਨ ਨੇ ਸੰਸਦ ਮੈਂਬਰਾਂ ਦਾ ਮਠਿਆਈਆਂ ਨਾਲ ਪਾਰਟੀ ਵਿੱਚ ਸਵਾਗਤ ਕੀਤਾ। ਸੱਤ ‘ਆਪ’ ਸੰਸਦ ਮੈਂਬਰਾਂ ਦੇ ਭਾਜਪਾ ਵਿੱਚ ਰਲੇਵੇਂ ਤੋਂ ਬਾਅਦ, ਪਾਰਟੀ ਕੋਲ ਹੁਣ ਸਿਰਫ਼ ਤਿੰਨ ਸੰਸਦ ਮੈਂਬਰ ਸੰਜੇ ਸਿੰਘ, ਨਾਰਾਇਣ ਦਾਸ ਗੁਪਤਾ ਅਤੇ ਸੰਤ ਬਲਬੀਰ ਸਿੰਘ ਬਚੇ ਹਨ।

**ਸੰਜੇ ਸਿੰਘ ਦਾ ਭਾਜਪਾ ਅਤੇ ਬਾਗੀ ਸੰਸਦ ਮੈਂਬਰਾਂ ’ਤੇ ਹਮਲਾ**

ਆਮ ਆਦਮੀ ਪਾਰਟੀ ਦੇ ਨੇਤਾ ਸੰਜੇ ਸਿੰਘ ਸੰਸਦ ਮੈਂਬਰਾਂ ਦੇ ਦਲ ਬਦਲੀ ’ਤੇ ਜਾਹਿਰ ਕੀਤਾ। ਉਨ੍ਹਾਂ ਨੇ ਇੱਕ ਪ੍ਰੈਸ ਕਾਨਫਰੰਸ ਦੌਰਾਨ, ਆਮ ਆਦਮੀ ਪਾਰਟੀ ਤੋਂ ਸੱਤ ਸੰਸਦ ਮੈਂਬਰਾਂ ਦੇ ਜਾਣ ਨੂੰ ਗੈਰ-ਕਾਨੂੰਨੀ ਐਲਾਨ ਦਿੱਤਾ। ਸੰਜੇ ਸਿੰਘ ਨੇ ਰਾਘਵ ਚੱਢਾ ਸਮੇਤ ਸੱਤ ਸੰਸਦ ਮੈਂਬਰਾਂ ਦੀ ਮੈਂਬਰਸ਼ਿਪ ਰੱਦ ਕਰਨ ਦੀ ਮੰਗ ਕੀਤੀ। ਉਨ੍ਹਾਂ ਦਾਅਵਾ ਕੀਤਾ ਕਿ ਭਾਜਪਾ ਨੇ ਨਿਯਮਾਂ ਦੇ ਵਿਰੁੱਧ ਕੰਮ ਕੀਤਾ। ਇਸ ਦੇ ਬਾਵਜੂਦ, ਇਨ੍ਹਾਂ ਸੰਸਦ ਮੈਂਬਰਾਂ ਨੂੰ ਭਾਜਪਾ ਵਿੱਚ ਸ਼ਾਮਲ ਹੋਣ ਦੀ ਪ੍ਰਵਾਨਗੀ ਦਿੱਤੀ ਗਈ।

## 6.1 ਤੀਬਰਤਾ ਭੂਚਾਲ ਦੇ ਜ਼ੋਰਦਾਰ ਝਟਕਿਆਂ ਨਾਲ ਕੰਬੀ ਧਰਤੀ



**ਟੋਕੀਓ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭੂਚਾਲ ਦੇ ਝਟਕਿਆਂ ਨੇ ਇੱਕ ਵਾਰ ਫਿਰ ਤੋਂ ਧਰਤੀ ਨੂੰ ਬੁਰੀ ਤਰ੍ਹਾਂ ਹਿਲਾ ਕੇ ਰੱਖ ਦਿੱਤਾ। ਦਰਅਸਲ, ਲੋਕਾਂ ਵਿਚਾਲੇ ਉਸ ਸਮੇਂ ਹਾਹਾਕਾਰ ਮੱਚ ਗਿਆ, ਜਦੋਂ ਅਚਾਨਕ ਧਰਤੀ ਕੰਬਣ ਲੱਗੀ। ਦੱਸ ਦੇਈਏ ਕਿ ਜਰਮਨ ਰਿਸਰਚ ਸੈਂਟਰ ਫਾਰ ਜੀਓਸਾਇੰਸਿਜ਼ ਨੇ ਰਿਪੋਰਟ ਦਿੱਤੀ ਹੈ ਕਿ ਸੋਮਵਾਰ ਸਵੇਰੇ ਜਾਪਾਨ ਦੇ ਹੋਕਾਈਡੋ ਵਿੱਚ 6.1 ਦੀ ਤੀਬਰਤਾ ਵਾਲਾ ਜ਼ਬਰਦਸਤ ਭੂਚਾਲ ਆਇਆ। ਇਸ ਤੋਂ ਕੁਝ ਦਿਨ ਪਹਿਲਾਂ 7.4 ਤੀਬਰਤਾ ਵਾਲਾ ਭੂਚਾਲ ਆਇਆ ਸੀ। ਇਸ ਭੂਚਾਲ ਕਾਰਨ ਲੋਕਾਂ ’ਚ ਕਾਫ਼ੀ ਦਹਿਸ਼ਤ ਫੈਲ ਗਈ। ਜੀ. ਐੱਫ. ਜ਼ੈੱਡ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਭੂਚਾਲ ਕਰੀਬ 5.30 ਵਜੇ ਆਇਆ ਅਤੇ ਇਸਦਾ ਕੇਂਦਰ ਜ਼ਮੀਨ ਤੋਂ 80 ਕਿਲੋਮੀਟਰ ਦੀ ਡੂੰਘਾਈ ’ਤੇ ਸਥਿਤ ਸੀ। ਪਿਛਲੇ ਸੋਮਵਾਰ ਵੀ ਉੱਤਰੀ ਜਾਪਾਨ ਵਿੱਚ 7.4 ਤੀਬਰਤਾ ਵਾਲਾ ਸ਼ਕਤੀਸ਼ਾਲੀ ਭੂਚਾਲ ਆਇਆ ਸੀ, ਜਿਸ ਤੋਂ ਬਾਅਦ ਤੱਟਵਰਤੀ ਖੇਤਰਾਂ ਲਈ ਸੁਨਾਮੀ ਦੀ ਚਿਤਾਵਨੀ ਜਾਰੀ ਕੀਤੀ ਗਈ ਸੀ। ਦੱਸਣਯੋਗ ਹੈ ਕਿ ਜਾਪਾਨ ਦੁਨੀਆ ਦੇ ਸਭ ਤੋਂ ਵੱਧ ਭੂਚਾਲ-ਸਰਗਰਮ ਦੇਸ਼ਾਂ ਵਿੱਚੋਂ ਇੱਕ ਹੈ, ਜਿਹੜਾ ਪ੍ਰਸ਼ਾਂਤ “ਰਿੰਗ ਆਫ਼ ਫਾਇਰ” ਦੇ ਪੱਛਮੀ ਕਿਨਾਰੇ ਦੇ ਨਾਲ ਚਾਰ ਪ੍ਰਮੁੱਖ ਟੈਕਟੋਨਿਕ ਪਲੇਟਾਂ ਦੇ ਉੱਪਰ ਸਥਿਤ ਹੈ। ਅਧਿਕਾਰੀਆਂ ਨੇ ਚਿਤਾਵਨੀ ਦਿੱਤੀ ਹੈ ਕਿ 3 ਮੀਟਰ ਦੀ ਉਚਾਈ ਤੱਕ ਪਹੁੰਚਣ ਵਾਲੀਆਂ ਖ਼ਤਰਨਾਕ ਲਹਿਰਾਂ ਇਵਾਤੇ ਪ੍ਰੀਫੈਕਚਰ ਅਤੇ ਹੋਕਾਈਡੋ ਦੇ ਕੁਝ ਹਿੱਸਿਆਂ ਨੂੰ ਪ੍ਰਭਾਵਿਤ ਕਰ ਸਕਦੀਆਂ ਹਨ, ਇਸ ਲਈ ਸਥਾਨਕ ਨਿਵਾਸੀਆਂ ਨੂੰ ਉੱਚੀਆਂ ਥਾਵਾਂ ’ਤੇ ਜਾਣ ਦੀ ਅਪੀਲ ਕੀਤੀ ਗਈ ਹੈ। ਇਸ ਟਾਪੂ ਸਮੂਹ ਵਿੱਚ ਆਮ ਤੌਰ ’ਤੇ ਹਰ ਸਾਲ ਲਗਭਗ 1,500 ਭੂਚਾਲ ਆਉਂਦੇ ਹਨ ਅਤੇ ਦੁਨੀਆ ਦੇ ਲਗਭਗ 18 ਫੀਸਦੀ ਭੂਚਾਲ ਇੱਥੇ ਹੀ ਆਉਂਦੇ ਹਨ।

## ਬਲੋਚ ਲਿਬਰੇਸ਼ਨ ਆਰਮੀ ਨੇ ਕੀਤਾ ਵੱਡਾ ਦਾਅਵਾ, 27 ਹਮਲੇ, 42 ਪਾਕਿਸਤਾਨੀ ਫੌਜੀ ਢੇਰ !



**ਕੁਇਟਾ/ਬਲੋਚਿਸਤਾਨ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਵਿੱਚ ਹਾਲਾਤ ਬੇਹੱਦ ਤਣਾਅਪੂਰਨ ਬਣੇ ਹੋਏ ਹਨ। ਬਲੋਚ ਲਿਬਰੇਸ਼ਨ ਆਰਮੀ ਨੇ ਦਾਅਵਾ ਕੀਤਾ ਹੈ ਕਿ ਉਸਨੇ 15 ਅਪ੍ਰੈਲ ਤੋਂ 25 ਅਪ੍ਰੈਲ ਦੇ ਦਰਮਿਆਨ ਪਾਕਿਸਤਾਨੀ ਸੁਰੱਖਿਆ ਬਲਾਂ ਖਿਲਾਫ 27 ਵੱਡੇ ਆਪ੍ਰੇਸ਼ਨ ਕੀਤੇ ਹਨ। ਇਹਨਾਂ 10 ਦਿਨਾਂ ਦੀਆਂ ਕਾਰਵਾਈਆਂ ਦੌਰਾਨ 42 ਪਾਕਿਸਤਾਨੀ ਫੌਜੀ ਮਾਰੇ ਗਏ ਹਨ ਅਤੇ ਕਈ ਹੋਰ ਜ਼ਖਮੀ ਹੋਏ ਹਨ। ਜਥੇਬੰਦੀ ਦੇ ਬੁਲਾਰੇ ਜੀਯੰਦ ਬਲੋਚ ਅਨੁਸਾਰ, ਇਹ ਹਮਲੇ ਬਲੋਚਿਸਤਾਨ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕੀਤੇ ਗਏ ਸਨ। BLA ਵੱਲੋਂ ਜਾਰੀ ਬਿਆਨ ਵਿੱਚ ਦਾਅਵਾ ਕੀਤਾ ਗਿਆ ਹੈ ਕਿ 42 ਪਾਕਿਸਤਾਨੀ ਫੌਜੀ ਮਾਰੇ ਗਏ ਹਨ। ਇਸ ਤੋਂ ਇਲਾਵਾ ਹਰਨਾਈ ਦੇ ਸ਼ਾਹਰਗ ਇਲਾਕੇ ਵਿੱਚ ਹੋਈ ਝੜਪ ਦੌਰਾਨ ਇੱਕ ਪਾਕਿਸਤਾਨੀ ਫੌਜੀ ਨੂੰ ਜਿਉਂਦਾ ਬੰਦੀ ਬਣਾਉਣ ਦਾ ਵੀ ਦਾਅਵਾ ਕੀਤਾ ਗਿਆ ਹੈ। ਜਥੇਬੰਦੀ ਨੇ ਕਿਹਾ ਕਿ ਉਨ੍ਹਾਂ ਨੇ ਕਈ ਫੌਜੀ ਚੌਕੀਆਂ ’ਤੇ ਕਬਜ਼ਾ ਕਰ ਲਿਆ ਅਤੇ ਵੱਡੀ ਮਾਤਰਾ ਵਿੱਚ ਹਥਿਆਰ ਵੀ ਜ਼ਬਤ ਕੀਤੇ ਹਨ। ਇਹਨਾਂ ਆਪ੍ਰੇਸ਼ਨਾਂ ਵਿੱਚ BLA ਨੇ ਆਧੁਨਿਕ ਤਕਨੀਕ ਦੀ ਵਰਤੋਂ ਕਰਦਿਆਂ ਪਾਕਿਸਤਾਨੀ ਫੌਜ ਦੇ ਕਾਫਲਿਆਂ ਅਤੇ ਚੌਕੀਆਂ ’ਤੇ ਡਰੋਨ ਹਮਲੇ, ਆਈ.ਈ.ਡੀ. (IED) ਧਮਾਕੇ ਅਤੇ ਘਾਤ ਲਗਾ ਕੇ ਹਮਲੇ ਕੀਤੇ। ਕੁਇਟਾ ਵਿੱਚ ਪੁਲਿਸ ਦੀ ’ਈਗਲ ਸਕੁਐਡ’ ਨੂੰ ਨਿਸ਼ਾਨਾ ਬਣਾਇਆ ਗਿਆ, ਜਿਸ ਵਿੱਚ ਦੋ ਮੁਲਾਜ਼ਮ ਜ਼ਖਮੀ ਹੋ ਗਏ। ਇਸ ਤੋਂ ਇਲਾਵਾ ਖਾਰਨ, ਕੋਹਲੂ ਅਤੇ ਬੇਸੀਮਾ ਵਰਗੇ ਇਲਾਕਿਆਂ ਵਿੱਚ ਵੀ ਭਾਰੀ ਝੜਪਾਂ ਹੋਈਆਂ। BLA ਨੇ ਮੰਨਿਆ ਹੈ ਕਿ ਇਹਨਾਂ ਝੜਪਾਂ ਦੌਰਾਨ ਉਨ੍ਹਾਂ ਦੇ ਆਪਣੇ ਵੀ ਚਾਰ ਲੜਾਕੂ ਮਾਰੇ ਗਏ ਹਨ। ਜਥੇਬੰਦੀ ਨੇ ਪਾਕਿਸਤਾਨੀ ਫੌਜ ’ਤੇ ਦੋਸ਼ ਲਗਾਇਆ ਹੈ ਕਿ ਹਾਰ ਤੋਂ ਬੌਖਲਾ ਕੇ ਫੌਜ ਨੇ ਨਾਗਰਿਕ ਇਲਾਕਿਆਂ ਵਿੱਚ ਕਾਰਵਾਈ ਕੀਤੀ, ਜਿਸ ਕਾਰਨ 11 ਆਮ ਲੋਕਾਂ ਦੀ ਮੌਤ ਹੋ ਗਈ। ਇਸ ਸਮੇਂ ਪੂਰੇ ਬਲੋਚਿਸਤਾਨ ਵਿੱਚ ਸੁਰੱਖਿਆ ਬਲਾਂ ਵੱਲੋਂ ਸਰਚ ਆਪ੍ਰੇਸ਼ਨ ਚਲਾਏ ਜਾ ਰਹੇ ਹਨ।

# ਭੋਗ ਤੇ ਅਰਦਾਸ ਸਮਾਗਮ



ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ, ਸੱਚਖੰਡ ਵਾਸੀ ਬਾਬਾ ਜੋਗਿੰਦਰ ਸਿੰਘ ਜੀ ਦੇ ਪੋਤਰੇ, ਅਮਰ ਸ਼ਹੀਦ ਭਾਈ ਜੰਗੀਰ ਸਿੰਘ ਦੇ ਸਪੁੱਤਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਛੋਟੇ ਭਰਾ, ਭਾਈ ਜਗਤਾਰ ਸਿੰਘ ਰੋਡੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੁਪਤਨੀ

## ਬੀਬੀ ਪਰਮਜੀਤ ਕੌਰ

**ਜੋ 19 ਅਪ੍ਰੈਲ, 2026 ਦਿਨ ਐਤਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ।**

ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਅਤੇ ਅਰਦਾਸ ਸਮਾਗਮ **ਮਿਤੀ 28 ਅਪ੍ਰੈਲ, 2026** ਦਿਨ ਮੰਗਲਵਾਰ, ਦੁਪਹਿਰ 12.00 ਤੋਂ 2.30 ਵਜੇ ਤੱਕ ਪਿੰਡ ਰੋਡੇ ਦੇ ਗੁਰਦੁਆਰਾ ਸੰਤ ਖਾਲਸਾ (ਜਨਮ ਅਸਥਾਨ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ) ਜ਼ਿਲ੍ਹਾ ਮੋਗਾ ਵਿਖੇ ਹੋਵੇਗੀ।

### ਗੁਰੂ ਦੇ ਭਾਣੇ ਵਿੱਚ

ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਭਾਈ ਜਗਤਾਰ ਸਿੰਘ ਰੋਡੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਬਾਬਾ ਪਰਿਵਾਰ। (ਮੋ: 98140-29018)








**ਆਵਾਜ਼ਿ ਕੌਮ**

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।






ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ੴ

# Sardar Gurdip Singh Narwal

05 March 1948 – 17 April 2026



## Antam Sanskar (Funeral Service)

**Friday 1st May 2026**

3.30 PM

Antam Darshan | Antam Sanskar

Great Glen Crematorium

9 London Road Leicester LE8 9DJ

ਆਵਾਜ਼ਿ ਕੌਮ
AWAZE QAUM
International Newspaper & WEB TV

5.30 PM

Sehaj Path da Bhog | Guru Ka Langar

Guru Tegh Bahadur Gurdwara

106 East Park Road

Leicester LE5 4QB

Live Webcast: www.watch.obitus.com Username: jafi621 Password: 933979

Waheguru Ji Ka Khalsa

Waheguru Ji Ki Fateh

Contact: Pardeep Singh Narwal – 07956 972 789 / 07817 928 857

# ਇੰਟਰਨੈਸ਼ਨਲ ਪੰਥਕ ਦਲ ਦੀ ਅਹਿਮ ਮੀਟਿੰਗ ਅੱਜ 28 ਅਪ੍ਰੈਲ ਦਿਨ ਮੰਗਲਵਾਰ ਨੂੰ

**ਵਾਹਿਗੁਰੂ ਜੀ ਕਾ ਖਾਲਸਾ।**
**ਵਾਹਿਗੁਰੂ ਜੀ ਕੀ ਫਤਿਹ॥**



ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰਾਂ ਨੂੰ ਅਦੇਸ਼ ਜਾਰੀ ਕੀਤਾ ਜਾਂਦਾ ਹੈ ਕਿ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਰਦਾਰ ਜਗਤਾਰ ਸਿੰਘ ਰੋਡੇ ਦੀ ਧਰਮ ਸੁਪਤਨੀ ਬੀਬੀ ਪਰਮਜੀਤ ਕੌਰ ਜੀ ਦੇ ਭੋਗ ਤੇ ਅਰਦਾਸ ਸਮਾਗਮ ਸਮੇਂ ਮਿਤੀ 28 ਅਪ੍ਰੈਲ ਦਿਨ ਮੰਗਲਵਾਰ ਨੂੰ ਗੁਰਦੁਆਰਾ ਸੰਤ ਖ਼ਾਲਸਾ ਪਿੰਡ ਰੋਡੇ ਵਿਖੇ ਸਭਨਾਂ ਨੇ ਹਾਜ਼ਰੀ ਭਰਨੀ,ਸਮਾਪਤੀ ਉਪ੍ਰੰਤ 3 ਵਜੇ , 2 ਜੂਨ ਦੇ ਸਮਾਗਮਾਂ ਸਬੰਧੀ ਮੀਟਿੰਗ ਕੀਤੀ ਜਾਵੇਗੀ ਸਭਨਾਂ ਦਾ ਪਹੰਚਣਾ ਅਤੀ ਜ਼ਰੂਰੀ ਹੈ ਜੀ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਾਕਿਸਤਾਨ ਦੇ ਫ਼ੌਜ ਮੁਖੀ ਮੁਨੀਰ ਲਈ ਨੋਬਲ ਪੁਰਸਕਾਰ ਦੀ ਮੰਗ ਨਾਲ ਸਿਮਰਨਜੀਤ ਸਿੰਘ ਮਾਨ ਬੇਨਕਾਬ

# ਆਈ.ਐਸ.ਆਈ. ਦੇ ਖਾਲਿਸਤਾਨੀ ਨੈਰੇਟਿਵ ਨੂੰ ਪ੍ਰੋਸਣ ਵਾਲਿਆਂ ਨੂੰ ਪੰਜਾਬ ਕਦੇ ਕਬੂਲ ਨਹੀਂ ਕਰੇਗਾ

## ਵਿਚਾਰ ਆਪੋ-ਆਪਣਾ





**ਸ਼੍ਰੋਮਣੀ** ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਵੱਲੋਂ ਪਾਕਿਸਤਾਨ ਦੇ ਫ਼ੌਜ ਮੁਖੀ ਜਨਰਲ ਅਸੀਮ ਮੁਨੀਰ ਲਈ 'ਨੋਬਲ ਸ਼ਾਂਤੀ ਪੁਰਸਕਾਰ' ਦੀ ਵਕਾਲਤ ਕਰਨਾ ਦੇਸ਼ ਅਤੇ ਪੰਜਾਬ ਦੇ ਉਹਨਾਂ ਬਹਾਦਰ ਫ਼ੌਜੀ ਜਵਾਨਾਂ ਦਾ ਅਪਮਾਨ ਹੈ, ਜਿਨ੍ਹਾਂ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸਰਹੱਦਾਂ ਦੀ ਰੱਖਿਆ ਲਈ ਆਪਣੀਆਂ ਜਾਨਾਂ ਨਿਛਾਵਰ ਕੀਤੀਆਂ। ਇਹ ਵਕਾਲਤ ਸਰਹੱਦਾਂ 'ਤੇ ਡਟੇ ਜਵਾਨਾਂ, ਦਹਿਸ਼ਤਗਰਦੀ ਦਾ ਸ਼ਿਕਾਰ ਹੋਏ ਹਜ਼ਾਰਾਂ ਪਰਿਵਾਰਾਂ ਅਤੇ ਪਾਕਿਸਤਾਨ ਪ੍ਰੇਰਿਤ ਅੱਤਵਾਦ ਤੇ ਨਸ਼ਿਆਂ ਨਾਲ ਲੜ ਰਹੇ ਪੰਜਾਬ ਦੇ ਲੋਕਾਂ ਦੇ ਜ਼ਖ਼ਮਾਂ 'ਤੇ ਨਮਕ ਛਿੜਕਣ ਦੇ ਬਰਾਬਰ ਹੈ। ਇਹ ਬਿਆਨ ਭਾਰਤ ਦੀ ਅਖੰਡਤਾ ਅਤੇ ਰਾਸ਼ਟਰੀ ਸੁਰੱਖਿਆ ਦਾ ਵੀ ਘੋਰ ਅਪਮਾਨ ਹੈ ਅਤੇ ਭਾਰਤ ਵਿਰੋਧੀ ਤਾਕਤਾਂ ਨੂੰ ਮਜ਼ਬੂਤ ਕਰਨ ਵਾਲਾ ਹੈ, ਜੋ ਰਾਸ਼ਟਰਵਾਦੀ ਭਾਵਨਾਵਾਂ 'ਤੇ ਗੰਭੀਰ ਚੋਟ ਮਾਰਦਾ ਹੈ।

ਸਵਾਲ ਇਹ ਹੈ ਕਿ ਜੇ ਮਾਨ ਨੂੰ ਭਾਰਤ ਨਾਲ ਇੰਨੀ ਹੀ ਨਫ਼ਰਤ ਹੈ, ਤਾਂ ਉਹ ਇੱਥੇ ਦੀ ਲੋਕਤੰਤਰਿਕ ਵਿਵਸਥਾ, ਚੋਣਾਂ ਅਤੇ ਸੰਵਿਧਾਨਕ ਅਧਿਕਾਰਾਂ ਦਾ ਲਾਭ ਕਿਉਂ ਲੈ ਰਹੇ ਹਨ? ਪਰ ਇੱਕ ਗੱਲ ਸਪਸ਼ਟ ਹੈ ਕਿ ਭਾਰਤ ਦੁਨੀਆ ਦਾ ਸਭ ਤੋਂ ਵੱਡਾ ਅਤੇ ਸਭ ਤੋਂ ਮਜ਼ਬੂਤ ਲੋਕਤੰਤਰ ਹੈ, ਕਿਉਂਕਿ ਇੱਥੇ ਸਿਮਰਨਜੀਤ ਸਿੰਘ ਮਾਨ ਵਰਗੇ ਲੋਕਾਂ ਨੂੰ ਵੀ ਆਪਣੀ ਮਰਜ਼ੀ ਨਾਲ ਬੋਲਣ, ਦੇਸ਼ ਵਿਰੋਧੀ ਵਿਚਾਰ ਰੱਖਣ ਅਤੇ ਭਾਰਤ ਦੀ ਸੰਪ੍ਰਭੁਤਾ 'ਤੇ ਸਵਾਲ ਖੜ੍ਹੇ ਕਰਨ ਦੀ ਪੂਰੀ ਆਜ਼ਾਦੀ ਹੈ। ਜੇ ਮਾਨ ਦੇ ਕਹਿਣ ਮੁਤਾਬਕ ਭਾਰਤ ਵਾਕਈ ਹੀ ਤਾਨਾਸ਼ਾਹੀ ਹੁੰਦਾ, ਤਾਂ ਦੇਸ਼ ਦੀ ਫ਼ੌਜ, ਸ਼ਹੀਦਾਂ ਅਤੇ ਰਾਸ਼ਟਰੀ ਸੁਰੱਖਿਆ ਦੇ ਵਿਰੁੱਧ ਬਿਆਨ ਦੇਣ ਵਾਲੇ ਲੋਕ ਖੁੱਲ੍ਹੇਆਮ ਰਾਜਨੀਤੀ ਨਾ ਕਰ ਰਹੇ ਹੁੰਦੇ। ਭਾਰਤ ਦਾ ਸੰਵਿਧਾਨ ਹਰ ਨਾਗਰਿਕ ਨੂੰ ਅਭਿਵਿਅਕਤੀ ਦੀ ਆਜ਼ਾਦੀ ਦਿੰਦਾ ਹੈ, ਪਰ ਇਹ ਆਜ਼ਾਦੀ ਰਾਸ਼ਟਰ ਵਿਰੋਧੀ ਤਾਕਤਾਂ ਦਾ ਨੈਰੇਟਿਵ ਅੱਗੇ ਵਧਾਉਣ ਲਈ ਤਾਂ ਬਿਲਕੁਲ ਨਹੀਂ ਹੈ।

ਸਾਬਕਾ ਆਈ.ਪੀ.ਐਸ. ਅਧਿਕਾਰੀ ਰਹੇ ਸਿਮਰਨਜੀਤ ਸਿੰਘ ਮਾਨ ਨੂੰ ਇਸ ਗੱਲ 'ਤੇ ਮਾਣ ਹੈ ਕਿ ਉਹ ਖਾੜਕੂਆਂ ਨੂੰ ਵਿਦੇਸ਼ਾਂ 'ਚ ਸਿਆਸੀ ਪਨਾਹ ਦਿਵਾਉਣ ਲਈ ਵੈਰੀਫਿਕੇਸ਼ਨ ਲੈਟਰ ਜਾਰੀ ਕਰਦੇ ਰਹੇ। ਬੇਸ਼ੱਕ ਇਸ ਕੰਮ ਲਈ ਉਸ ਨੇ ਮੋਟੀਆਂ ਰਕਮਾਂ ਵੀ ਉਨ੍ਹਾਂ ਤੋਂ ਬਟੋਰੀਆਂ, ਇਹ ਗੱਲ ਉਸ ਦੀ ਸੋਚ ਅਤੇ ਦੇਸ਼- ਕੌਮ ਪ੍ਰਤੀ ਉਸ ਦੀ ਨਿਸ਼ਠਾ 'ਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ।

ਸਭ ਨੂੰ ਪਤਾ ਹੈ ਕਿ ਮਾਨ ਦਾ ਪਰਿਵਾਰਕ ਇਤਿਹਾਸ ਵੀ ਵਿਵਾਦਾਂ ਨਾਲ ਭਰਿਆ ਪਿਆ ਹੈ। ਉਹ ਜਥੇਦਾਰ ਅਰੂੜ ਸਿੰਘ ਦੇ ਪੋਤੇ ਹਨ, ਜਿਨ੍ਹਾਂ ਬਾਰੇ ਇਤਿਹਾਸ ਵਿੱਚ ਜ਼ਿਕਰ ਮਿਲਦਾ ਹੈ ਕਿ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਰਬਰਾਹ ਹੁੰਦਿਆਂ ਜੱਲਿਆਂਵਾਲਾ ਬਾਗ ਕਤਲੇਆਮ ਦੇ ਜ਼ਿੰਮੇਵਾਰ ਜਨਰਲ ਡਾਇਰ ਨੂੰ ਸਿਰੋਪਾ ਭੇਟ ਕੀਤਾ ਸੀ। ਇਹ ਇਤਿਹਾਸਕ ਦਾਗ. ਅੱਜ ਵੀ ਲੋਕਾਂ ਦੇ ਮਨਾਂ ਵਿੱਚ ਤਾਜ਼ਾ ਹੈ।



ਅੱਜ ਜਦੋਂ ਸਿਮਰਨਜੀਤ ਸਿੰਘ ਮਾਨ ਪਾਕਿਸਤਾਨ ਦੇ ਫ਼ੌਜ ਮੁਖੀ ਅਤੇ ਆਈ.ਐਸ.ਆਈ. ਦੇ ਸਾਬਕਾ ਮੁਖੀ ਰਹੇ ਜਨਰਲ ਅਸੀਮ ਮੁਨੀਰ ਵਰਗੇ ਵਿਅਕਤੀ ਲਈ ਨੋਬਲ ਸ਼ਾਂਤੀ ਪੁਰਸਕਾਰ ਦੀ ਵਕਾਲਤ ਕਰਦੇ ਹਨ, ਤਾਂ ਇਹ ਉਸੇ ਮਾਨਸਿਕਤਾ ਦੀ ਕੜੀ ਦਿਸਦੀ ਹੈ, ਜਿਸ ਵਿੱਚ ਦੇਸ਼ ਵਿਰੋਧੀ ਤੱਤਾਂ ਲਈ ਹਮਦਰਦੀ ਅਤੇ ਰਾਸ਼ਟਰਵਾਦੀ ਤਾਕਤਾਂ ਲਈ ਨਫ਼ਰਤ ਦਿਖਾਈ ਦਿੰਦੀ ਹੈ। ਪਰ ਪੰਜਾਬ ਅਤੇ ਦੇਸ਼ ਦੀ ਜਨਤਾ ਹੁਣ ਅਜਿਹੇ ਬਿਆਨਾਂ ਅਤੇ ਅਜਿਹੀ ਰਾਜਨੀਤੀ ਨੂੰ ਚੰਗੀ ਤਰ੍ਹਾਂ ਸਮਝ ਚੁੱਕੀ ਹੈ। ਪੰਜਾਬ ਦੀ ਧਰਤੀ 'ਤੇ ਆਈ.ਐਸ.ਆਈ., ਪਾਕਿਸਤਾਨੀ ਫ਼ੌਜ ਜਾਂ ਖਾਲਿਸਤਾਨੀ ਨੈਰੇਟਿਵ ਨੂੰ ਪ੍ਰੋਸ਼ਣ ਵਾਲਿਆਂ ਲਈ ਕੋਈ ਜਗ੍ਹਾ ਨਹੀਂ। ਨਾ ਹੀ ਦੇਸ਼ ਵਿਰੋਧੀ ਬਿਆਨ ਦੇ ਕੇ ਸਸਤੀ ਸੁਰਖ਼ੀਆਂ ਲੈਣ ਵਾਲਿਆਂ ਨੂੰ ਲੋਕਤੰਤਰ ਦੇ ਨਾਮ 'ਤੇ ਦੇਸ਼ ਨੂੰ ਬਦਨਾਮ ਕਰਨ ਦਾ ਕੋਈ ਹੱਕ ਹੈ। ਭਾਰਤ ਦੀ ਏਕਤਾ, ਅਖੰਡਤਾ ਅਤੇ ਸ਼ਹੀਦਾਂ ਦੀ ਕੁਰਬਾਨੀ 'ਤੇ ਕੋਈ ਸਮਝੌਤਾ ਨਹੀਂ ਹੋ ਸਕਦਾ। ਬੇਸ਼ੱਕ, ਭਾਰਤ ਮਜ਼ਬੂਤ ਸੀ, ਮਜ਼ਬੂਤ ਹੈ ਅਤੇ ਮਜ਼ਬੂਤ ਰਹੇਗਾ। ਜਿਹੜੇ ਲੋਕ ਭਾਰਤ ਵਿਰੋਧੀ ਤਾਕਤਾਂ ਦੀ ਬੋਲੀ ਬੋਲਦੇ ਹਨ, ਉਹ ਇਤਿਹਾਸ ਦੇ ਕੂੜੇਦਾਨ ਵਿੱਚ ਸੁੱਟੇ ਜਾਣਗੇ।

ਨੋਬਲ ਸ਼ਾਂਤੀ ਪੁਰਸਕਾਰ ਮਨੁੱਖਤਾ, ਅਮਨ ਅਤੇ ਵਿਸ਼ਵ ਭਲਾਈ ਲਈ ਹੁੰਦਾ ਹੈ—ਨਾ ਕਿ ਉਹਨਾਂ ਲਈ ਜਿਨ੍ਹਾਂ ਦੇ ਹੱਥ ਬੇਗੁਨਾਹਾਂ ਦੇ ਖ਼ੂਨ, ਦਹਿਸ਼ਤਗਰਦੀ, ਨਸ਼ਿਆਂ ਅਤੇ ਅਸਥਿਰਤਾ ਨਾਲ ਰੰਗੇ ਹੋਣ। ਕੌਣ ਨਹੀਂ ਜਾਣਦਾ ਕਿ ਪਾਕਿਸਤਾਨੀ ਫ਼ੌਜ ਅਤੇ ਆਈ.ਐਸ.ਆਈ. ਲੰਮੇ ਸਮੇਂ ਤੋਂ ਭਾਰਤ ਵਿੱਚ ਘੁਸਪੈਠ, ਦਹਿਸ਼ਤਗਰਦੀ, ਨਸ਼ਾ ਤਸਕਰੀ, ਹਥਿਆਰਾਂ ਦੀ ਸਪਲਾਈ ਅਤੇ ਡਰੋਨਾਂ ਰਾਹੀਂ ਹਥਿਆਰ ਤੇ ਗ੍ਰਨੇਡ ਭੇਜ ਕੇ ਪੰਜਾਬ ਅਤੇ ਕਸ਼ਮੀਰ ਵਿੱਚ ਅਸ਼ਾਂਤੀ ਫੈਲਾਉਣ ਲਈ ਜ਼ਿੰਮੇਵਾਰ ਰਹੇ ਹਨ।

ਅੱਜ ਵੀ ਆਈ.ਐਸ.ਆਈ. ਅਤੇ ਪਾਕਿਸਤਾਨੀ ਫ਼ੌਜ ਪੰਜਾਬ ਵਿੱਚ ਗੈਂਗਸਟਰ ਮਾਡਿਊਲ, ਖਾਲਿਸਤਾਨੀ ਨੈੱਟਵਰਕ, ਡਰੋਨ, ਹਥਿਆਰ ਅਤੇ ਸੋਸ਼ਲ ਮੀਡੀਆ ਪ੍ਰਚਾਰ ਰਾਹੀਂ "ਲੋ-ਕਾਸਟ ਵਾਰ" ਅਤੇ "ਪ੍ਰਾਕਸੀ ਵਾਰ" ਲੜ ਰਹੇ ਹਨ। ਪੰਜਾਬ ਸਰਹੱਦ 'ਤੇ ਡਰੋਨਾਂ ਰਾਹੀਂ ਮਾਰੂ ਹਥਿਆਰ ਅਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਵਿੱਚ ਵਾਧਾ ਕੀਤਾ ਜਾ ਰਿਹਾ ਹੈ। ਬੀ.ਐਸ.ਐਫ. ਅਤੇ ਪੰਜਾਬ ਪੁਲਿਸ ਵੱਲੋਂ ਕਈ ਵਾਰ ਪਾਕਿਸਤਾਨੀ ਡਰੋਨ ਮਾਰ ਗਿਰਾਏ ਗਏ ਹਨ।

ਇਹ ਸਿਰਫ਼ ਤਸਕਰੀ ਨਹੀਂ, ਸਗੋਂ ਪੰਜਾਬ ਦੀ ਜਵਾਨੀ ਨੂੰ ਬਰਬਾਦ ਕਰਨ ਅਤੇ ਅਮਨ ਭੰਗ ਕਰਨ ਦੀ ਸੋਚੀ-ਸਮਝੀ ਸਾਜ਼ਿਸ਼ ਹੈ। ਇਹ ਸਿਰਫ਼ ਭਾਰਤ ਦੀ ਸੁਰੱਖਿਆ ਨੂੰ ਚੁਨੌਤੀ ਹੀ ਨਹੀਂ, ਸਗੋਂ ਪੰਜਾਬ ਦੀ ਸਮਾਜਕ ਸਾਂਝ ਅਤੇ ਨੌਜਵਾਨੀ ਲਈ ਵੀ ਵੱਡਾ ਖ਼ਤਰਾ ਹੈ। ਕੀ ਮਾਨ ਨੂੰ ਇਹ ਨਹੀਂ ਪਤਾ? ਅਜਿਹੇ ਤੱਤਾਂ ਦੇ ਮੁਖੀ ਨੂੰ "ਸ਼ਾਂਤੀ ਪੁਰਸਕਾਰ" ਦੇਣ ਦੀ ਵਕਾਲਤ ਕਰਨਾ ਰਾਸ਼ਟਰ ਵਿਰੋਧੀ ਅਤੇ ਮਨੁੱਖਤਾ ਵਿਰੋਧੀ ਸੋਚ ਦਾ ਸਪਸ਼ਟ ਸਬੂਤ ਨਹੀਂ?

ਗਲ ਇੱਥੇ ਹੀ ਨਹੀਂ ਮੁੱਕਦੀ, ਜਨਰਲ ਮੁਨੀਰ ਦੇ ਹੱਥ ਆਪਣੇ ਹੀ ਮੁਲਕ ਦੇ ਸੂਬੇ ਬਲੋਚਿਸਤਾਨ ਵਿੱਚ ਹੱਕ ਮੰਗਦੇ ਬਲੋਚਾਂ ਦੇ ਖ਼ੂਨ ਨਾਲ ਵੀ ਰੰਗੇ ਹੋਏ ਹਨ। ਜਿੱਥੇ ਮੁਨੀਰ ਦੇ ਸਮੇਂ ਦੌਰਾਨ ਮਨੁੱਖੀ ਅਧਿਕਾਰਾਂ ਦੀ ਖੁੱਲ੍ਹੀ ਉਲੰਘਣਾ, ਜਬਰ, ਗੁੰਮਸ਼ੁਦਗੀਆਂ ਅਤੇ ਫ਼ੌਜੀ ਜ਼ੁਲਮ ਵਧੇ ਹਨ। ਹੱਕ ਮੰਗਣ ਲਈ ਉਤਰੇ ਬਲੋਚਾਂ ਨੂੰ ਦਬਾਉਣ ਲਈ ਫ਼ੌਜ ਵੱਲੋਂ ਟੈਂਕਾਂ ਅਤੇ ਤੋਪਾਂ ਰਾਹੀਂ ਹੀ ਬੰਬਾਰੀ ਨਹੀਂ ਕੀਤੀ ਜਾ ਰਹੀ, ਸਗੋਂ ਹਵਾਈ ਹਮਲੇ ਕਰਕੇ ਲੱਖਾਂ ਲੋਕਾਂ ਨੂੰ ਖੱਪਾ ਦਿੱਤਾ ਜਾਣਾ ਇਹ ਸਾਬਤ ਕਰਦਾ ਹੈ ਕਿ ਪਾਕਿਸਤਾਨ ਦੀ ਫ਼ੌਜ "ਜੰਗ" ਨਹੀਂ, ਸਗੋਂ "ਦਹਿਸ਼ਤਗਰਦੀ" ਨੂੰ ਆਪਣੀ ਰਣਨੀਤੀ ਵਜੋਂ ਵਰਤਦੀ ਹੈ। ਜਿਹੜਾ ਆਪਣੇ ਹੀ ਲੋਕਾਂ ਨਾਲ ਅਮਨ ਤੇ ਨਿਆਂ ਨਹੀਂ ਕਰ ਸਕਦਾ, ਉਹ ਸ਼ਾਂਤੀ ਪੁਰਸਕਾਰ ਦਾ ਹੱਕਦਾਰ ਕਿਵੇਂ ਹੋ ਸਕਦਾ ਹੈ?

ਪਾਕਿਸਤਾਨ ਵਿੱਚ ਧਾਰਮਿਕ ਘੱਟ ਗਿਣਤੀਆਂ ਨਾਲ ਜੋ ਦੁਰਵਿਵਹਾਰ ਹੋ ਰਿਹਾ ਹੈ, ਉਸ ਬਾਰੇ ਕੌਣ ਨਹੀਂ ਜਾਣਦਾ? ਜਿਨ੍ਹਾਂ ਦੀ ਪਹਿਲਾਂ ਆਬਾਦੀ 16% ਸੀ, ਅੱਜ ਘਟ ਕੇ 4% ਰਹਿ ਗਈ ਹੈ। ਹਿੰਦੂ, ਸਿੱਖ ਅਤੇ ਇਸਾਈਆਂ ਦੀਆਂ ਬਹੂ-ਬੇਟੀਆਂ ਨੂੰ ਅਗਵਾ ਕਰਕੇ ਧਰਮ ਪਰਿਵਰਤਨ ਕਰਵਾਉਣਾ ਅਤੇ ਜਬਰੀ ਨਿਕਾਹ ਦੀਆਂ ਘਟਨਾਵਾਂ ਬਾਰੇ ਕੀ ਸ. ਮਾਨ ਨੂੰ ਨਹੀਂ ਪਤਾ? ਗੱਲ ਇੱਥੇ ਹੀ ਨਹੀਂ ਰੁਕਦੀ; ਉੱਥੇ ਤਾਂ ਅਹਿਮਦੀਆ ਅਤੇ ਸ਼ੀਆ ਫ਼ਿਰਕਾ ਵੀ ਬਹੁਗਿਣਤੀ ਸੁੰਨੀ ਫ਼ਿਰਕੇ ਦੀ ਮਾਰ ਤੋਂ ਨਹੀਂ ਬਚ ਸਕਿਆ।

ਪਾਕਿਸਤਾਨੀ ਫ਼ੌਜ ਦਾ ਇਤਿਹਾਸ 1947, 1965, 1971 ਅਤੇ ਕਾਰਗਿਲ ਵਰਗੀਆਂ ਜੰਗਾਂ ਤੋਂ ਲੈ ਕੇ ਕਸ਼ਮੀਰ ਅਤੇ ਪੰਜਾਬ ਵਿੱਚ ਪ੍ਰਾਕਸੀ ਵਾਰ ਤੱਕ ਭਰਿਆ ਪਿਆ ਹੈ। ਪਰ ਸਿਮਰਨਜੀਤ ਸਿੰਘ ਮਾਨ ਤੋਂ ਇਹ ਭੁੱਲਣ ਦੀ ਉਮੀਦ ਤਾਂ ਬਿਲਕੁਲ ਨਹੀਂ ਕੀਤੀ ਜਾ ਸਕਦੀ ਕਿ ਭਾਰਤ ਤੋਂ 1971 ਦੀ ਜੰਗ ਦੀ ਸ਼ਰਮਨਾਕ ਹਾਰ ਤੋਂ ਬਾਅਦ ਬਦਲਾ ਲੈਣ ਲਈ ਤਤਕਾਲੀ ਫ਼ੌਜ ਮੁਖੀ ਜਨਰਲ ਜ਼ਿਆ-ਉਲ-ਹੱਕ ਦੀ ਅਗਵਾਈ ਵਿੱਚ ਪਾਕਿਸਤਾਨੀ ਫ਼ੌਜ ਵੱਲੋਂ ਭਾਰਤ ਵਿਰੁੱਧ "ਹਜ਼ਾਰਾਂ ਕੱਟਾਂ ਨਾਲ ਭਾਰਤ ਦਾ ਖ਼ੂਨ ਵਹਾਉਣ" — "Bleed India through a thousand cuts" — ਦੀ ਜੋ ਨੀਤੀ ਅਪਣਾਈ ਗਈ ਸੀ, ਅੱਜ ਵੀ ਪਾਕਿਸਤਾਨ ਉਸੇ ਨੀਤੀ 'ਤੇ ਕਾਇਮ ਹੈ।

ਅੱਜ ਜਨਰਲ ਅਸੀਮ ਮੁਨੀਰ, ਜੋ ਪਹਿਲਾਂ ਆਈ.ਐਸ.ਆਈ. ਦੇ ਮੁਖੀ ਰਹੇ ਅਤੇ ਹੁਣ ਪਾਕਿਸਤਾਨ ਦੇ ਆਰਮੀ ਚੀਫ਼ ਹਨ, ਉਸੇ "ਬਲੀਡ ਇੰਡੀਆ" ਸੋਚ ਦਾ ਨਵਾਂ ਚਿਹਰਾ ਹਨ। ਉਨ੍ਹਾਂ ਦੇ ਕਾਰਜਕਾਲ ਦੌਰਾਨ ਭਾਰਤ ਵਿਰੁੱਧ ਹਾਈਬ੍ਰਿਡ ਵਾਰਫੇਅਰ ਹੋਰ ਤੇਜ਼ ਹੋਈ ਹੈ। ਕਸ਼ਮੀਰ ਵਿੱਚ ਪਹਿਲਗਾਮ ਸਮੇਤ ਹੋਰ ਹਿੱਸਿਆਂ ਵਿੱਚ ਟਾਰਗੈਟ ਕਿਲਿੰਗ, ਘੁਸਪੈਠ ਅਤੇ LOC 'ਤੇ ਫਾਇਰਿੰਗ ਇਹ ਸਾਬਤ ਕਰਦੀ ਹੈ ਕਿ ਪਾਕਿਸਤਾਨ ਰਵਾਇਤੀ ਜੰਗ ਨਹੀਂ, ਸਗੋਂ ਦਹਿਸ਼ਤਗਰਦੀ ਨੂੰ ਆਪਣੀ ਰਣਨੀਤੀ ਵਜੋਂ ਵਰਤਦਾ ਹੈ।

ਕੀ ਮਾਨ ਦੀ ਯਾਦਦਾਸ਼ਤ ਇੰਨੀ ਕਮਜ਼ੋਰ ਹੋ ਗਈ ਹੈ ਕਿ ਉਸ ਨੂੰ ਪਾਕਿਸਤਾਨ ਸਮਰਥਿਤ ਆਤੰਕੀਆਂ ਵੱਲੋਂ ਅਪ੍ਰੈਲ 2025 ਨੂੰ ਪਹਿਲਗਾਮ ਵਿੱਚ ਨਿਰਦੋਸ਼ ਸੈਲਾਨੀਆਂ ਦੇ ਕੀਤੇ ਗਏ ਕਤਲੇਆਮ ਵੀ ਯਾਦ ਨਹੀਂ ਰਿਹਾ? ਜਿਸ ਦੇ ਜਵਾਬ ਵਿੱਚ ਓਪਰੇਸ਼ਨ ਸਿੰਦੂਰ ਵਰਗੀਆਂ ਕਾਰਵਾਈਆਂ ਨੇ ਦੁਨੀਆ ਨੂੰ ਸੰਦੇਸ਼ ਦਿੱਤਾ ਹੈ ਕਿ ਨਵਾਂ ਭਾਰਤ ਹੁਣ ਸਿਰਫ਼ ਨਿੰਦਾ ਨਹੀਂ ਕਰਦਾ, ਸਗੋਂ ਅੱਤਵਾਦ ਅਤੇ ਉਸ ਦੇ ਪਾਲਣਹਾਰਾਂ-ਆਕਾਵਾਂ ਨੂੰ ਕਰਾਰਾ ਜਵਾਬ ਵੀ ਦਿੰਦਾ ਹੈ। ਇਸ ਤੋਂ ਪਹਿਲਾਂ ਉਰੀ ਹਮਲੇ ਤੋਂ ਬਾਅਦ ਸਰਜੀਕਲ ਸਟ੍ਰਾਈਕ ਅਤੇ ਪੁਲਵਾਮਾ ਹਮਲੇ ਤੋਂ ਬਾਅਦ ਬਾਲਾਕੋਟ ਏਅਰ ਸਟ੍ਰਾਈਕ ਵੀ ਕੀ ਮਾਨ ਨੂੰ ਯਾਦ ਨਹੀਂ ਹਨ?

ਸਿਮਰਨਜੀਤ ਸਿੰਘ ਮਾਨ ਦੀ ਸਾਰੀ ਸਿਆਸਤ ਸਿਰਫ਼ ਉਕਸਾਵੇ, ਵਿਵਾਦ ਅਤੇ ਨੌਜਵਾਨਾਂ ਨੂੰ ਭਟਕਾਉਣ 'ਤੇ ਟਿਕੀ ਰਹੀ ਹੈ। ਅੱਜ ਤੱਕ ਮਾਨ ਨੇ ਸਿੱਖ ਕੌਮ ਜਾਂ ਪੰਜਾਬ ਲਈ ਕੋਈ ਢੰਗ ਦੀ ਪ੍ਰਾਪਤੀ ਨਹੀਂ ਕੀਤੀ। ਉਹ ਸਿਰਫ਼ ਵਿਦੇਸ਼ੀ ਧਰਤੀ 'ਤੇ ਬੈਠੇ ਰੈਡੀਕਲ ਤੱਤਾਂ ਦੇ ਇਸ਼ਾਰਿਆਂ 'ਤੇ ਬਿਆਨਬਾਜ਼ੀ ਕਰਕੇ ਆਪਣੀ ਸਿਆਸੀ ਰੋਟੀ ਸੇਕਦੇ ਰਹੇ ਹਨ। ਮਾਨ 'ਤੇ ਪਹਿਲਾਂ ਵੀ ਕਥਿਤ ਵਿਦੇਸ਼ੀ ਏਜੰਸੀਆਂ ਨਾਲ ਮਿਲ ਕੇ ਕੰਮ ਕਰਨ ਅਤੇ ਵਿਦੇਸ਼ੀ ਫੰਡਾਂ ਦੇ ਆਸਰੇ ਸਿਆਸਤ ਕਰਨ ਦੇ ਦੋਸ਼ ਲੱਗਦੇ ਰਹੇ ਹਨ। ਵਿਦੇਸ਼ਾਂ ਵਿੱਚ ਬੈਠੇ ਕੁਝ ਰੈਡੀਕਲ ਤੱਤਾਂ ਤੋਂ ਫੰਡ ਲੈ ਕੇ ਆਪਣੀਆਂ ਨਿੱਜੀ ਅਤੇ ਸਿਆਸੀ ਲੋੜਾਂ ਪੂਰੀਆਂ ਕਰਨ ਵਾਲੇ ਲੋਕ ਪੰਜਾਬ ਦਾ ਭਲਾ ਕੀ ਕਰ ਸਕਦੇ ਹਨ?

ਪੰਜਾਬ ਦੇ ਲੋਕ ਹੁਣ ਅਜਿਹੀ ਜ਼ਿਹਰੀਲੀ ਅਤੇ ਵੰਡ ਪੈਦਾ ਕਰਨ ਵਾਲੀ ਸਿਆਸਤ ਨੂੰ ਚੰਗੀ ਤਰ੍ਹਾਂ ਸਮਝ ਚੁੱਕੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਅਜਿਹੇ ਤੱਤਾਂ ਨੂੰ ਮੂੰਹ-ਤੋੜ ਜਵਾਬ ਦੇਣਗੇ। ਪੰਜਾਬ ਨੂੰ ਅੱਜ ਵਿਕਾਸ, ਨੌਜਵਾਨਾਂ ਲਈ ਰੋਜ਼ਗਾਰ, ਨਸ਼ੇ ਅਤੇ ਗੈਂਗਸਟਰਵਾਦ ਤੋਂ ਮੁਕਤੀ ਦੀ ਲੋੜ ਹੈ, ਨਾ ਕਿ ਮਾਨ ਵਰਗੇ ਲੋਕਾਂ ਦੇ ਭੜਕਾਊ ਬਿਆਨਾਂ ਦੀ। ਮਾਨ ਦੇ ਬਿਆਨ ਉਸ ਦੀ ਸੋਚ, ਇਤਿਹਾਸ ਅਤੇ ਰਾਸ਼ਟਰ ਵਿਰੋਧੀ ਰੁਝਾਨ ਨੂੰ ਬੇਨਕਾਬ ਕਰਦੇ ਹਨ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁਰੂ ਤੋਂ ਹੀ ਸਪਸ਼ਟ ਕੀਤਾ ਹੈ ਕਿ ਭਾਰਤ ਅੱਤਵਾਦ ਨੂੰ ਕਦੇ ਬਰਦਾਸ਼ਤ ਨਹੀਂ ਕਰੇਗਾ। ਮੋਦੀ ਸਰਕਾਰ ਦੀ ਨੀਤੀ ਰਹੀ ਹੈ ਕਿ "ਦਹਿਸ਼ਤਗਰਦੀ ਅਤੇ ਉਸ ਦੇ ਪੋਸ਼ਕਾਂ ਨੂੰ ਉਹਨਾਂ ਦੀ ਹੀ ਭਾਸ਼ਾ ਵਿੱਚ ਜਵਾਬ ਦਿੱਤਾ ਜਾਵੇਗਾ।" ਮੋਦੀ ਸਰਕਾਰ ਦਾ ਰਵੱਈਆ ਸਪਸ਼ਟ ਹੈ ਕਿ ਜਦ ਤੱਕ ਪਾਕਿਸਤਾਨ ਆਪਣੀ ਧਰਤੀ ਤੋਂ ਚੱਲ ਰਹੀ ਦਹਿਸ਼ਤਗਰਦੀ ਦੀ ਫੈਕਟਰੀ ਬੰਦ ਨਹੀਂ ਕਰਦਾ, ਤਦ ਤੱਕ ਉਸ ਨੂੰ ਵਿਸ਼ਵ ਮੰਚਾਂ 'ਤੇ ਬੇਨਕਾਬ ਕੀਤਾ ਜਾਂਦਾ ਰਹੇਗਾ।

ਜੇ ਪਾਕਿਸਤਾਨ ਅਤੇ ਉਸ ਦੇ ਫ਼ੌਜੀ ਆਕਾ ਜਨਰਲ ਅਸੀਮ ਮੁਨੀਰ ਭਾਰਤ ਦੀ ਅਖੰਡਤਾ ਨਾਲ ਖੇਡਣ ਦੀ ਕੋਸ਼ਿਸ਼ ਕਰਨਗੇ, ਤਾਂ ਨਵਾਂ ਭਾਰਤ ਘਰ ਵਿੱਚ ਘੁੱਸ ਕੇ ਵੀ ਜਵਾਬ ਦੇਣ ਦੀ ਸਮਰੱਥਾ ਅਤੇ ਇਰਾਦਾ ਰੱਖਦਾ ਹੈ। ਸਿਮਰਨਜੀਤ ਸਿੰਘ ਮਾਨ ਵੱਲੋਂ ਅਸੀਮ ਮੁਨੀਰ ਜਿਹੇ ਵਿਅਕਤੀ ਦੀ ਹਿਮਾਇਤ ਕਰਨਾ ਪੰਜਾਬ, ਭਾਰਤ ਅਤੇ ਸ਼ਹੀਦਾਂ ਦੀ ਕੁਰਬਾਨੀ ਨਾਲ ਵਿਸ਼ਵਾਸਘਾਤ ਹੈ।

**-ਪ੍ਰੋ. ਸਰਚਾਂਦ ਸਿੰਘ ਖਿਆਲਾ**
**ਬੁਲਾਰਾ, ਭਾਰਤੀ ਜਨਤਾ ਪਾਰਟੀ, ਪੰਜਾਬ**
**ਮੋ. : 9781355522**

# ਬਠਿੰਡਾ ਵਿੱਚ ਸਜਿਆ ਕਥਕ ਤੇ ਭਾਰਤੀ ਸ਼ਾਸਤਰੀ ਨਾਚ ਦਾ ਰੰਗਮੰਚ, 'ਨ੍ਰਿਤ ਅਰਪਣ' ਦਾ ਸ਼ਾਨਦਾਰ ਸਮਾਗਮ







ਬਠਿੰਡਾ, 27 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਬਠਿੰਡਾ ਦੇ ਬਲਵੰਤ ਗਾਰਗੀ ਆਡੀਟੋਰੀਅਮ ਵਿੱਚ ਐਤਵਾਰ ਸ਼ਾਮ ਕਲਾ, ਸਭਿਆਚਾਰ ਅਤੇ ਆਧਿਆਤਮਿਕ ਭਾਵਨਾਵਾਂ ਨਾਲ ਭਰਪੂਰ 'ਨ੍ਰਿਤ ਅਰਪਣ-ਏ ਕਥਕ ਆਫਰਿੰਗ ਟੂ ਦ ਡਿਵਾਈਨ' ਨਾਮਕ ਸ਼ਾਨਦਾਰ ਸੱਭਿਆਚਾਰਕ ਸਮਾਗਮ ਕਰਵਾਇਆ ਗਿਆ। ਪ੍ਰੇਰਣਾ ਕਥਕ ਨ੍ਰਿਤਿਆਲਯ ਵੱਲੋਂ ਕਰਵਾਏ ਇਸ ਪ੍ਰੋਗਰਾਮ ਨੇ ਭਾਰਤੀ ਸ਼ਾਸਤਰੀ ਨਾਚ ਦੀ ਸੁੰਦਰਤਾ ਅਤੇ ਅਦਾਕਾਰੀ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ। ਸਮਾਗਮ ਦੀ ਸ਼ੁਰੂਆਤ ਮੰਗਲਾਚਰਨ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੇ ਕਥਕ ਦੀਆਂ ਵੱਖ-ਵੱਖ ਪੇਸ਼ਕਾਰੀਆਂ ਰਾਹੀਂ ਗੁਰੂ-ਸ਼ਿਸ਼ ਪਰੰਪਰਾ, ਭਾਰਤੀ ਸਭਿਆਚਾਰ ਅਤੇ ਸ਼ਾਸਤਰੀ ਨਾਚ ਦੀ ਮਹਿਮਾ ਨੂੰ ਮੰਚ 'ਤੇ ਜੀਵੰਤ ਕਰ ਦਿੱਤਾ। ਹਰ ਪੇਸ਼ਕਾਰੀ ਵਿੱਚ ਭਾਵਨਾ, ਤਾਲ ਅਤੇ ਲਯ ਦਾ ਸੁੰਦਰ ਮੇਲ ਦੇਖਣ ਨੂੰ ਮਿਲਿਆ, ਜਿਸ ਦੀ ਦਰਸ਼ਕਾਂ ਨੇ ਖ਼ੂਬ ਪ੍ਰਸ਼ੰਸਾ ਕੀਤੀ। ਇਸ ਮੌਕੇ ਅਸਾਮ ਤੋਂ ਪਹੁੰਚੇ ਪ੍ਰਸਿੱਧ ਕਲਾਕਾਰ ਕੌਸ਼ਿਕ ਦੱਤਾ (ਕਥਕ) ਅਤੇ ਲਖਿਆਜੀਤ ਬਰੂਆ (ਕਥਕ ਅਤੇ ਸੱਤਰੀਆ) ਦੀਆਂ ਪੇਸ਼ਕਾਰੀਆਂ ਖਾਸ ਆਕਰਸ਼ਣ ਰਹੀਆਂ। ਦੋਹਾਂ ਕਲਾਕਾਰਾਂ ਨੇ ਆਪਣੀ ਮਨਮੋਹਕ ਪੇਸ਼ਕਾਰੀ ਨਾਲ ਦਰਸ਼ਕਾਂ ਨੂੰ ਭਾਰਤੀ ਸ਼ਾਸਤਰੀ ਨਾਚ ਦੀ ਅਨਮੋਲ ਵਿਰਾਸਤ ਨਾਲ ਜਾਣੂ ਕਰਵਾਇਆ। ਪ੍ਰੇਰਣਾ ਵਾਲਿਵਡੇਕਰ ਦੇ ਵਿਦਿਆਰਥੀਆਂ ਵੱਲੋਂ ਸਮੂਹ ਅਤੇ ਇਕਲ ਨਾਚ ਪੇਸ਼ਕਾਰੀਆਂ ਨੇ ਸਭ ਨੂੰ ਭਾਵੁਕ ਕਰ ਦਿੱਤਾ। ਇਨ੍ਹਾਂ ਪੇਸ਼ਕਾਰੀਆਂ ਰਾਹੀਂ ਭਗਤੀ, ਸੁੰਦਰਤਾ ਅਤੇ ਸਾਡੀਆਂ ਸੱਭਿਆਚਾਰਕ ਕਦਰਾਂ ਨੂੰ ਸੋਹਣੇ ਢੰਗ ਨਾਲ ਦਰਸਾਇਆ ਗਿਆ। ਇਸ ਮੌਕੇ ਕਥਕ ਗੁਰੂ ਪ੍ਰੇਰਣਾ ਵਾਲਿਵਡੇਕਰ ਨੇ ਕਿਹਾ, "ਨ੍ਰਿਤ ਅਰਪਣ ਮੇਰੇ ਲਈ ਸਿਰਫ਼ ਇਕ ਮੰਚੀ ਪੇਸ਼ਕਾਰੀ ਨਹੀਂ, ਸਗੋਂ ਨਾਚ ਰਾਹੀਂ ਰੱਬ ਨੂੰ ਸਮਰਪਿਤ ਇਕ ਰੂਹਾਨੀ ਯਾਤਰਾ ਹੈ। ਸਾਡਾ ਯਤਨ ਹੈ ਕਿ ਨਵੀਂ ਪੀੜ੍ਹੀ ਆਪਣੀਆਂ ਜੜ੍ਹਾਂ ਨਾਲ ਜੁੜੇ ਅਤੇ ਕਥਕ ਵਰਗੀ ਮਹਾਨ ਕਲਾ ਨੂੰ ਅੱਗੇ ਵਧਾਏ। ਬਠਿੰਡਾ ਵਿੱਚ ਸ਼ਾਸਤਰੀ ਕਲਾ ਲਈ ਇੰਨਾ ਪਿਆਰ ਦੇਖ ਕੇ ਬਹੁਤ ਖ਼ੁਸ਼ੀ ਹੁੰਦੀ ਹੈ।" ਉਨ੍ਹਾਂ ਕਿਹਾ ਕਿ ਇਹ ਸਮਾਗਮ ਕਲਾ ਸਾਧਨਾ, ਅਨੁਸ਼ਾਸਨ ਅਤੇ ਗੁਰੂ-ਸ਼ਿਸ਼ ਪਰੰਪਰਾ ਨੂੰ ਸਮਰਪਿਤ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਸਮਾਗਮ ਜਾਰੀ ਰਹਿਣਗੇ। 'ਨ੍ਰਿਤ ਅਰਪਣ' ਸਿਰਫ਼ ਇਕ ਸੱਭਿਆਚਾਰਕ ਪ੍ਰੋਗਰਾਮ ਨਹੀਂ, ਸਗੋਂ ਰੂਹਾਨੀ ਅਨੁਭਵ ਵਜੋਂ ਸਾਹਮਣੇ ਆਇਆ। ਪੂਰੇ ਪ੍ਰੋਗਰਾਮ ਦੌਰਾਨ ਤਾਲ, ਲਯ ਅਤੇ ਭਾਵਨਾ ਦਾ ਸੁੰਦਰ ਮੇਲ ਦੇਖਣ ਨੂੰ ਮਿਲਿਆ, ਜਿਸ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਸਮਾਗਮ ਵਿੱਚ ਸ਼ਹਿਰ ਦੇ ਗਣਮਾਨਯ ਵਿਅਕਤੀ, ਕਲਾ ਪ੍ਰੇਮੀ, ਮਾਪੇ ਅਤੇ ਵੱਡੀ ਗਿਣਤੀ ਵਿੱਚ ਦਰਸ਼ਕ ਹਾਜ਼ਰ ਰਹੇ। ਹਾਜ਼ਰ ਲੋਕਾਂ ਨੇ ਇਸ ਸ਼ਾਨਦਾਰ ਸਮਾਗਮ ਦੀ ਭਰਪੂਰ ਸਰਾਹਨਾ ਕਰਦਿਆਂ ਇਸਨੂੰ ਬਠਿੰਡਾ ਦੀ ਸੱਭਿਆਚਾਰਕ ਪਛਾਣ ਨੂੰ ਮਜ਼ਬੂਤ ਕਰਨ ਵਾਲਾ ਉਪਰਾਲਾ ਦੱਸਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅਸਥਾਨ ਸੰਤ ਮੇਹਰ ਸਿੰਘ ਜੀ ਕਲਾਨੌਰ ਰੋਹਤਕ ਵਿਖੇ

# ਸੰਤ ਸਮਾਜ ਦੇ ਥੰਮ ਸੰਤ ਈਸ਼ਵਰ ਸ਼ਾਹ ਜੀ ਨਾਲ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਵੱਲੋਂ ਮੁਲਾਕਾਤ

**ਕਲਾਨੌਰ ਦੇ ਧਾਰਮਿਕ ਅਸਥਾਨਾਂ ਅਤੇ ਸੰਤ ਸਮਾਜ ਸਾਧੂ ਮਹਾਂਪੁਰਸ਼ਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਸੰਤ ਈਸ਼ਵਰ ਸ਼ਾਹ ਜੀ ਨੇ ਗੁਰੂ ਕੇ ਸਿੰਘਾਂ ਨੂੰ ਲੰਗਰ ਪ੍ਰਸ਼ਾਦਾ ਛਕਾਇਆ ਅਤਿਅੰਤ ਸੇਵਾ ਸਨਮਾਨ ਕੀਤਾ**




ਆਵਾਜ਼ਿ ਕੌਮ AWAZE QAUM International Newspaper & WEB TV




ਅਸਥਾਨ ਸੰਤ ਮੇਹਰ ਸਿੰਘ ਜੀ ਕਲਾਨੌਰ ਰੋਹਤਕ ਵਿਖੇ ਸੰਤ ਸਮਾਜ ਦੇ ਥੰਮ ਸੰਤ ਈਸ਼ਵਰ ਸ਼ਾਹ ਜੀ ਨਾਲ ਅੱਜ ਮੁਲਾਕਾਤ ਕਰਨ ਦਾ ਸਮਾਂ ਪ੍ਰਾਪਤ ਹੋਇਆ ਜਿਨਾਂ ਨਾਲ ਕਲਾਨੌਰ ਦੇ ਧਾਰਮਿਕ ਅਸਥਾਨਾਂ ਅਤੇ ਸੰਤ ਸਮਾਜ ਸਾਧੂ ਮਹਾਂਪੁਰਸ਼ਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਸੰਤ ਈਸ਼ਵਰ ਸ਼ਾਹ ਜੀ ਨੇ ਗੁਰੂ ਕੇ ਸਿੰਘਾਂ ਨੂੰ ਲੰਗਰ ਪ੍ਰਸ਼ਾਦਾ ਛਕਾਇਆ ਅਤਿਅੰਤ ਸੇਵਾ ਸਨਮਾਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### 28 ਅਪ੍ਰੈਲ ਨੂੰ ਜਨਮ ਦਿਨ 'ਤੇ ਵਿਸ਼ੇਸ਼

# ਜੁਝਾਰੂ ਸਿੱਖ ਆਗੂ ਜਥੇਦਾਰ ਊਧਮ ਸਿੰਘ ਨਾਗੋਕੇ ਨੂੰ ਯਾਦ ਕਰਦਿਆਂ



**ਗੁਰਦੁਆਰਾ** ਸੁਧਾਰ ਲਹਿਰ ਨੇ ਕੇਵਲ ਸੰਘਰਸ਼ਸ਼ੀਲ ਆਗੂ ਹੀ ਪੈਦਾ ਨਹੀਂ ਕੀਤੇ, ਸਗੋਂ ਆਪਣੇ ਅਕੀਦੇ ਤੇ ਵਿਸ਼ਵਾਸ 'ਤੇ ਪਹਿਰਾ ਦਿੰਦਿਆਂ, ਸਿੱਖ ਹਿੱਤਾਂ ਪ੍ਰਤੀ ਪ੍ਰਤੀਬੱਧਤਾ ਨਾਲ ਜ਼ਿੰਦਗੀ ਦੀਆਂ ਤੰਗੀਆਂ ਤੁਰਸ਼ੀਆਂ ਦਾ ਮੁਕਾਬਲਾ ਕਰਦਿਆਂ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਵੀ ਪੂਰੇ ਉਤਰਨ ਵਾਲੇ ਜਥੇਦਾਰ ਊਦਮ ਸਿੰਘ ਨੋਗੋਕੇ ਵਰਗੇ ਵਿਰਲੇ ਇਨਸਾਨ ਹੀ ਹੁੰਦੇ ਹਨ ।ਜਥੇਦਾਰ ਨਾਗੋਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਜੋਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਵਜੋਂ ਅਤੇ ਰਾਜ ਸਭਾ ਦੇ ਮੈਂਬਰ ਵਜੋਂ ਜਿਸ ਪਦਾਂ 'ਤੇ ਰਹਿੰਦਿਆਂ ਵੀ ਰਹੇ ਹਮੇਸ਼ਾ ਪੰਥ ਪ੍ਰਸਤ ਹੀ ਰਹੇ ।ਜਥੇਦਾਰ ਊਧਮ ਸਿੰਘ ਨਾਗੋਕੇ ਅਜਿਹੀ ਸ਼ਖ਼ਸੀਅਤ ਦੇ ਮਾਲਕ ਸਨ, ਜਿਨ੍ਹਾਂ ਜੀਵਨ ਦੇ ਹਰ ਮੋੜ 'ਤੇ ਜੁਝਾਰੂ ਸਿੱਖ ਵਜੋਂ ਆਪਣੀ ਪਹਿਚਾਣ ਬਣਾਈ ਰੱਖੀ ।ਇਸ ਪੰਥ ਸੇਵਕ ਦਾ ਜਨਮ 28 ਅਪ੍ਰੈਲ, 1894 ਈ: ਨੂੰ ਭਾਈ ਬੇਲਾ ਸਿੰਘ ਅਤੇ ਮਾਤਾ ਆਸ ਕੌਰ ਦੇ ਗ੍ਰਹਿ ਵਿਖੇ ਪਿੰਡ ਨਾਗੋਕੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਇਆ । ਤਕੜੇ ਜੁੱਸੇ ਅਤੇ ਕੱਦ ਕਾਠ ਦੇ ਮਾਲਕ ਜਥੇਦਾਰ ਊਧਮ ਸਿੰਘ ਨੇ ਪਹਿਲਾਂ ਫ਼ੌਜ ਦੀ ਨੌਕਰੀ ਕੀਤੀ, ਪਰ ਛੇਤੀ ਹੀ ਫ਼ੌਜੀ ਨੌਕਰੀ ਨੂੰ ਅਲਵਿਦਾ ਆਖਕੇ 26 ਕੁ ਸਾਲ ਦੀ ਉਮਰ ਵਿੱਚ ਘਰ ਵਾਪਸ ਆ ਗਏ, 1920 ਅਜਿਹਾ ਵਰ੍ਹਾ ਸੀ ਜੋ ਗੁਰਦੁਆਰਾ ਸੁਧਾਰ ਲਹਿਰ ਦਾ ਆਰੰਭਕ ਵਰ੍ਹਾ ਸੀ ।ਪੂਰੇ ਜੋਸ਼ੋ-ਖਰੋਸ਼ ਨਾਲ ਗੁਰਧਾਮਾਂ ਦੀ ਅਜ਼ਾਦੀ ਦੀ ਲਹਿਰ ਵਿੱਚ ਕੁੱਦ ਪਏ । ਸ੍ਰੀ ਹਰਿਮੰਦਰ ਸਾਹਿਬ ਦੇ ਤੋਸ਼ੇ ਖਾਨੇ ਦੀਆਂ ਚਾਬੀਆਂ ਲੈਣ ਦੇ ਮਾਮਲੇ ਵਿੱਚ ਛੇ ਮਹੀਨੇ ਦੀ ਕੈਦ ਹੋਈ । ਇਸ ਤੋਂ ਛੇਤੀ ਪਿੱਛੋਂ ਗੁਰੂ ਕੇ ਬਾਗ ਮੋਰਚੇ ਵਿੱਚ ਇਕ ਸਾਲ ਦੀ ਕੈਦ ਕੱਟਣੀ ਪਈ ।ਹੁਣ ਜਥੇਦਾਰ ਊਧਮ ਸਿੰਘ ਪੰਥਕ ਸਫ਼ਾਂ ਵਿੱਚ ਜਾਣੇ-ਪਛਾਣੇ ਸਿੱਖ ਆਗੂ ਬਣ ਚੁੱਕੇ ਸਨ । ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਹੈਸੀਅਤ ਵਿੱਚ ਆਪ ਨੇ ਜੈਤੋ ਦੇ ਮੋਰਚੇ ਦੇ ਪਹਿਲੇ ਜਥੇ ਦੀ ਅਗਵਾਈ ਕਰਨੀ ਸੀ । ਪਰ ਮੋਰਚੇ ਵਿੱਚ ਜਥਾ ਲੈ ਜਾਣ ਤੋਂ ਪਹਿਲਾਂ 8 ਫ਼ਰਵਰੀ, 1924 ਨੂੰ ਆਪ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ । ਹੁਣ ਮੁੜ ਦੋ ਸਾਲ ਦੀ ਕੈਦ ਦੀ ਸਜ਼ਾ ਹੋਈ ।

ਜਦੋਂ 1926 ਈ: ਵਿੱਚ ਕੈਦ ਤੋਂ ਬਾਹਰ ਆਏ ਤਾਂ ਫਿਰ ਆਪ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੜ ਜਥੇਦਾਰ ਨਿਯੁਕਤ ਕੀਤਾ ਗਿਆ । ਜਦੋਂ 1925 ਵਿੱਚ ਅੰਗ੍ਰੇਜ਼ ਹਕੂਮਤ ਨੇ ਗੁਰਦੁਆਰਾ ਐਕਟ ਬਣਾਇਆ ਤਾਂ ਜਥੇਦਾਰ ਊਧਮ ਸਿੰਘ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੈਂਬਰ ਚੁਣਿਆ ਗਿਆ । ਇਸ ਤੋਂ ਪਿੱਛੋਂ 1954 ਈ: ਤੱਕ ਕਿਸੇ-ਨਾ ਕਿਸੇ ਹੈਸੀਅਤ ਵਿੱਚ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਸੇਵਾਵਾਂ ਨਿਭਾਉਂਦੇ ਰਹੇ । ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਪ੍ਰਬੰਧਕੀ ਸੇਵਾਵਾਂ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਰਹੇ । ਸ੍ਰੀ ਗੁਰੂ ਰਾਮ ਦਾਸ ਨਿਵਾਸ (ਸਰਾਂ) ਦੀ ਉਸਾਰੀ ਵਿੱਚ ਵੀ ਸ਼ਲਾਘਾਯੋਗ ਕਾਰਜ ਕੀਤੇ ।1948 ਈ: ਅਤੇ 1952 ਈ: ਵਿੱਚ ਆਪ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਵੀ ਸੇਵਾਵਾਂ ਨਿਭਾਈਆਂ ।

1920 ਈ: ਤੋਂ ਹੀ ਆਪ ਕਾਂਗਰਸ ਪਾਰਟੀ ਨਾਲ ਸੰਬੰਧਿਤ ਦੇਸ਼ ਦੀ ਅਜ਼ਾਦੀ ਦੀ ਲਹਿਰ ਵਿੱਚ ਯੋਗਦਾਨ ਪਾਉਂਦੇ ਰਹੇ । ਇਨ੍ਹਾਂ ਦਿਨਾਂ ਵਿੱਚ ਰਾਜਨੀਤੀ ਵਿੱਚ ਕਾਂਗਰਸ ਪਾਰਟੀ ਲਈ ਹਰ ਪੰਥ ਪ੍ਰਸਤ ਆਗੂ ਆਪਣਾ ਯੋਗਦਾਨ ਪਾਉਂਦਾ ਸੀ । ਕਿਉਂਕਿ ਕਾਂਗਰਸ ਦੇਸ਼ ਦੀ ਅਜ਼ਾਦੀ ਲਹਿਰ ਲਈ ਸੰਘਰਸ਼ ਵਿੱਚ ਜੁਟੀ ਹੋਈ ਸੀ । ਕਾਂਗਰਸ ਵੱਲੋਂ ਚਲਾਏ ਸਿਵਲ ਨਾ ਫ਼ੁਰਮਾਨੀ ਅੰਦੋਲਨ ਵਿੱਚ ਹਿੱਸਾ ਲੈਣ ਕਰਕੇ ਹਕੂਮਤ ਵੱਲੋਂ ਇਕ ਸਾਲ ਦੀ ਸਜ਼ਾ ਹੋਈ । 1942 ਈ: ਵਿੱਚ ਭਾਰਤ ਛੋੜੋ ਅੰਦੋਲਨ ਵਿੱਚ ਭਾਗ ਲੈਣ ਕਰਕੇ ਤਿੰਨ ਸਾਲ ਦੀ ਸਜ਼ਾ ਭੁਗਤੀ ।ਜਦੋਂ ਜੇਲ੍ਹ ਤੋਂ ਬਾਹਰ ਆਏ ਤਾਂ 1946 ਈ: ਵਿੱਚ ਪੰਜਾਬ ਵਿਧਾਨ ਪ੍ਰੀਸ਼ਦ ਦੇ ਮੈਂਬਰ ਚੁਣੇ ਗਏ ।ਦੇਸ਼ ਦੀ ਅਜ਼ਾਦੀ ਤੋਂ ਬਾਅਦ 1952 ਈ: ਵਿੱਚ ਆਪ ਨੂੰ ਭਾਰਤ ਸੇਵਕ ਸਮਾਜ ਦਾ ਮੁਖੀ ਬਣਾਇਆ ਗਿਆ । 1953 ਈ: ਵਿੱਚ ਕਾਂਗਰਸ ਪਾਰਟੀ ਵੱਲੋਂ ਰਾਜ ਸਭਾ ਮੈਂਬਰ ਵਜੋਂ ਨਾਮਜ਼ਦ ਹੋਏ । 1960 ਈ: ਤੱਕ ਰਾਜ ਸਭਾ ਵਿੱਚ ਇਸ ਪਦਵੀ 'ਤੇ ਰਹੇ । 1960 ਈ: ਵਿੱਚ ਰਾਜ ਗੋਪਾਲ ਅਚਾਰੀਆ ਵੱਲੋਂ ਸ਼ੁਰੂ ਕੀਤੀ ਸੁਤੰਤਰ ਪਾਰਟੀ ਵਿੱਚ ਸ਼ਾਮਿਲ ਹੋ ਗਏ ਅਤੇ ਸੁਤੰਤਰ ਪਾਰਟੀ ਦੀ ਪੰਜਾਬ ਸ਼ਾਖਾ ਦੇ ਪਹਿਲੇ ਮੁਖੀ ਬਣੇ ।

ਅਕਾਲੀ ਦਲ ਨਾਲ ਸ਼ੁਰੂ ਤੋਂ ਹੀ ਸੰਬੰਧਿਤ ਰਹੇ । 1935 ਈ: ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਚੁਣੇ ਗਏ । 1942 ਵਿੱਚ ਅਕਾਲੀ ਆਗੂ ਮਾਸਟਰ ਤਾਰਾ ਸਿੰਘ ਨਾਲ ਮੱਤਭੇਦ ਹੋਣ ਕਰਕੇ ਉਨ੍ਹਾਂ ਦੇ ਧੜੇ ਤੋਂ ਵੱਖ ਹੋ ਗਏ । 1948 ਈ: ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਵਿੱਚ ਮਾਸਟਰ ਤਾਰਾ ਸਿੰਘ ਨੂੰ ਹਰਾਇਆ । ਜਦੋਂ 1947 ਈ: ਵਿੱਚ ਦੇਸ਼ ਦੀ ਵੰਡ ਹੋਈ ਤਾਂ ਦੰਗਿਆਂ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਫਿਰਕੂ ਦੰਗਿਆਂ ਤੋਂ ਬਚਾਉਣ ਲਈ ਜਿਹੜੇ ਫਰਜ਼ਾਂ ਨੂੰ ਨਿਭਾਇਆ, ਉਸ ਦੀ ਪ੍ਰਸ਼ੰਸਾ ਹਰ ਸਰਬ-ਸਾਂਝੀਵਾਲਤਾ ਦੇ ਮੁਦਈ ਦੇਸ਼ ਵਾਸੀ ਦੀ ਜ਼ੁਬਾਨ ਉੱਪਰ ਸੀ ।

ਪੂਰੀ ਹਯਾਤੀ ਦੌਰਾਨ ਵਾਰ-ਵਾਰ ਜੇਲ੍ਹਾਂ ਵਿੱਚ ਰਹਿਣ ਕਰਕੇ ਸਿਹਤ ਖਰਾਬ ਰਹਿਣ ਲੱਗ ਪਈ । 11 ਜਨਵਰੀ, 1966 ਨੂੰ ਚੰਡੀਗੜ੍ਹ ਵਿਖੇ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਆਖ ਗਏ । ਇਸ ਜੁਝਾਰੂ ਸਿੱਖ ਆਗੂ ਦੀ ਯਾਦ ਅੱਜ ਵੀ ਲੋਕ-ਮਨਾਂ ਵਿੱਚ ਤਰੋ-ਤਾਜ਼ਾ ਹੈ।


-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040




## ਬਿਜਲੀ ਦੇ ਲੰਬੇ ਕੱਟਾ ਕਾਰਨ ਪੰਜਾਬ ਵਾਸੀ ਬੇਹਾਲ-ਸਰਪਲਸ ਬਿਜਲੀ ਦੇ ਸੂਬਾ ਸਰਕਾਰ ਦੇ ਦਾਅਵਿਆਂ ਦੀ ਨਿਕਲੀ ਫੂਕ : ਰਾਜਿੰਦਰ ਦੀਪ ਸਿੰਘ ਵਾਲਾ, ਰਮਿੰਦਰ ਪਟਿਆਲਾ



**ਚੰਡੀਗੜ੍ਹ 26 ਅਪ੍ਰੈਲ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**-ਕਿਰਤੀ ਕਿਸਾਨ ਯੂਨੀਅਨ ਨੇ ਸੂਬੇ ਵਿੱਚ ਬਿਜਲੀ ਦੇ ਲੱਗ ਰਹੇ ਲੰਬੇ ਲੰਬੇ ਕੱਟਾ ਕਾਰਨ ਲੋਕਾਂ ਵਿੱਚ ਮੱਚੀ ਹਾਹਾਕਾਰ ਦੇ ਮਾਮਲੇ ਤੇ ਪੰਜਾਬ ਸਰਕਾਰ ਨੂੰ ਕਟਹਿਰੇ ਵਿੱਚ ਖੜਾ ਕਰਦਿਆਂ ਕਿਹਾ ਹੈ ਕਿ ਪੰਜਾਬ ਸਰਕਾਰ ਵਲੋਂ ਬਿਜਲੀ ਸਰਪਲਸ ਹੋਣ ਦੇ ਦਾਅਵਿਆਂ ਦੀ ਫੂਕ ਨਿਕਲ ਗਈ ਹੈ। ਯੂਨੀਅਨ ਨੇ ਕਿਹਾ ਹੈ ਕਿ ਇੱਕ ਪਾਸੇ ਸੂਬੇ ਭਰ ਵਿੱਚ ਲੋਕ ਲੰਬੇ ਕੱਟਾ ਕਾਰਨ ਪ੍ਰੇਸ਼ਾਨ ਹੋਕੇ ਬਿਜਲੀ ਗਰਿੱਡਾਂ ਅਤੇ ਦਫਤਰਾਂ ਸਾਹਮਣੇ ਰੋਸ ਜ਼ਾਹਰ ਕਰ ਰਹੇ ਹਨ ਜਦੋਂ ਕਿ ਦੂਜੇ ਪਾਸੇ ਸੂਬੇ ਦੇ ਬਿਜਲੀ ਮੰਤਰੀ ਮਹਿਕਮੇ ਨੂੰ ਲਵਾਰਿਸ ਛੱਡਕੇ ਕਿਤੇ ਗੁੰਮ ਹੋ ਗਏ ਹਨ ।ਅਜਿਹੀ ਸਥਿਤੀ ਵਿੱਚ ਜੱਥੇਬੰਦੀ ਦੇ ਸੂਬਾਈ ਵਫ਼ਦ ਨੇ 28 ਅਪ੍ਰੈਲ ਨੂੰ ਬਿਜਲੀ ਬੋਰਡ ਦੇ ਚੇਅਰਮੈਨ ਨੂੰ ਮਿਲਣ ਦਾ ਫੈਸਲਾ ਕੀਤਾ ਹੈ ਇਸ ਸਬੰਧੀ ਉਨ੍ਹਾਂ ਤੋਂ ਸਮਾਂ ਲੈਣ ਲਈ ਸੰਪਰਕ ਵੀ ਕੀਤਾ ਗਿਆ ਹੈ। ਉਪਰੋਕਤ ਫੈਸਲਾ ਕਿਰਤੀ ਕਿਸਾਨ ਯੂਨੀਅਨ ਦੀ ਸੂਬਾ ਕਮੇਟੀ ਦੀ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਬਿਜਲੀ ਸੰਕਟ ਬਾਰੇ ਵਿਚਾਰ ਵਟਾਂਦਰਾ ਕਰਨ ਮੌਕੇ ਕੀਤਾ ਗਿਆ। ਜੱਥੇਬੰਦੀ ਨੇ ਕੇਂਦਰ ਸਰਕਾਰ ਵੱਲੋਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਰੂਲਜ 'ਚ ਸੋਧ ਕਰਕੇ ਪੰਜਾਬ ਦੀ ਸਥਾਈ ਮੈਂਬਰੀ ਖਤਮ ਕਰਨ ਸਬੰਧੀ ਜਾਰੀ ਨੋਟੀਫਿਕੇਸ਼ਨ ਨੂੰ ਰੱਦ ਕਰਵਾਉਣ ਲਈ ਸੰਯੁਕਤ ਕਿਸਾਨ ਮੋਰਚਾ ਵਲੋਂ 15 ਮਈ ਨੂੰ ਗਵਰਨਰ ਪੰਜਾਬ ਦੀ ਰਿਹਾਇਸ਼ ਲੋਕ ਭਵਨ ਵੱਲ ਕੀਤੇ ਜਾਣ ਵਾਲੇ ਮੁਜ਼ਾਹਰੇ ਵਿੱਚ ਹਜ਼ਾਰਾਂ ਕਿਸਾਨਾਂ ਨਾਲ ਸ਼ਮੂਲੀਅਤ ਕਰਨ ਦਾ ਫੈਸਲਾ ਵੀ ਕੀਤਾ ਹੈ।

ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਜੱਥੇਬੰਦੀ ਦੇ ਜਨਰਲ ਸਕੱਤਰ ਰਜਿੰਦਰ ਸਿੰਘ ਦੀਪ ਸਿੰਘ ਵਾਲਾ ਅਤੇ ਪ੍ਰੈਸ ਸਕੱਤਰ ਰਾਮਿੰਦਰ ਸਿੰਘ ਪਟਿਆਲਾ ਨੇ ਕਿਹਾ ਕਿ ਸੂਬੇ ਵਿੱਚ ਅਚਾਨਕ ਵਧੀ ਗਰਮੀ ਕਾਰਨ ਬਿਜਲੀ ਦੀ ਵਧੀ ਮੰਗ ਨੂੰ ਪੂਰਾ ਕਰਨ ਵਿੱਚ ਪੰਜਾਬ ਸਰਕਾਰ ਫੇਲ ਹੋ ਗਈ ਹੈ। ਘਰੇਲੂ ਸਪਲਾਈ ਦੇ ਲੰਬੇ ਲੰਬੇ ਕੱਟਾ ਕਾਰਨ ਲੋਕ ਸੰਘਰਸ਼ ਕਰਨ ਲਈ ਮਜਬੂਰ ਹੋ ਗਏ ਹਨ ।ਕਣਕ ਦੀ ਵਾਢੀ ਲਗਭਗ ਮੁੰਕਮਲ ਹੋ ਗਈ ਹੈ ।ਪਰ ਇਸਦੇ ਬਾਵਜੂਦ ਖੇਤੀ ਖੇਤਰ ਲਈ ਵੀ ਹਾਲੇ ਕੱਟ ਜਾਰੀ ਹਨ। ਉਨ੍ਹਾਂ ਕਿਹਾ ਕਿ ਜੇਕਰ ਹੁਣ ਇਹ ਹਾਲਾਤ ਹਨ ਤਾਂ ਫਿਰ ਝੋਨੇ ਦੇ ਸੀਜ਼ਨ ਵੇਲੇ ਸਥਿਤੀ ਕੀ ਹੋਵੇਗੀ ?ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਖੇਤੀ ਖੇਤਰ ਨੂੰ ਅੱਠ ਘੰਟੇ ਅਤੇ ਘਰੇਲੂ ਖੇਤਰ ਨੂੰ 24 ਘੰਟੇ ਨਿਰਵਿਘਨ ਸਪਲਾਈ ਦੇਣ ਦੀ ਮੰਗ ਨੂੰ ਲੈਕੇ ਜੱਥੇਬੰਦੀ ਦਾ ਸੂਬਾਈ ਵਫ਼ਦ ਚੇਅਰਮੈਨ ਬਿਜਲੀ ਬੋਰਡ ਨੂੰ 28 ਅਪ੍ਰੈਲ ਨੂੰ ਪਟਿਆਲਾ ਵਿਖੇ ਮਿਲੇਗਾ ਇਸ ਮੁਲਾਕਾਤ ਲਈ ਚੇਅਰਮੈਨ ਨਾਲ ਫੋਨ ਤੇ ਵੀ ਰਾਬਤਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਚੇਅਰਮੈਨ ਨਾਲ ਮੁਲਾਕਾਤ ਮਗਰੋਂ ਹੀ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ ।ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਰੂਲਜ 'ਚ ਸੋਧ ਕਰਕੇ ਪੰਜਾਬ ਦੀ ਸਥਾਈ ਮੈਂਬਰੀ ਖਤਮ ਕਰਨ ਲਈ ਜਾਰੀ ਨੋਟੀਫਿਕੇਸ਼ਨ ਨੂੰ ਰੱਦ ਕਰਵਾਉਣ ਅਤੇ ਹਰ ਖੇਤ ਨੂੰ ਨਹਿਰੀ ਪਾਣੀ ਅਤੇ ਹਰ ਘਰ ਨੂੰ ਪੀਣ ਵਾਲਾ ਸਾਫ ਨਹਿਰੀ ਪਾਣੀ ਦੇਣ ਸਮੇਤ ਪੰਜਾਬ ਦੀਆਂ ਹੋਰ ਮੰਗਾਂ ਨੂੰ ਲੈਕੇ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ 15 ਮਈ ਨੂੰ ਗਵਰਨਰ ਪੰਜਾਬ ਦੀ ਰਿਹਾਇਸ਼ ਲੋਕ ਭਵਨ ਵੱਲ ਕੀਤੇ ਜਾਣ ਵਾਲੇ ਮੁਜ਼ਾਹਰੇ ਵਿੱਚ ਵੀ ਵੱਡੀ ਸ਼ਮੂਲੀਅਤ ਕਰਵਾਈ ਜਾਵੇਗੀ ।ਇਸ ਸਬੰਧੀ ਅੱਜ ਦੀ ਮੀਟਿੰਗ ਵਿੱਚ ਸਾਰੇ ਸੂਬਾਈ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਅੱਜ ਦੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮੀਤ ਪ੍ਰਧਾਨ ਜਤਿੰਦਰ ਸਿੰਘ ਛੀਨਾ, ਹਰਮੇਸ਼ ਸਿੰਘ ਢੇਸੀ,ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ, ਸਤਬੀਰ ਸਿੰਘ ਸੁਲਤਾਨੀ, ਭੁਪਿੰਦਰ ਸਿੰਘ ਵੜੈਚ, ਸੰਤੋਖ ਸਿੰਘ ਸੰਧੂ, ਬਲਵਿੰਦਰ ਸਿੰਘ ਭੁੱਲਰ, ਚਮਕੌਰ ਸਿੰਘ ਰੋਡੇ ,ਤਰਸੇਮ ਸਿੰਘ ਬੰਨੇਮੱਲ, ਰੇਸ਼ਮ ਸਿੰਘ ਮਿੱਡਾ,ਨਛੱਤਰ ਸਿੰਘ, ਭੁਪਿੰਦਰ ਸਿੰਘ ਲੌਂਗੋਵਾਲ ,ਡਾ ਸੁਖਚੈਨ ਸਿੰਘ ਅਤੇ ਸੁਖਦੇਵ ਸਿੰਘ ਸਹਿੰਸਰਾ ਸ਼ਾਮਲ ਸਨ।

### 2 ਦਸੰਬਰ ਹੁਕਮਨਾਮਿਆਂ ਨੂੰ 'ਸਾਜ਼ਿਸ਼' ਆਖਣ ਵਾਲਿਆਂ ਖਿਲਾ.ਫ ਸ.ਖਤ ਕਾਰਵਾਈ ਦੀ ਮੰਗ

# ਐੱਸ.ਜੀ.ਪੀ.ਸੀ. ਮੈਂਬਰਾਂ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਆਗੂਆਂ ਦਾ ਵ.ਫਦ ਜਥੇਦਾਰ ਅਕਾਲ ਤ.ਖਤ ਸਾਹਿਬ ਨੂੰ ਮਿਲਿਆ





**ਅੰਮ੍ਰਿਤਸਰ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)** - 2 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੋਏ ਹੁਕਮਨਾਮਿਆਂ ਨੂੰ 'ਸਾਜ਼ਿਸ਼' ਅਤੇ ਏਜੰਸੀਆਂ ਦੀ ਭੰਡੀ ਦੱਸ ਕੇ ਭੰਡੀ ਪ੍ਰਚਾਰ ਕਰਨ ਵਾਲਿਆਂ ਖਿਲਾਫ਼ ਤੁਰੰਤ ਕਾਰਵਾਈ ਦੀ ਮੰਗ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਨਾਲ ਜੁੜੇ ਮੈਂਬਰਾਂ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਆਗੂਆਂ ਦਾ ਇੱਕ ਵਫ਼ਦ ਮਾਸਟਰ ਮਿੱਠੂ ਸਿੰਘ ਕਾਹਨਕੇ ਦੀ ਅਗਵਾਈ ਵਿਚ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਪਹੁੰਚਿਆ।

ਵਫ਼ਦ ਨੇ ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਲਿਖਤੀ ਸ਼ਿਕਾਇਤ ਪੱਤਰ ਸੌਂਪਿਆ। ਇਸ ਵਿਚ ਮੰਗ ਕੀਤੀ ਗਈ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਤਲਬ ਕੀਤਾ ਜਾਵੇ ਅਤੇ ਹੁਕਮਨਾਮਿਆਂ ਖਿਲਾਫ਼ ਚੱਲ ਰਹੀ ਭੰਡੀ ਬਾਰੇ ਉਨ੍ਹਾਂ ਤੋਂ ਜਵਾਬ ਤਲਬ ਕੀਤਾ ਜਾਵੇ। ਵਫ਼ਦ ਨੇ ਇਸ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਅਤੇ ਪੰਥਕ ਭਾਵਨਾਵਾਂ ਉਤੇ ਸਿੱਧਾ ਹਮਲਾ ਦੱਸਿਆ।

ਵਫ਼ਦ ਵਿਚ ਸ਼ਾਮਲ ਮੁੱਖ ਆਗੂਆਂ ਵਿਚ ਐੱਸ. ਰਾਮਪਾਲ ਸਿੰਘ ਬਹਿਣੀਵਾਲ, ਐੱਸ. ਅਮਰੀਕ ਸਿੰਘ ਸ਼ਾਹਪੁਰ, ਐੱਸ. ਪਾਲ ਸਿੰਘ ਗਹਿਲਾ, ਐੱਸ. ਮਨਿੰਦਰ ਸਿੰਘ ਧੁੰਨਾ (ਜ਼ਿਲਾ ਪ੍ਰਧਾਨ ਅੰਮ੍ਰਿਤਸਰ), ਐੱਸ. ਬਿਕਰਮਜੀਤ ਸਿੰਘ ਨਵਾਂ ਪਿੰਡ, ਐੱਸ. ਮਧੂਪਾਲ ਸਿੰਘ ਗੋਗਾ, ਐੱਸ. ਸੁਖਰਾਜ ਸਿੰਘ ਸੋਹਲ, ਐੱਸ. ਦਿਲਪ੍ਰੀਤ ਸਿੰਘ, ਐੱਸ. ਜਸਬੀਰ ਸਿੰਘ ਖਾਲਸਾ, ਐੱਸ. ਪਰਵਿੰਦਰ ਸਿੰਘ ਅਤੇ ਐੱਸ. ਜਗਤਾਰ ਸਿੰਘ ਗਿੱਲ ਆਦਿ ਸ਼ਾਮਲ ਸਨ।

ਸ਼ਿਕਾਇਤ ਪੱਤਰ ਵਿਚ ਇਹ ਵੀ ਕਿਹਾ ਗਿਆ ਹੈ ਕਿ 2 ਦਸੰਬਰ ਦੇ ਹੁਕਮਨਾਮੇ ਗੁਰਮਤਿ ਅਨੁਸਾਰ ਅਤੇ ਪੰਜ ਸਿੰਘ ਸਾਹਿਬਾਨਾਂ ਵੱਲੋਂ ਗੁਰੂ ਸਾਹਿਬ ਦੀ ਹਜ਼ੂਰੀ ਵਿਚ ਲਏ ਗਏ ਫੈਸਲੇ ਹਨ। ਇਨ੍ਹਾਂ ਨੂੰ ਸਾਜ਼ਿਸ਼ ਦੱਸਣਾ ਨਾ ਸਿਰਫ਼ ਪੰਥਕ ਭਾਵਨਾਵਾਂ ਦੀ ਤੌਹੀਨ ਹੈ, ਸਗੋਂ ਅਕਾਲ ਤਖ਼ਤ ਸਾਹਿਬ ਦੀ ਅਧਿਕਾਰਤਾ ਉਤੇ ਵੀ ਸਵਾਲ ਖੜ੍ਹਾ ਕਰਦਾ ਹੈ। ਵਫ਼ਦ ਨੇ ਜਥੇਦਾਰ ਸਾਹਿਬ ਤੋਂ ਅਪੀਲ ਕੀਤੀ ਕਿ ਇਸ ਗੰਭੀਰ ਮਾਮਲੇ ਵਿਚ ਤੁਰੰਤ ਦਖਲ ਦਿੱਤਾ ਜਾਵੇ ਤਾਂ ਜੋ ਭਵਿੱਖ ਵਿਚ ਕੋਈ ਵੀ ਵਿਅਕਤੀ ਅਕਾਲ ਤਖ਼ਤ ਦੇ ਫੈਸਲਿਆਂ ਉਤੇ ਸਵਾਲ ਨਾ ਉਠਾ ਸਕੇ। ਇਸ ਘਟਨਾ ਨੇ ਸਿੱਖ ਰਾਜਨੀਤੀ ਵਿਚ ਚੱਲ ਰਹੀ ਅੰਦਰੂਨੀ ਖਿੱਚਤਾਣ ਨੂੰ ਇੱਕ ਵਾਰ ਫਿਰ ਉਭਾਰ ਦਿੱਤਾ ਹੈ। ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਇਸ ਤੋਂ ਪਹਿਲਾਂ ਵੀ ਅਕਾਲ ਤਖ਼ਤ ਦੀ ਮਰਿਆਦਾ ਬਚਾਉਣ ਲਈ ਵੱਖ-ਵੱਖ ਪੜਾਅ ਉਠਾਏ ਗਏ ਹਨ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਇਸ ਸ਼ਿਕਾਇਤ ਉਤੇ ਕੀ ਫੈਸਲਾ ਲੈਂਦੇ ਹਨ, ਉਸ ਵੱਲ ਸਿੱਖ ਸੰਗਤ ਅਤੇ ਰਾਜਨੀਤਿਕ ਗਲਿਆਰਿਆਂ ਵਿਚ ਤੀਖੀ ਨਜ਼ਰ ਬਣੀ ਹੋਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਜਗਰਾਉਂ ਨਗਰ ਕੌਂਸਲ ਚੋਣਾਂ ਲਈ

# ਅਕਾਲੀ ਦਲ ਨੇ ਦੂਜੇ ਉਮੀਦਵਾਰ ਦਾ ਕੀਤਾ ਐਲਾਨ



**ਜਗਰਾਉ (ਵਰਿਆਮ ਹਠੂਰ)**-ਨਗਰ ਕੌਂਸਲ ਚੋਣਾਂ ਦੇ ਸਰਕਾਰੀ ਐਲਾਨ ਤੋਂ ਪਹਿਲਾਂ ਹੀ ਸ਼੍ਰੋਮਣੀ ਅਕਾਲੀ ਦਲ ਨੇ ਅੱਜ ਦੂਜੇ ਉਮੀਦਵਾਰ ਨੂੰ ਚੋਣ ਮੈਦਾਨ ਵਿੱਚ ਥਾਪੜਾ ਦੇ ਕੇ ਉਤਾਰਦੇ ਹੋਏ ਤਿਆਰੀਆਂ ਨੂੰ ਹੋਰ ਤੇਜ਼ ਕਰ ਦਿੱਤਾ ਹੈ। ਪਾਰਟੀ ਨੇ ਚੋਣ ਗਤੀਵਿਧੀਆਂ ਦੀ ਸ਼ੁਰੂਆਤ ਕਰਦਿਆਂ ਜਗਰਾਉ ਨਗਰ ਕੌਂਸਲ ਚੋਣਾਂ ਵਿਚ ਅਗਵਾੜ ਲੁਧਾਈ (ਰਾਣੀ ਵਾਲਾ ਖੂਹ) ਵਾਰਡ ਨੰਬਰ 9 ਤੋਂ ਸਵ.ਸ. ਸੁਰਿੰਦਰ ਪਾਲ ਸਿੰਘ ਸੁਆਮੀ ਦਾ ਪੋਤਾ ਸਮਾਜ ਸੇਵੀ ਸਤਨਾਮ ਸਿੰਘ ਦੀ ਧਰਮਪਤਨੀ ਬੀਬੀ ਨਰਿੰਦਰਜੀਤ ਕੌਰ ਨੂੰ ਉਮੀਦਵਾਰ ਐਲਾਨ ਦਿੱਤਾ। ਵਾਰਡ ਨੰਬਰ 9 ਵਿੱਚ ਇਸ ਮੌਕੇ ਇੱਕ ਵਿਸ਼ਾਲ ਇਕੱਠ ਕੀਤਾ ਗਿਆ, ਜਿਸ ਵਿੱਚ ਮੁਹੱਲੇ ਦੇ ਵੱਖ-ਵੱਖ ਵਰਗਾਂ ਦੇ ਪ੍ਰਧਾਨਾਂ ਅਤੇ ਵਾਸੀਆਂ ਨੇ ਭਰਪੂਰ ਹਿੱਸਾ ਲਿਆ। ਇਕੱਠ ਦੌਰਾਨ ਸਮਾਜ ਸੇਵੀ ਸਤਨਾਮ ਸਿੰਘ ਦੀ ਧਰਮਪਤਨੀ ਬੀਬੀ ਨਰਿੰਦਰਜੀਤ ਕੌਰ ਨੂੰ ਉਮੀਦਵਾਰ ਬਣਾਉਣ ਦੀ ਤਜਵੀਜ਼ ਰੱਖੀ ਗਈ, ਜਿਸ ਨੂੰ ਸਮੂਹਿਕ ਸਹਿਮਤੀ ਮਿਲਣ ਉਪਰੰਤ ਹਲਕਾ ਇੰਚਾਰਜ ਐਸ.ਆਰ. ਕਲੇਰ ਵੱਲੋਂ ਅਧਿਕਾਰਿਕ ਤੌਰ 'ਤੇ ਐਲਾਨਿਆ ਗਿਆ। ਮੌਕੇ 'ਤੇ ਸ਼੍ਰੋਮਣੀ ਅਕਾਲੀ ਦਲ ਜ਼ਿੰਦਾਬਾਦ ਦੇ ਨਾਅਰੇ ਵੀ ਗੂੰਜੇ। ਉਮੀਦਵਾਰ ਬੀਬੀ ਨਰਿੰਦਰਜੀਤ ਕੌਰ ਨੇ ਮੁਹੱਲਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਵਾਰਡ ਦੇ ਲੋਕ ਲੰਮੇ ਸਮੇਂ ਤੋਂ ਮੁੱਢਲੀਆਂ ਸੁਵਿਧਾਵਾਂ ਦੀ ਘਾਟ ਕਾਰਨ ਮੁਸ਼ਕਲਾਂ ਭਰੀ ਜ਼ਿੰਦਗੀ ਜੀ ਰਹੇ ਹਨ, ਅਤੇ ਜਿੱਤਣ ਉਪਰੰਤ ਇਨ੍ਹਾਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਇਸ ਮੌਕੇ ਸ਼੍ਰੀ ਐੱਸ.ਆਰ. ਕਲੇਰ ਨੇ ਕਿਹਾ ਕਿ ਅਕਾਲੀ ਦਲ ਨੇ ਚੋਣਾਂ ਦਾ ਬਿਗਲ ਵਜਾ ਦਿੱਤਾ ਹੈ ਇਸੇ ਲੜੀ ਤਹਿਤ ਪਹਿਲਾਂ ਵਾਰਡ ਨੰਬਰ 8 ਤੋਂ ਸੰਕਰ ਨੂੰ ਅਤੇ ਅੱਜ ਵਾਰਡ ਨੰਬਰ 9 ਤੋਂ ਬੀਬੀ ਨਰਿੰਦਰਜੀਤ ਕੌਰ ਨੂੰ ਉਮੀਦਵਾਰ ਐਲਾਨ ਦਿੱਤਾ ਗਿਆ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਉਮੀਦਵਾਰਾਂ ਦਾ ਐਲਾਨ ਕਰਕੇ ਪ੍ਰਚਾਰ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਡਾਇਰੈਕਟਰ ਬਲਜੀਤ ਸਿੰਘ ਹਠੂਰ, ਸਾਬਕਾ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਦਵਿੰਦਰਜੀਤ ਸਿੰਘ ਸਿੱਧੂ ਜਗਰਾਉ ,ਚੌਧਰੀ ਨਛੱਤਰ ਸਿੰਘ ਸਹੋਤਾ, ਸੁਖਦੇਵ ਸਿੰਘ, ਮਨਜਿੰਦਰ ਸਿੰਘ ਮੋਪੀ, ਜਸਮੇਲ ਸਿੰਘ ਸਹੋਤਾ, ਲਖਵੀਰ ਸਿੰਘ ਸਹੋਤਾ, ਜਗੀਰ ਸਿੰਘ ਲੱਖਾ, ਬਲਜੀਤ ਸਿੰਘ ਜੀਤੀ, ਤਿਲਕਰਾਜ, ਸਤਪਾਲ ਮਾਸਟਰ, ਰਵੀ ਕਲਿਆਣ, ਬਿੱਟੂ ਨਾਹਰ, ਸੁਰਿੰਦਰ ਪਾਲ ਸਿੰਘ ਸਵਾਮੀ, ਕੁਲਦੀਪ ਸਿੰਘ ਕੀਪਾ, ਰਮਨ ਮਾਈ, ਸਰਬਜੀਤ ਸਿੰਘ ਮਹਿਗਾ, ਮਾਤਾ ਸੀਤਾ, ਕ੍ਰਿਸ਼ਨ ਘਾਰੂ, ਅਮਤੇਸ਼ਵਰ ਸਿੰਘ ਗੱਗੂ, ਗਮਦਾਨ ਨੀਟੂ, ਰਾਜਨ ਸੋਤਾ, ਰਿੰਪੀ ਸਹੋਤਾ, ਸੁਲਤਾਨ ਸਿੰਘ ਪ੍ਰਧਾਨ, ਗਗਨ ਸਹੋਤਾ, ਸੁਖਬੀਰ ਸਹੋਤਾ,ਲਖਬੀਰ ਸਿੰਘ ਲੱਭਾ,ਬਲਕਾਰ ਸਿੰਘ ਰਾਜੂ ,ਸੁਖਚੈਨ ਸਿੰਘ, ਬਖਸ਼ੀਸ਼ ਨਾਹਰ, ਧਰਮਪ੍ਰੀਤ ਸਿੰਘ ਧਰਮਾ ,ਰਮਨ ਕੰਡਿਆਲ, ਜਗਜੀਵਨ ਸਿੰਘ ਸੂਬੇਦਾਰ, ਰਮਨਦੀਪ ਸਿੰਘ ਸਹੋਤਾ ਤੇ ਕਾਲਾ ਚੌਧਰੀ ਹਾਜਰ ਸਨ।

ਪੰਜਾਬ ਦੀਆਂ ਜੇਲ੍ਹਾਂ ਵਿੱਚ ਸਿੱਖ ਕੈਦੀਆਂ ਨਾਲ ਜਬਰ-ਜ਼ੁਲਮ ਦੀਆਂ ਹੱਦਾਂ ਪਾਰ

# ਸਰਕਾਰ ਅਤੇ ਡੀ.ਜੀ.ਪੀ. ਜੇਲ੍ਹਾਂ ਤੁਰੰਤ ਜਵਾਬ ਦੇਣ : ਬਾਪੂ ਤਰਸੇਮ ਸਿੰਘ





**ਅੰਮ੍ਰਿਤਸਰ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀਆਂ ਵੱਖ-ਵੱਖ ਜੇਲ੍ਹਾਂ ਤੋਂ ਆ ਰਹੀਆਂ ਤਾਜ਼ਾ ਖ਼ਬਰਾਂ ਸਿਰਫ਼ ਚਿੰਤਾਜਨਕ ਨਹੀਂ ਸਗੋਂ ਬਹੁਤ ਹੀ ਗੰਭੀਰ ਅਤੇ ਦੁਖਦਾਈ ਹਨ, ਜਿੱਥੇ ਕਾਨੂੰਨ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਕਰਨ ਵਾਲੀਆਂ ਥਾਵਾਂ ਹੀ ਜ਼ਬਰ ਅਤੇ ਧਾਰਮਿਕ ਅਪਮਾਨ ਦੇ ਕੇਂਦਰ ਬਣਦੀਆਂ ਦਿਖ ਰਹੀਆਂ ਹਨ। ਅਕਾਲੀ ਦਲ ਵਾਰਿਸ ਪੰਜਾਬ ਦੇ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਪ੍ਰੈਸ ਨੋਟ ਰਾਹੀ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਬਠਿੰਡਾ ਜੇਲ੍ਹ ਵਿੱਚ ਨਜ਼ਰਬੰਦ ਪ੍ਰਧਾਨ ਮੰਤਰੀ ਬਾਜੇਕੇ ਵੱਲੋਂ ਸਾਹਮਣੇ ਆਈ ਫੋਨ ਕਾਲ ਵਿੱਚ ਇਹ ਦੱਸਿਆ ਗਿਆ ਹੈ ਕਿ ਉਨ੍ਹਾਂ ਨੂੰ ਜੇਲ ਪ੍ਰਸ਼ਾਸਨ ਵੱਲੋਂ ਤੰਗ-ਪਰੇਸ਼ਾਨ ਕੀਤਾ ਜਾ ਰਿਹਾ ਹੈ, ਬਤੌਰ ਸਿੱਖ ਧਾਰਮਿਕ ਅਕੀਦਤ ਲਈ ਪਾਠ ਕਰਨ ਵਰਗੇ ਮੂਲ ਧਾਰਮਿਕ ਅਧਿਕਾਰ ਤੋਂ ਵਾਂਝਾ ਕੀਤਾ ਜਾ ਰਿਹਾ ਹੈ ਅਤੇ ਇਥੋਂ ਤੱਕ ਕਿ ਉਨ੍ਹਾਂ ਦੀ ਦਾੜੀ ਵੀ ਪੁੱਟੀ ਗਈ ਹੈ, ਇਹ ਸਿਰਫ਼ ਇਕ ਵਿਅਕਤੀ ਨਾਲ ਬਦਸਲੂਕੀ ਨਹੀਂ, ਸਗੋਂ ਸਿੱਖ ਕੌਮ ਦੀ ਪਹਿਚਾਣ ਤੇ ਵਿਸ਼ਵਾਸ 'ਤੇ ਸਿੱਧਾ ਵਾਰ ਹੈ, ਜਿਸਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਹਨਾਂ ਕਿਹਾ ਕਿ ਇਸਦੇ ਨਾਲ ਹੀ ਸ੍ਰੀ ਮੁਕਤਸਰ ਸਾਹਿਬ ਜੇਲ੍ਹ ਵਿੱਚ ਬੰਦ ਭਾਈ ਸੰਦੀਪ ਸਿੰਘ ਸੰਨੀ ਨਾਲ ਵੀ ਹੋ ਰਹੀ ਧੱਕੇਸ਼ਾਹੀ ਦੀਆਂ ਖ਼ਬਰਾਂ ਸਾਹਮਣੇ ਆ ਰਹੀਆਂ ਹਨ, ਜਿੱਥੇ ਉਹ ਆਪਣੇ ਸੈੱਲ ਵਿੱਚ ਸੁਸ਼ੋਭਿਤ ਪੋਥੀ ਸਾਹਿਬ ਦੇ ਸਤਿਕਾਰ ਲਈ ਮਰਿਆਦਾ ਬਣਾਈ ਰੱਖਦੇ ਹਨ, ਪਰ ਜੇਲ੍ਹ ਪ੍ਰਸ਼ਾਸਨ ਦੇ ਕੁਝ ਅਧਿਕਾਰੀ ਜਾਣ-ਬੁੱਝ ਕੇ ਜੁੱਤੀਆਂ ਸਮੇਤ ਅੰਦਰ ਦਾਖਲ ਹੋ ਕੇ ਤਲਾਸ਼ੀ ਲੈਂਦੇ ਹਨ, ਜੋ ਸਿੱਧੀ-ਸਿੱਧੀ ਧਾਰਮਿਕ ਬੇਅਦਬੀ ਹੈ ਅਤੇ ਦੂਸਰੇ ਪਾਸੇ ਭਰੋਸੇਯੋਗ ਸੂਤਰਾਂ ਤੋਂ ਇਹ ਵੀ ਸਾਹਮਣੇ ਆ ਰਿਹਾ ਹੈ ਕਿ ਸਰਕਾਰ ਦੇ ਆਪਣੇ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਇੱਕ ਗੰਭੀਰ ਮਾਮਲੇ ਦੇ ਬਾਵਜੂਦ ਜੇਲ੍ਹ ਅੰਦਰ ਵੀ.ਆਈ.ਪੀ. ਟ੍ਰੀਟਮੈਂਟ ਦਿੱਤਾ ਜਾ ਰਿਹਾ ਹੈ, ਜੋ ਪੰਜਾਬ ਵਿੱਚ ਚੱਲ ਰਹੇ ਦੋਹਰੇ ਮਾਪਦੰਡਾਂ ਨੂੰ ਬੇਨਕਾਬ ਕਰਦਾ ਹੈ। ਉਹਨਾਂ ਕਿਹਾ ਕਿ ਇੱਕ ਪਾਸੇ ਸਿੱਖ ਕੈਦੀਆਂ ਦੇ ਅਧਿਕਾਰਾਂ ਨੂੰ ਕੁਚਲਿਆ ਜਾ ਰਿਹਾ ਹੈ ਅਤੇ ਦੂਜੇ ਪਾਸੇ ਸੱਤਾ ਨਾਲ ਜੁੜੇ ਲੋਕਾਂ ਨੂੰ ਵਿਸ਼ੇਸ਼ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਬਾਪੂ ਤਰਸੇਮ ਸਿੰਘ ਜੀ ਨੇ ਜੇਲ ਪ੍ਰਸ਼ਾਸਨ ਵੱਲੋਂ ਸਿੱਖ ਨਜ਼ਰਬੰਦੀਆਂ ਨਾਲ ਕੀਤੇ ਜਾ ਰਹੇ ਇਸ ਘੱਟੀਆ ਰਵੱਈਏ ਦੀ ਸਖ਼ਤ ਲਫਜਾਂ ਵਿੱਚ ਨਿਖੇਧੀ ਕੀਤੀ ਅਤੇ ਪੰਜਾਬ ਸਰਕਾਰ ਅਤੇ ਖ਼ਾਸ ਕਰਕੇ ਡੀ.ਜੀ.ਪੀ. ਜੇਲ੍ਹਾਂ ਨੂੰ ਸਿੱਧਾ ਸਵਾਲ ਕੀਤਾ ਕਿ ਕੀ ਇਹੀ ਤੁਹਾਡੀ ਕਾਨੂੰਨ-ਵਿਵਸਥਾ ਹੈ, ਜਿੱਥੇ ਜੇਲ੍ਹਾਂ ਅੰਦਰ ਧਾਰਮਿਕ ਅਪਮਾਨ ਨੂੰ ਖੁੱਲ੍ਹੀ ਛੂਟ ਮਿਲ ਰਹੀ ਹੈ ਅਤੇ ਕੈਦੀਆਂ ਦੇ ਮੂਲ ਅਧਿਕਾਰਾਂ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ ? ਜੇ ਇਹ ਮਾਮਲੇ ਤੁਰੰਤ ਗੰਭੀਰਤਾ ਨਾਲ ਨਾਂ ਲਏ ਗਏ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਨਾਂ ਕੀਤੀ ਗਈ ਤਾਂ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਜਲਦ ਮੀਟਿੰਗ ਬੁਲਾ ਕੇ ਸਖ਼ਤ ਸਟੈਂਡ ਲਿਆ ਜਾਵੇਗਾ। ਅਕਾਲੀ ਦਲ ਵਾਰਿਸ ਪੰਜਾਬ ਦੇ 'ਤੇ ਪੰਜਾਬ ਦੀ ਸਮੂਹ ਸੰਗਤ ਹੁਣ ਚੁੱਪ ਨਹੀਂ ਰਹੇਗੀ। ਸਰਕਾਰ ਨੂੰ ਬਿਆਨਾਂ ਨਾਲ ਨਹੀਂ, ਸਗੋਂ ਤੁਰੰਤ ਅਤੇ ਢੁਕਵੇਂ ਕਦਮ ਚੁੱਕ ਕੇ ਸੱਚ ਅਤੇ ਇਨਸਾਫ਼ ਨੂੰ ਯਕੀਨੀ ਬਣਾਉਣਾ ਪਵੇਗਾ।

**ਮਾਮਲਾ ਪ੍ਰਧਾਨ ਮੰਤਰੀ ਬਾਜੇਕੇ ਅਤੇ ਸੰਦੀਪ ਸਿੰਘ ਸੰਨੀ ਤੇ ਜੇਲ ਪ੍ਰਸ਼ਾਸਨ ਦੁਆਰਾ ਧੱਕੇਸ਼ਾਹੀ ਤੇ ਧਾਰਮਿਕ ਅਪਮਾਨ ਦਾ**

# ਮੌੜ ਮੰਡੀ ਦੀ ਧਾਗਾ ਮਿਲ 'ਚ ਲੱਗੀ ਭਿਆਨਕ ਅੱਗ, ਕਰੋੜਾਂ ਰੁਪਏ ਦਾ ਹੋਇਆ ਨੁਕਸਾਨ




ਤਲਵੰਡੀ ਸਾਬੋ, 27 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਤਲਵੰਡੀ ਸਾਬੋ ਦੇ ਨਾਲ ਲਗਦੇ ਸ਼ਹਿਰ ਮੌੜ ਮੰਡੀ ਵਿੱਚ ਪਿਛਲੇ ਲੰਬੇ ਸਮੇਂ ਤੋਂ ਸੈਂਕੜੇ ਵਰਕਰਾਂ ਨੂੰ ਰੁਜ਼ਗਾਰ ਦੇ ਰਹੀ ਧਾਗਾ ਮਿਲ ਪ੍ਰਤਾਪ ਸਪਿੰਟੈਕਸ ਵਿੱਚ ਅੱਜ ਦੁਪਹਿਰ ਦੇ ਸਮੇਂ ਭਿਆਨਕ ਅੱਗ ਲੱਗ ਗਈ। ਅੱਗ ਐਨੀ ਜਿਆਦਾ ਸੀ ਕਿ ਦੇਖਦੇ ਹੀ ਦੇਖਦੇ ਪੂਰੇ ਧਾਗਾ ਮਿੱਲ ਦੀ ਇਕ ਯੂਨਿਟ ਨੂੰ ਅੱਗ ਨੇ ਆਪਣੇ ਲਪੇਟ 'ਚ ਲੈ ਲਿਆ ਅਤੇ ਉੱਥੇ ਕੰਮ ਕਰ ਰਹੇ ਵਰਕਰਾਂ ਨੇ ਆਪਣੀ ਮੁਸ਼ਤੈਦੀ ਨਾਲ ਬਾਹਰ ਨਿਕਲ ਕੇ ਅੱਗ ਬੁਝਾਉਣੀ ਸ਼ੁਰੂ ਕਰ ਦਿੱਤੀ। ਅੱਗ ਦੀ ਸੂਚਨਾ ਮਿਲਦੇ ਹੀ ਫੈਕਟਰੀ ਦੇ ਮਾਲਕਾਂ ਨੇ ਇਸ ਦੀ ਸੂਚਨਾ ਤੁਰੰਤ ਪੁਲਿਸ ਅਤੇ ਫਾਇਰ ਬ੍ਰਿਗੇਡ ਵਿਭਾਗ ਨੂੰ ਦਿੱਤੀ ਜਿੱਥੋਂ ਦੋ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਧਾਗਾ ਮਿਲ ਵਿੱਚ ਪਹੁੰਚੀਆਂ। ਅੱਗ ਐਨੀ ਭਿਆਨਕ ਸੀ ਕਿ ਦੋਨੇ ਗੱਡੀਆਂ ਅੱਗ ਬੁਝਾਉਣ ਵਿੱਚ ਅਸਮਰਥ ਹੁੰਦੀਆਂ ਵੇਖ ਫੈਕਟਰੀ ਮਾਲਕਾਂ ਵੱਲੋਂ ਬਠਿੰਡਾ ਫਾਇਰ ਬ੍ਰਿਗੇਡ ਤੋਂ ਹੋਰ ਗੱਡੀਆਂ ਦੀ ਮੰਗ ਕੀਤੀ। ਜਿਕਰਯੋਗ ਹੈ ਕਿ ਇਹ ਧਾਗਾ ਮਿੱਲ ਮੌੜ ਮੰਡੀ ਵਿੱਚ ਲੰਬੇ ਸਮੇਂ ਤੋਂ ਚੱਲ ਰਹੀ ਸੀ ਅਤੇ ਜਿਸ ਵਿੱਚ ਸੈਂਕੜੇ ਲੋਕ ਰੁਜ਼ਗਾਰ ਕਰ ਰਹੇ ਹਨ। ਫੈਕਟਰੀ ਮਾਲਕਾਂ ਨੇ ਦੱਸਿਆ ਕਿ ਅੱਗ ਲੱਗਣ ਦੇ ਕਾਰਨਾਂ ਦਾ ਅਜੇ ਕੁਝ ਪਤਾ ਨਹੀਂ ਲੱਗਿਆ ਪਰ ਫੈਕਟਰੀ ਅੰਦਰ ਕਰੋੜਾਂ ਰੁਪਏ ਦਾ ਨੁਕਸਾਨ ਹੋਇਆ ਹੈ। ਖ਼ਬਰ ਲਿਖੇ ਜਾਣ ਤੱਕ ਰਾਹਤ ਕਾਰਜ ਜਾਰੀ ਸੀ।

# ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਮਨਾਇਆ ਆਸ਼ਾ ਫੈਸਿਲੀਟੇਟਰ ਅਤੇ ਵਰਕਰ ਦਿਵਸ, ਬਿਹਤਰੀਨ ਸੇਵਾਵਾਂ ਲਈ ਆਸ਼ਾ ਵਰਕਰਾਂ ਦਾ ਸਨਮਾਨ



**ਤਲਵੰਡੀ ਸਾਬੋ, 27 ਅਪ੍ਰੈਲ ਗੁਰਜੰਟ ਸਿੰਘ ਨਥੇਹਾ)**-ਪੰਜਾਬ ਸਰਕਾਰ ਵੱਲੋਂ ਆਸ਼ਾ ਫੈਸਿਲੀਟੇਟਰ ਅਤੇ ਵਰਕਰ ਦਿਵਸ ਦੇ ਤੌਰ 'ਤੇ ਮਨਾਏ ਜਾਣ ਵਾਲੇ ਪ੍ਰੋਗਰਾਮ ਤਹਿਤ, ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੀਆਂ ਹਦਾਇਤਾਂ ਅਨੁਸਾਰ ਐਸ.ਡੀ.ਐਚ ਤਲਵੰਡੀ ਸਾਬੋ ਵਿਖੇ ਇਹ ਦਿਵਸ ਮਨਾਇਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਜੱਚਾ ਅਤੇ ਬੱਚੇ ਦੀ ਸਿਹਤ ਸੰਭਾਲ ਵਿੱਚ ਆਸ਼ਾ ਵਰਕਰਾਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਸ਼ਾ ਵਰਕਰਾਂ ਦੀ ਮਹੱਤਤਾ ਨੂੰ ਮੱਦੇਨਜ਼ਰ ਰੱਖਦੇ ਹੋਏ ਹਰ ਸਾਲ ਇਹ ਦਿਵਸ ਮਨਾਉਣ ਦਾ ਫੈਸਲਾ ਕਾਬਿਲ-ਏ-ਤਾਰੀਫ਼ ਹੈ, ਜਿਸ ਨਾਲ ਆਸ਼ਾ ਵਰਕਰਾਂ ਦਾ ਮਨੋਬਲ ਹੋਰ ਮਜ਼ਬੂਤ ਹੁੰਦਾ ਹੈ। ਬਲਾਕ ਐਜੂਕੇਟਰ ਗੁਰਸਿਮਰਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਕੇ ਸਾਲ ਭਰ ਦੌਰਾਨ ਸ਼੍ਰੇਸ਼ਠ ਕੰਮ ਕਰਨ ਵਾਲੀਆਂ ਚਾਰ ਆਸ਼ਾ ਵਰਕਰਾਂ ਅਤੇ ਉਨ੍ਹਾਂ ਦੀ ਫੈਸਿਲੀਟੇਟਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸਨਮਾਨ ਪ੍ਰਾਪਤ ਕਰਨ ਵਾਲੀਆਂ ਆਸ਼ਾ ਵਰਕਰਾਂ ਵਿੱਚ ਪਹਿਲੇ ਸਥਾਨ 'ਤੇ ਪਿੰਡ ਜਗਾ ਰਾਮ ਤੀਰਥ ਦੀ ਸਰਬਜੀਤ ਕੌਰ, ਦੂਜੇ ਸਥਾਨ 'ਤੇ ਪਿੰਡ ਗਿਆਨਾ ਦੀ ਕਰਮਜੀਤ ਕੌਰ ਅਤੇ ਤੀਜੇ ਸਥਾਨ 'ਤੇ ਪਿੰਡ ਜੀਵਨ ਸਿੰਘ ਵਾਲਾ ਦੀ ਚਰਨਜੀਤ ਕੌਰ ਰਹੀ। ਇਸ ਦੇ ਨਾਲ ਹੀ ਆਸ਼ਾ ਫੈਸਿਲੀਟੇਟਰ ਸੁਖਦੇਵ ਕੌਰ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਆਸ਼ਾ ਵਰਕਰਾਂ ਨੂੰ ਜੇਤੂਆਂ ਤੋਂ ਪ੍ਰੇਰਨਾ ਲੈ ਕੇ ਆਪਣੀਆਂ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਉਤਸ਼ਾਹਿਤ ਕੀਤਾ ਗਿਆ ਅਤੇ ਸਨਮਾਨਿਤ ਵਰਕਰਾਂ ਨੂੰ ਵਧਾਈ ਦਿੱਤੀ ਗਈ।

'ਰੰਗਲਾ ਪੰਜਾਬ' ਬਣਾਉਣ ਦੇ ਦਾਅਵੇ ਕਰਨ ਵਾਲੀ ਸਰਕਾਰ ਨੇ ਬਣਾਇਆ ਕਰਜਾਈ ਪੰਜਾਬ: ਭਾਈ ਅਮਨਦੀਪ ਸਿੰਘ

# ਲੁੱਟੇ ਤਾ ਪੰਜਾਬੀ ਗਏ, ਭਾਜਪਾ ਵਲੋਂ ਵੀ ਤੇ ਝਾੜੂ ਵਲੋਂ ਵੀ



**ਨਵੀਂ ਦਿੱਲੀ 27 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਪੰਜਾਬ ਨਾਲ ਗੱਦਾਰੀ ਸਿਰਫ਼ ਕਿਸੇ ਇੱਕ ਵਿਅਕਤੀ (ਰਾਘਵ ਚੱਢਾ) ਨੇ ਨਹੀਂ, ਸਗੋਂ ਪੂਰੀ ਆਮ ਆਦਮੀ ਪਾਰਟੀ ਨੇ ਕੀਤੀ ਹੈ।

ਸੱਚ ਤਾਂ ਇਹ ਹੈ ਕਿ ਪੰਜਾਬ ਦੇ ਲੋਕਾਂ ਨੇ ਕਦੇ ਇਨ੍ਹਾਂ ਰਾਜ ਸਭਾ ਮੈਂਬਰਾਂ ਨੂੰ ਚੁਣਿਆ ਹੀ ਨਹੀਂ ਸੀ; ਇਹ ਸਾਰੇ ਤਾਂ ਪੰਜਾਬ ਸਿਰ ਥੋਪੇ ਗਏ ਸਨ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਜੀ ਦੇ ਪੰਥ ਪ੍ਰਸਿੱਧ ਹਜੂਰੀ ਰਾਗੀ ਭਾਈ ਅਮਨਦੀਪ ਸਿੰਘ ਨੇ ਕਿਹਾ ਜਦੋਂ ਆਪਣਿਆਂ ਦੀ ਬਜਾਏ ਬਾਹਰਲੇ ਬੰਦੇ ਫੈਸਲੇ ਲੈਣਗੇ, ਤਾਂ ਨਤੀਜਾ ਇਹੀ ਹੋਣਾ ਸੀ। ਹੁਣ ਜਦੋਂ ਉਹ ਆਪਣਾ ਰਾਹ ਫੜ ਗਏ ਹਨ, ਤਾਂ ਪਾਰਟੀ ਵਾਲੇ ਚੀਕਾਂ ਮਾਰ ਰਹੇ ਹਨ। ਪੰਜਾਬ ਦੀ ਆਵਾਜ਼ ਪੰਜਾਬ ਦੇ ਲੋਕਾਂ ਦੇ ਹੱਥ ਵਿੱਚ ਹੋਣੀ ਚਾਹੀਦੀ ਹੈ, ਨਾ ਕਿ ਕਿਸੇ ਥੋਪੀ ਹੋਈ ਲੀਡਰਸ਼ਿਪ ਦੇ। ਇੰਨ੍ਹਾ ਲੋਕਾਂ ਨੇ ਪੰਜਾਬ ਨੂੰ ਦੋਨਾਂ ਹੱਥਾਂ ਨਾਲ ਇਤਨਾ ਲੂਟ ਲਿਆ ਕਿ ਪੰਜਾਬ ਦਾ ਕੁੱਲ ਕਰਜ਼ਾ ਮਾਰਚ 2026 ਤੱਕ ?4.17 ਲੱਖ ਕਰੋੜ ਤੱਕ ਪਹੁੰਚਣ ਦਾ ਅਨੁਮਾਨ ਹੈ, ਜਿਸ ਨਾਲ ਸੂਬਾ 'ਕਰਜ਼ੇ ਦੇ ਜਾਲ' ਵਿੱਚ ਫਸ ਰਿਹਾ ਹੈ। ਉਨ੍ਹਾਂ ਕਿਹਾ ਸੂਬੇ ਵਿੱਚ ਗੈਂਗਸਟਰ ਕਲਚਰ, ਫਿਰੌਤੀਆਂ ਅਤੇ ਸੰਗਠਿਤ ਅਪਰਾਧ ਵਿੱਚ ਵਾਧੇ ਨੂੰ ਲੈ ਕੇ ਸਰਕਾਰ ਬੁਰੀ ਤਰ੍ਹਾਂ ਨਾਕਾਮਯਾਬ ਹੋਈ ਹੈ ਜਿਸ ਕਰਕੇ ਰਾਜ ਵਿੱਚ ਡਰ ਦਾ ਮਾਹੌਲ ਬਣਿਆ ਹੈ। ਸਰਕਾਰ ਵੱਲੋਂ ਨਸ਼ਿਆਂ ਵਿਰੁੱਧ 'ਜੰਗ' ਦੇ ਦਾਅਵਿਆਂ ਦੇ ਬਾਵਜੂਦ, ਧਰਾਤਲ 'ਤੇ ਨਸ਼ਿਆਂ ਦਾ ਪ੍ਰਸਾਰ ਜਾਰੀ ਹੈ, ਜਿਸ ਲਈ ਪੁਲਿਸ ਅਤੇ ਤਸਕਰਾਂ ਦੇ ਕਥਿਤ ਗਠਜੋੜ ਨੂੰ ਜ਼ਿੰਮੇਵਾਰ ਠਹਿਰਾਇਆ ਜਾਂਦਾ ਹੈ। ਇਹ ਦੋਸ਼ ਲਗਾਇਆ ਜਾਂਦਾ ਹੈ ਕਿ ਪੰਜਾਬ ਸਰਕਾਰ ਦੇ ਫੈਸਲੇ ਦਿੱਲੀ ਵਿੱਚ ਬੈਠੀ ਲੀਡਰਸ਼ਿਪ ਵੱਲੋਂ ਲਏ ਜਾਂਦੇ ਹਨ, ਅਤੇ ਹਰ ਫਾਈਲ ਉਪਰ ਦਿੱਲੀ ਦੇ ਹੁਕਮਾਂ ਅਨੁਸਾਰ ਕਾਰਵਾਈ ਹੋਣ ਕਰਕੇ ਪੰਜਾਬ ਦੀ ਖ਼ੁਦਮੁਖ਼ਤਿਆਰੀ ਨੂੰ ਨੁਕਸਾਨ ਪਹੁੰਚ ਰਿਹਾ ਹੈ। ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ, ਲੀਡਰਾਂ ਉੱਤੇ ਪੰਜਾਬ ਨਾਲ ਧੋਖਾਧੜੀ ਅਤੇ ਅਣਦੇਖੀ ਦੇ ਕਈ ਗੰਭੀਰ ਇਲਜ਼ਾਮ ਲੱਗੇ ਹਨ। ਉਨ੍ਹਾਂ ਕਿਹਾ ਜਿੱਥੇ ਮੁੱਖ ਮੰਤਰੀ ਭਗਵੰਤ ਮਾਨ ਆਪਣੀਆਂ ਚੋਣ ਗਾਰੰਟੀਆਂ ਪੂਰੀਆਂ ਕਰਨ ਦਾ ਦਾਅਵਾ ਕਰਦੇ ਹਨ, ਉੱਥੇ ਹੀ ਵਿਰੋਧੀ ਧਿਰਾਂ ਅਤੇ ਜਨਤਾ ਵੱਲੋਂ ਕਈ ਮੁੱਦਿਆਂ 'ਤੇ ਤਿੱਖੀ ਆਲੋਚਨਾ ਕੀਤੀ ਜਾ ਰਹੀ ਹੈ। 'ਆਪ' ਦੇ ਕਈ ਵੱਡੇ ਲੀਡਰਾਂ 'ਤੇ ਵਿੱਤੀ ਬੇਨਿਯਮੀਆਂ ਦੇ ਇਲਜ਼ਾਮ ਲੱਗੇ ਹਨ। ਰਾਜ ਸਭਾ ਮੈਂਬਰ ਅਸ਼ੋਕ ਕੁਮਾਰ ਮਿੱਤਲ ਅਤੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੇ ਟਿਕਾਣਿਆਂ 'ਤੇ ਇਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਛਾਪੇਮਾਰੀ ਕੀਤੀ ਗਈ ਹੈ। ਕਿਸਾਨਾਂ ਦਾ ਇਲਜ਼ਾਮ ਹੈ ਕਿ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਹੀਂ ਦਿੱਤਾ ਅਤੇ ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ ਉਨ੍ਹਾਂ ਨਾਲ ਸਖਤੀ ਵਰਤੀ ਗਈ। ਜਦੋਂ ਕਿ ਸਰਕਾਰ "ਰੰਗਲਾ ਪੰਜਾਬ" ਬਣਾਉਣ ਦੇ ਦਾਅਵੇ ਕਰ ਰਹੀ ਹੈ ਪਰ ਇਹ ਰੰਗਲਾ ਨਾ ਬਣ ਕੇ ਕਰਜਾਈ ਪੰਜਾਬ ਜਰੂਰ ਬਣਾ ਦਿੱਤਾ ਗਿਆ ਹੈ। ਸੂਬੇ ਅੰਦਰ ਜਿਸ ਤਰੀਕੇ ਨਾਲ ਸਿੱਖ ਨੌਜਵਾਨਾਂ ਨੂੰ ਪੁਲਿਸ ਮੁਕਾਬਲਿਆਂ ਵਿੱਚ ਮਾਰਿਆ ਜਾ ਰਿਹਾ ਹੈ, ਨੌਜਵਾਨਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾਂਦਾ ਹੈ, ਉਸ ਨੇ ਮਰਹੂਮ ਮੁੱਖ ਮੰਤਰੀ ਬੇਅੰਤ ਸਿੰਘ ਦੇ ਰਾਜ ਨੂੰ ਚੇਤੇ ਕਰਵਾ ਦਿਤਾ ਹੈ । ਜਿਸ ਕਾਰਨ ਵੱਡੀ ਗਿਣਤੀ ਸਿੱਖ ਨੌਜਵਾਨ ਵਿਦੇਸ਼ ਜਾ ਰਹੇ ਹਨ ਤਾਂ ਕਿ ਉਹ ਪੁਲਿਸ ਦੇ ਦਮਨ ਚੱਕਰ ਤੋਂ ਬਚੇ ਰਹਿਣ। ਮਾਪੇ ਵੀ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜ ਰਹੇ ਹਨ ਤਾਂ ਕਿ ਉਨ੍ਹਾਂ ਦੇ ਬੱਚੇ ਪੁਲਿਸ ਦੇ ਚੱਕਰ ਵਿੱਚ ਨਾ ਫਸ ਸਕਣ। ਇਸ ਲਈ ਮੁਆਫ ਤਾਂ ਪੰਜਾਬੀਆਂ ਨੇ ਤੁਹਾਨੂੰ ਵੀ ਨਹੀਂ ਕਰਨਾ ਹੈ । ਜਿਹੜੇ 7 ਮੈਂਬਰ ਆਪ ਤੋਂ ਭਾਜਪਾਈ ਬਣੇ ਹਨ ਤੇ ਕੁਝ ਹੋਰ ਈਡੀ ਦੇ ਡਰ ਤੋਂ ਬਣਨ ਨੂੰ ਤਿਆਰ ਹਨ, ਇਹਨਾਂ 7 ਮੈਂਬਰਾ ਵਿੱਚੋ ਕਿਹੜਾ ਪੰਜਾਬ ਵਿੱਚੋ ਚੁਣ ਕੇ ਭੇਜਿਆ ਸਾਰੇ ਬਾਹਰ ਦੀਆਂ ਸਟੇਟਾ ਵਿੱਚੋ ਚੁਣੇ ਗਏ ਸਨ । ਕੇਜਰੀਵਾਲ ਵਰਗਾ ਗ਼ੱਦਾਰ ਭੋਲੇ ਭਾਲੇ ਪੰਜਾਬੀਆਂ ਨੂੰ ਫੁਸਲਾ ਕੇ ਸਰਕਾਰ ਬਣਾ ਗਿਆ ਪਰ ਪੰਜਾਬ ਦਾ ਭਲਾ ਕਰਣ ਦੀ ਥਾਂ ਪੰਜਾਬ ਨੂੰ ਲੁੱਟੀ ਗਿਆ। ਅੰਤ ਵਿਚ ਉਨ੍ਹਾਂ ਕਿਹਾ ਲੁੱਟੇ ਤਾ ਪੰਜਾਬੀ ਗਏ ਭਾਜਪਾ ਵਲੋ ਵੀ ਤੇ ਝਾੜੂ ਵਲੋ ਵੀ।

ਨਸ਼ਿਆਂ ਦੇ ਛੇਵੇਂ ਦਰਿਆ ਦੇ ਨਾਲ ਨਾਲ ਪੰਜਾਬ 'ਚ ਲੱਚਰ ਗਾਇਕੀ ਕਰ ਰਹੀ ਨੌਜਵਾਨਾਂ ਦਾ ਘਾਣ

# ਲੱਚਰ ਗਾਣਿਆਂ ਨੂੰ ਲਾਗੂ ਤੇ ਪ੍ਰਮੋਟ ਕਰਨ ਵਾਲੇ ਰੰਗਲੇ ਪੰਜਾਬ ਦੀ ਭਾਸ਼ਾ ਨੂੰ ਗੰਧਲਾ ਕਰਨ ਚ ਬਰਾਬਰ ਦੇ ਕਸੂਰਵਾਰ



**ਜੰਡਿਆਲਾ ਗੁਰੂ, 27 ਅਪ੍ਰੈਲ (ਕੁਲਵੰਤ ਸਿੰਘ ਵਿਰਦੀ )**-ਪੰਜਾਬ ਨੂੰ ਕਿਸੇ ਟਾਈਮ ਤੇ ਸੋਨੇ ਦੀ ਜਿਹੜੀ ਦਾ ਦਰਜਾ ਦਿੱਤਾ ਗਿਆ ਸੀ।, ਕਿਉਂਕਿ ਇੱਥੋਂ ਦਾ ਸੱਭਿਆਚਾਰ , ਪਹਿਰਾਵਾ, ਪੰਜਾਬੀ ਕਲਚਰ,ਅਤੇ ਦੁੱਧ ਮੱਖਣਾਂ ਨਾਲ ਪਲੀ ਜਵਾਨੀ,ਅਤੇ ਪੰਜਾਬ ਦਾ ਵਿਰਸਾ, ਪੰਜਾਬ ਦੀਆ ਵਿਰਾਸਤੀ ਖੇਡਾਂ, ਪੰਜਾਬ ਦਾ ਲੋਕ ਨਾਚ ਪਿੰਡਾਂ ਵਿਚ ਲੱਗਦੇ ਮੱਲ ਅਖਾੜੇ, ਵਿਰਾਸਤੀ ਮੇਲੇ, ਪੰਜਾਬੀਆ ਦਾ ਮਿਲਣਸਾਰ ਸੁਭਾਅ ਪੰਜਾਬੀਆਂ ਦੀ ਜਿੰਦਾਦਿਲੀ, ਪੰਜਾਬੀਆ ਦੀ ਰਹਿਮਦਿਲੀ, ਲੋਕਾਂ ਪ੍ਰਤੀ ਹਮਦਰਦੀਆਂ ਅਤੇ ਸਬ ਤੋ ਵੱਧ ਪੰਜਾਬੀਆਂ ਦੀਆਂ ਕੁਰਬਾਨੀ ਇਹਨਾਂ ਸਭ ਗੱਲਾਂ ਕਰਕੇ ਪੰਜਾਬ ਅਤੇ ਪੰਜਾਬੀ ਪੂਰੀ ਦੁਨੀਆ ਵਿਚ ਛਾਏ ਹਨ। ਪਰ ਅਫਸੋਸ ਅੱਜ ਦੇ ਜ਼ਮਾਨੇ ਵਿਚ ਇਹਨਾਂ ਸਬ ਚੀਜ਼ਾਂ ਤੋਂ ਅਸੀ ਵਿਸਰ ਚੁੱਕੇ ਹਾਂ ਭੁਲ ਚੁਕੇ ਹਾ ਕਿ ਸਾਡੀ ਹੋਂਦ ਕੀ ਸੀ ਤੇ ਅਸੀ ਕਿਸ ਮਿੱਟੀ ਦੇ ਜਾਏ ਹਾਂ ਇਹਨਾ ਸਬ ਗੱਲਾ ਤੋ ਅਸੀ ਕੋਹਾਂ ਦੂਰ ਜਾ ਬੈਠੇ ਹਾਂ ਜੇਕਰ ਅੱਜ ਦੀ ਗੱਲ ਕਰੀਏ ਵਿਸੇ ਦੀ ਗੱਲ ਕਰੀਏ ਤਾਂ, ਅੱਜ ਪੰਜਾਬ ਨਸ਼ੇ ਦੇ ਛੇਵੇਂ ਦਰਿਆ ਵਿਚ ਜਕੜਿਆ ਪਿਆ ਹੈ,ਹਰ ਪਾਸੇ ਮੌਜੂਦਾ ਅਤੇ ਸਾਬਕਾ ਸਰਕਾਰਾਂ ਕੋਲ ਲੋਕ ਇੱਕ ਹੀ ਮੁੱਦਾ ਰੱਖ ਰਹੇ ਹਨ ਜੋ ਕਿ ਉਹ ਹੈ ਨਸ਼ੇ ਦਾ ਪਰ ਨਸ਼ੇ ਦੇ ਨਾਲ ਨਾਲ ਜੇਕਰ ਅੱਜ ਦੀ ਲੱਚਰ ਗਾਇਕੀ ਵੱਲ ਵੀ ਧਿਆਨ ਮਾਰਿਆ ਜਾਵੇ ਤਾਂ ਉਹ ਵੀ ਪੰਜਾਬ ਦੇ ਨੌਜਵਾਨਾਂ ਦੇ ਘਾਣ ਕਰਣ ਵਿੱਚ ਕੋਈ ਕਸਰ ਨਹੀਂ ਛੱਡ ਰਹੀ। ਇਸੇ ਹੀ ਵਿਸ਼ੇ ਤਹਿਤ, ਗੱਲ ਕਰੀਏ ਤਾਂ ਸਲੂਟ ਹੈ ਉਹਨਾਂ ਗਾਇਕਾਂ ਨੂੰ ਜੋ ਪਰਿਵਾਰ ਵਿੱਚ ਬੈਠ ਕੇ ਸੁਣੇ ਜਾ ਸਕਦੇ ਹਨ।, ਅਤੇ ਹੁਣ ਦੇ ਹਾਲਾਤਾਂ ਨੂੰ ਦਰਸਾਉਂਦੇ ਹੋਏ ਸੱਚ ਬਿਆਨ ਕਰਦੇ, ਪਰ ਦੂਜੇ ਪਾਸੇ ਇਸ ਤੇ ਉਲਟ, ਲੱਚਰ ਗਾਇਕੀ ਦੀ ਗੱਲ ਕਰੀਏ ਤਾਂ, ਉਨਾਂ ਨੇ ਤਾਂ ਬਿਲਕੁਲ ਹੱਦ ਹੀ ਕਰ ਛੱਡੀ, ਅੱਜ ਕੱਲ ਕਲਾਕਾਰਾਂ ਦੀ ਗਾਇਕੀ ਇਸ ਤਰ੍ਹਾਂ ਦੀ ਹੋ ਗਈ ਹੈ ਕਿ ਉਹ ਇਹ ਨਹੀਂ ਪਤਾ ਲੱਗਦਾ ਕਿ ਆਮ ਪੰਜਾਬੀ ਭਾਸ਼ਾ ਵਿੱਚ ਵਰਤੀਆਂ ਜਾਣ ਵਾਲੀਆਂ ਗਾਲਾਂ ਕੱਢ ਰਹੇ ਹਨ ਜਾਂ ਗੀਤ ਗਾਇਨ ਕਰ ਰਹੇ ਹਨ, ਹੈਰਾਨੀ ਵਾਲੀ ਗੱਲ ਹੈ ਕਿ ਇਹੋ ਜਿਹੇ ਗਾਣਿਆਂ ਨੂੰ ਪ੍ਰਮੋਟ ਕਰਨ ਵਾਲੇ ਵੀ ਉਨਾ ਹੀ ਕਸੂਰਵਾਰ ਹਨ। ਅਤੇ ਇਹਨਾਂ ਗਾਣਿਆਂ ਨੂੰ ਗਾਉਣ ਵਾਲੇ ਤਾਂ ਹੈ ਹੀ ਪਰ ਇਹਨਾਂ ਗਾਣਿਆਂ ਨੂੰ ਲਾਗੂ ਕਰਨ ਵਾਲੇ ਦੀ ਕਸੂਰਵਾਦ ਹਨ। ਚੰਦ ਪੈਸਿਆਂ ਦੀ ਖਾਤਰ ਅਸੀਂ ਆਪਣੇ ਰੰਗਲੇ ਪੰਜਾਬ ਦੀ ਭਾਸ਼ਾ ਨੂੰ ਗੰਧਲਾ ਕਰ ਰਹੇ ਹਾਂ।, ਤੇ ਮੁੱਢ ਕਦੀਮ ਦੀ ਗਾਇਕੀ ਨੂੰ ਨੁਕਰੇ ਲਾ ਰਹੇ ਹਾਂ।, ਕਿ ਅਸੀਂ ਇਹੋ ਜਿਹੀ ਗਾਇਕੀ ਪਰਿਵਾਰ ਵਿੱਚ ਬੈਠ ਕੇ ਸੁਣ ਸਕਦੇ ਹਾਂ ਜਿਸ ਵਿੱਚ ਸਿੱਧੀਆਂ ਹੀ ਗਾਲਾਂ ਅਤੇ ਸ਼ਬਦਾਂ ਦੀ ਭੱਦੀ ਸ਼ਬਦਾਵਲੀ ਦੀ ਵਰਤੋਂ ਕੀਤੀ ਗਈ ਹੈ।, ਜੋ ਕੇ ਲਿਖਣ ਲੱਗਿਆਂ ਵੀ ਸ਼ਰਮ ਆਉਂਦੀ ਪਰ ਬੋਲਣ ਵਾਲੇ ਨੂੰ ਬਿਲਕੁਲ ਵੀ ਨਹੀਂ, ਸੋ ਸਰਕਾਰ ਨੂੰ ਚਾਹੀਦਾ ਹੈ ਕਿ ਇਹੋ ਜਿਹੇ ਗਾਣਿਆਂ ਤੇ ਪੂਰੀ ਤਰ੍ਹਾ ਰੋਕ ਲਗਾਈ ਜਾਵੇ ਅਤੇ ਸੈਂਸਰ ਬੋਰਡ ਵੱਲੋਂ ਲਾਗੂ ਨਾ ਕੀਤਾ ਜਾਵੇ ਜੋ ਸਾਡੇ ਸਮਾਜ ਵਿੱਚ ਨੌਜਵਾਨਾਂ ਨੂੰ ਕੁਰਾਹੇ ਪਾਉਣ।

ਪ੍ਰੈਸ ਕਲੱਬ ਅੰਮ੍ਰਿਤਸਰ 'ਚ ਜਿੱਤ ਦੀ ਖੁਸ਼ੀ 'ਚ

# ਰਜਿੰਦਰ ਸਿੰਘ ਰੂਬੀ ਅਤੇ ਰੇਸ਼ਮ ਸਿੰਘ ਦਾ ਕੀਤਾ ਵਿਸ਼ੇਸ਼ ਸਨਮਾਨ



ਰਜਿੰਦਰ ਸਿੰਘ ਰੂਬੀ ਛੇਹਰਟਾ ਪ੍ਰੈਸ ਵੈਲਫੇਅਰ ਸੁਸਾਇਟੀ ਦੇ ਸਰਪ੍ਰਸਤ ਤੇ ਰੇਸ਼ਮ ਸਿੰਘ ਸੀਨੀਅਰ ਮੀਤ ਪ੍ਰਧਾਨ ਨਿਯੁਕਤ, ਖੁਸ਼ੀ 'ਚ ਕੀਤਾ ਸਮਾਗਮ

**ਜੰਡਿਆਲਾ ਗੁਰੂ , 27 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**- ਛੇਹਰਟਾ ਪ੍ਰੈਸ ਵੈਲਫੇਅਰ ਸੁਸਾਇਟੀ ਦੀ ਇੱਕ ਹੰਗਾਮੀ ਮੀਟਿੰਗ ਛੇਹਰਟਾ ਵਿੱਖੇ ਹੋਈ, ਜਿਸ ਵਿੱਚ ਸੁਸਾਇਟੀ ਨਾਲ ਜੁੜੇ ਮੈਂਬਰਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ। ਇਸ ਮੀਟਿੰਗ ਦੌਰਾਨ ਸੁਸਾਇਟੀ ਦੇ ਹਿਤਾਂ ਨੂੰ ਧਿਆਨ ਵਿੱਚ ਰੱਖਦਿਆਂ ਕਈ ਮਹੱਤਵਪੂਰਨ ਫੈਸਲੇ ਲਏ ਗਏ ਅਤੇ ਭਵਿੱਖੀ ਯੋਜਨਾਵਾਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਇੱਕ ਖਾਸ ਸਮਾਗਮ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਪ੍ਰੈਸ ਕਲੱਬ ਅੰਮ੍ਰਿਤਸਰ ਵਿੱਚ ਜਨਰਲ ਸਕੱਤਰ ਅਤੇ ਸਕੱਤਰ ਦੇ ਤੌਰ 'ਤੇ ਚੁਣੇ ਜਾਣ ਦੀ ਖੁਸ਼ੀ ਵਿੱਚ ਰੇਸ਼ਮ ਸਿੰਘ ਅਤੇ ਰਜਿੰਦਰ ਸਿੰਘ ਰੂਬੀ ਨੂੰ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ 'ਤੇ ਸੁਸਾਇਟੀ ਵੱਲੋਂ ਇੱਕ ਸਾਦੀ, ਪਰ ਭਾਵਪੂਰਣ ਪਾਰਟੀ ਵੀ ਕੀਤੀ ਗਈ, ਜਿਸ ਵਿੱਚ ਸਾਰੇ ਮੈਂਬਰਾਂ ਨੇ ਮਿਲ ਕੇ ਭੰਗੜੇ ਪਾਏ ਅਤੇ ਖੁਸ਼ੀ ਦਾ ਇਜ਼ਹਾਰ ਕੀਤਾ। ਮੀਟਿੰਗ ਦੌਰਾਨ ਛੇਹਰਟਾ ਪ੍ਰੈਸ ਵੈਲਫੇਅਰ ਸੁਸਾਇਟੀ ਵਿੱਚ ਨਵੇਂ ਅਹੁਦਿਆਂ ਦਾ ਵੀ ਐਲਾਨ ਕੀਤਾ ਗਿਆ। ਜਿਸ ਵਿਚ ਸੀਨੀਅਰ ਪੱਤਰਕਾਰ ਰਜਿੰਦਰ ਸਿੰਘ ਰੂਬੀ ਨੂੰ ਸੁਸਾਇਟੀ ਦਾ ਸਰਪ੍ਰਸਤ ਨਿਯੁਕਤ ਕੀਤਾ ਗਿਆ, ਜਦਕਿ ਸੀਨੀਅਰ ਪੱਤਰਕਾਰ ਰੇਸ਼ਮ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ। ਇਸ ਦੇ ਨਾਲ ਹੀ ਗੁਰਦੀਪ ਸਿੰਘ ਭੱਟੀ ਅਤੇ ਅਸ਼ੋਕ ਕੁਮਾਰ ਨੂੰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਸੁਸਾਇਟੀ ਦੇ ਨਵਨਿਯੁਕਤ ਸਾਰੇ ਨਵੇਂ ਅਹੁਦੇਦਾਰਾਂ ਨੇ ਸੁਸਾਇਟੀ ਦੀ ਭਲਾਈ ਅਤੇ ਪੱਤਰਕਾਰ ਭਾਈਚਾਰੇ ਦੀ ਸੇਵਾ ਲਈ ਪੂਰੀ ਤਨਦੇਹੀ ਅਤੇ ਨਿਸ਼ਠਾ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ 'ਤੇ ਪ੍ਰਧਾਨ ਸਰਵਨ ਸਿੰਘ ਰੰਧਾਵਾ ਅਤੇ ਚੇਅਰਮੈਨ ਜਤਿੰਦਰ ਸਿੰਘ ਬੇਦੀ ਵੱਲੋਂ ਪ੍ਰੈਸ ਕਲੱਬ ਅੰਮ੍ਰਿਤਸਰ ਦੇ ਨਵਨਿਯੁਕਤ ਜਨਰਲ ਸਕੱਤਰ ਰੇਸ਼ਮ ਸਿੰਘ ਅਤੇ ਸਕੱਤਰ ਰਜਿੰਦਰ ਸਿੰਘ ਰੂਬੀ ਨੂੰ ਸਿਰੋਪਾਓ ਅਤੇ ਸ੍ਰੀ ਸਾਹਿਬ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਹ ਦੋਵੇਂ ਅਹੁਦੇਦਾਰ ਪੱਤਰਕਾਰ ਭਾਈਚਾਰੇ ਦੀ ਆਵਾਜ਼ ਨੂੰ ਮਜ਼ਬੂਤ ਕਰਨ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਉਣਗੇ। ਪ੍ਰਧਾਨ ਸਰਵਨ ਸਿੰਘ ਰੰਧਾਵਾ ਅਤੇ ਚੇਅਰਮੈਨ ਜਤਿੰਦਰ ਸਿੰਘ ਬੇਦੀ ਨੇ ਆਪਣੇ ਸੰਬੋਧਨ ਵਿੱਚ ਰਜਿੰਦਰ ਸਿੰਘ ਰੂਬੀ ਅਤੇ ਰੇਸ਼ਮ ਸਿੰਘ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਇਹ ਦੋਵੇਂ ਪੰਜਾਬ ਦੀ ਨਾਮਵਰ 'ਅਜੀਤ' ਅਖਬਾਰ ਦੇ ਸੀਨੀਅਰ ਅਤੇ ਅਨੁਭਵੀ ਪੱਤਰਕਾਰ ਹਨ, ਜੋ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣਗੇ। ਉਨ੍ਹਾਂ ਆਸ ਜਤਾਈ ਕਿ ਨਵੀਂ ਟੀਮ ਸੁਸਾਇਟੀ ਨੂੰ ਹੋਰ ਉੱਚਾਈਆਂ 'ਤੇ ਲੈ ਕੇ ਜਾਵੇਗੀ ਅਤੇ ਪੱਤਰਕਾਰਾਂ ਦੇ ਹੱਕਾਂ ਲਈ ਹਮੇਸ਼ਾ ਯਤਨਸ਼ੀਲ ਰਹੇਗੀ। ਅਖੀਰ ਵਿੱਚ ਸੁਸਾਇਟੀ ਦੇ ਸਮੂਹ ਮੈਂਬਰਾਂ ਨੇ ਇਕਜੁੱਟ ਹੋ ਕੇ ਸੁਸਾਇਟੀ ਦੀ ਮਜ਼ਬੂਤੀ ਲਈ ਕੰਮ ਕਰਨ ਦਾ ਸੰਕਲਪ ਲਿਆ ਅਤੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਜਨਰਲ ਸਕੱਤਰ ਗਗਨ ਜੋਸ਼ੀ, ਸਰਪੰਚ ਪਰਮਿੰਦਰ ਸਿੰਘ ਕੰਡਿਆਲ, ਸੁਨੀਲ ਕੁਮਾਰ, ਪਰਮਜੀਤ ਸਿੰਘ, ਸੰਦੀਪ ਸੈਂਡੀ, ਚੰਦਨ ਨਗੀਨਾ, ਡਾ. ਸਰਵਨ ਸਿੰਘ, ਰਾਜਨ ਕੁਮਾਰ, ਮਨਜਿੰਦਰ ਸਿੰਘ ਸੋਨੂੰ, ਵਿਸ਼ਾਲ ਸ਼ਰਮਾ, ਪ੍ਰਦੀਪ ਕੁਮਾਰ, ਅਸ਼ੋਕ ਕੁਮਾਰ, ਰਿੰਕੂ ਕੁਮਾਰ, ਮੇਜ਼ਰ ਸਿੰਘ, ਗਗਨਦੀਪ ਸਿੰਘ, ਨਵੀਨ ਹਾਂਡਾ, ਗੁਲਸ਼ਨ ਸੋਨੀ, ਚਾਚਾ ਸੇਵਕ ਸਿੰਘ, ਵਰਿੰਦਰਜੀਤ ਸਿੰਘ ਮਿੰਟੂ ਅਰੋੜਾ, ਸੁਰਿੰਦਰ ਸਹੋਤਾ, ਸੁਨੀਲ ਖੋਸਲਾ, ਗੁਰਜਿੰਦਰ ਸਿੰਘ ਆਦਿ ਪੱਤਰਕਾਰ ਹਾਜ਼ਰ ਸਨ।

# ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਭਾਰੀ ਗਰਮੀ 'ਚ ਦਰਸ਼ਨਾਂ ਲਈ ਪੁੱਜ ਰਹੀ ਸੰਗਤ ਦੀ ਸਹੂਲਤ ਲਈ ਸਖ਼ਤ ਪ੍ਰਬੰਧ - ਡਾ. ਵਿਜੇ ਸਤਬੀਰ ਸਿੰਘ ਆਈ ਏ ਐਸ (ਰਿਟਾ)







**ਚੌਕ ਮਹਿਤਾ, 27 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਰਾਠਵਾੜਾ ਖੇਤਰ ਵਿੱਚ ਮੌਜੂਦਾ ਸਮੇਂ ਚੱਲ ਰਹੀ ਭਿਆਨਕ ਗਰਮੀ ਦੇ ਮੱਦੇਨਜ਼ਰ, ਅਤੇ ਦੇਸ਼-ਵਿਦੇਸ਼ਾਂ ਤੋਂ ਗੁਰਦੁਆਰਾ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਵਿਖੇ ਦਰਸ਼ਨਾਂ ਲਈ ਆਉਣ ਵਾਲੇ ਹਜ਼ਾਰਾਂ ਸ਼ਰਧਾਲੂਆਂ ਲਈ ਭਾਰੀ ਗਰਮੀ ਤੋਂ ਆਰਾਮ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਗੁਰਦੁਆਰਾ ਸੱਚਖੰਡ ਬੋਰਡ ਦੇ ਪ੍ਰਸ਼ਾਸਕ ਡਾ. ਵਿਜੇ ਸਤਬੀਰ ਸਿੰਘ ਆਈ ਏ ਐਸ (ਰਿਟਾ) ਨੇ ਮੁੱਖ ਗੁਰਦੁਆਰਾ ਸਾਹਿਬ ਦੇ ਸਾਰੇ ਦਰਸ਼ਨੀ ਡਿਓੜੀਆ ਦੇ ਨਾਲ-ਨਾਲ ਆਸ ਪਾਸ ਦੇ ਸਾਰੇ ਲੋਕਲ ਗੁਰਦੁਆਰਾ ਸਾਹਿਬਾਨ ਵਿੱਚ ਸ਼ਰਧਾਲੂਆਂ ਲਈ ਠੰਡੇ ਪਾਣੀ ਦੀ ਛਬੀਲ ਲਗਾਉਣ ਨਿਰਦੇਸ਼ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਗਰਮੀ ਦੇ ਦੌਰੇ ਨੂੰ ਰੋਕਣ ਅਤੇ ਤੁਰੰਤ ਡਾਕਟਰੀ ਸਹਾਇਤਾ ਨੂੰ ਯਕੀਨੀ ਬਣਾਉਣ ਲਈ ਗੁਰਦੁਆਰਾ ਸਾਹਿਬ ਨਾਲ ਸੰਬੰਧਤ ਸਾਰੀਆਂ ਰਿਹਾਇਸ਼ੀ ਸਹੂਲਤਾਂ, ਪ੍ਰਬੰਧਕੀ ਦਫਤਰਾਂ ਅਤੇ ਸਥਾਨਕ ਗੁਰਦੁਆਰਾ ਸਾਹਿਬਾਨ ਵਿੱਚ ਫਸਟ-ਏਡ ਕਿੱਟਾਂ ਉਪਲਬਧ ਕਰਵਾਈਆਂ ਗਈਆਂ ਹਨ। ਇਸ ਤੋਂ ਇਲਾਵਾ ਲੰਗਰ ਛਕਣ ਲਈ ਆਉਣ ਵਾਲੇ ਸ਼ਰਧਾਲੂਆਂ ਨੂੰ ਲੰਗਰ ਦੇ ਨਾਲ ਠੰਡੀ ਲੱਸੀ ਵਰਤਾਈ ਜਾ ਰਹੀ ਹੈ। ਮਾਣਯੋਗ ਪ੍ਰਸ਼ਾਸਕ ਸਾਹਿਬ ਨੇ ਸਾਰੀਆਂ ਰਿਹਾਇਸ਼ੀ ਸਹੂਲਤਾਂ, ਸਥਾਨਕ ਗੁਰਦੁਆਰਾ ਸਾਹਿਬਾਨ ਅਤੇ ਦਸਮੇਸ਼ ਹਸਪਤਾਲ ਦੇ ਸਮੁੱਚੇ ਸਟਾਫ ਨੂੰ ਚੌਕਸ ਰਹਿਣ ਲਈ ਖਾਸ ਨਿਰਦੇਸ਼ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਮਿਤੀ 2 ਅਤੇ 3 ਮਈ 2026 ਨੂੰ ਹੋਣ ਵਾਲੇ ਸਮੂਹਿਕ ਵਿਆਹ ਮੇਲਾਵੇ ਦੌਰਾਨ ਇਨ੍ਹਾਂ ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ 'ਤੇ ਵਿਸ਼ੇਸ਼ ਜ਼ੋਰ ਦੇਣ ਬਾਰੇ ਹਿਦਾਇਤ ਦਿੱਤੀ ਗਈ ਅਤੇ ਐਂਬੂਲੈਂਸ ਸੇਵਾਵਾਂ ਸਮੇਤ ਡਾਕਟਰੀ ਸਹੂਲਤਾਂ ਹਾਈ ਅਲਰਟ ਅਤੇ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਆਦੇਸ਼ ਜਾਰੀ ਕੀਤੇ ਗਏ

# ਸੱਤਿਆ ਭਾਰਤੀ ਸਕੂਲ ਬੱਗਾ 'ਚ ਵਿਸ਼ਵ ਮਲੇਰੀਆ ਮਨਾਇਆ



**ਚੌਕ ਮਹਿਤਾ, 27 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਵਲ ਸਰਜਨ ਅੰਮ੍ਰਿਤਸਰ ਡਾ: ਸਤਿੰਦਰਜੀਤ ਸਿੰਘ ਅਤੇ ਐਸਐਮਓ ਮੈਡਮ ਮੋਨਾ ਚਥਰਥ ਤਰਸਿੱਕਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਹਰਜੀਤ ਕੌਰ ਦੀ ਅਗਵਾਈ ਹੇਠ ਸੱਤਿਆ ਭਾਰਤੀ ਸਕੂਲ ਬੱਗਾ ਵਿਖੇ ਜਿਸ ਵਿਚ ਮਲੇਰੀਆ ਤੋਂ ਬਚਾਅ ਸਬੰਧੀ ਜਾਣਕਾਰੀ ਦਿੰਦਿਆਂ ਅਪਿੰਦਰ ਸਿੰਘ ਐਸਆਈ,ਧਰਮਿੰਦਰਜੀਤ ਐਸਆਈ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਿਵੇਂ ਮਲੇਰੀਆ ਤੋਂ ਬਚਿਆ ਜਾ ਸਕਦਾ ਹੈ। ਜਿਵੇਂ ਕਿ ਆਪਣੇ ਆਲੇ ਦੁਆਲੇ ਘਰਾਂ 'ਚ ਟੁੱਟੇ ਭੱਜੇ ਬਰਤਨ, ਪੁਰਾਣੇ ਟਾਇਰ,ਗਮਲੇ ਅਤੇ ਕੂਲਰਾਂ ਵਿਚ ਪਾਣੀ ਆਦਿ ਨਾਂ ਖੜ੍ਹਾ ਹੋਣ ਦਿੱਤਾ ਜਾਵੇ ਅਤੇ ਆਪਣੇ ਘਰਾਂ ਦੇ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ।ਇਸ ਮੌਕੇ ਅਮਨਪ੍ਰੀਤ ਕੌਰ ਸੀਐਚਓ, ਉਪਜੀਤ ਕੌਰ ਏਐਨਮ,ਸੁਖਚੈਨ ਸਿੰਘ ਹੈਲਥ ਵਰਕਰ, ਕੋਮਲਪ੍ਰੀਤ ਕੌਰ, ਕੁਲਵਿੰਦਰ ਕੌਰ, ਰਜਿੰਦਰ ਕੌਰ ਰਣਜੀਤ ਕੌਰ, ਜਸਬੀਰ ਕੌਰ, ਗੁਰਜੀਤ ਕੌਰ ਆਸਾ ਵਰਕਰ ਆਦਿ ਹਾਜ਼ਰ ਸਨ।

# ਸਿੱਖ ਬੰਧੂ ਵੈਲਫ਼ੇਅਰ ਟਰੱਸਟ ਵਲੋਂ ਕਰਵਾਇਆ ਗਿਆ ਸਾਲਾਨਾ ਇਨਾਮ ਵੰਡ ਸਮਾਰੋਹ








ਨਵੀਂ ਦਿੱਲੀ 27 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਰਾਮਗੜ੍ਹੀਆ ਸਮਾਜ ਦੀ ਸਿੱਖ ਬੰਧੂ ਵੈਲਫ਼ੇਰ ਟ੍ਰਸਟ ਵਲੋਂ ਰਿਟਜ਼ ਬੇਨਕੁਏਟ ਹਾਲ ਵਿਚ ਸਾਲਾਨਾ 10ਵਾਂ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਆਲ ਇੰਡੀਆ ਰਾਮਗੜ੍ਹੀਆ ਵਿਸ਼ਵਕਰਮਾ ਐਸੋਸੀਏਸ਼ਨ ਅਤੇ ਸਿੱਖ ਬੰਧੂ ਵੈਲਫ਼ੇਰ ਟ੍ਰਸਟ ਦੇ ਮੁੱਖੀ ਸੁਖਦੇਵ ਸਿੰਘ ਰਿਆਤ, ਸਕੱਤਰ ਕਿਰਨਦੀਪ ਸਿੰਘ ਰਿਆਤ, ਦਿੱਲੀ ਦੇ ਕੈਬਿਨਟ ਮਨਿਸਟਰ ਮਨਜਿੰਦਰ ਸਿੰਘ ਸਿਰਸਾ, ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਸਕੱਤਰ ਜਗਦੀਪ ਸਿੰਘ ਕਾਹਲੋਂ, ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ, ਰਾਜੌਰੀ ਗਾਰਡਨ ਦੇ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਦੇ ਪ੍ਰਧਾਨ ਹਰਮਨਜੀਤ ਸਿੰਘ, ਸਾਬਕਾ ਐਮਪੀ ਤਰਲੋਚਨ ਸਿੰਘ, ਸਮੇਤ ਕਈ ਪਤਵੰਤੇ ਸੱਜਣ ਹਾਜਿਰ ਸਨ। ਪ੍ਰੋਗਰਾਮ ਦੀ ਸ਼ੁਰੂਆਤ ਭਾਈ ਹਰਨਾਮ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਸੀਸ ਗੰਜ ਸਾਹਿਬ ਵਲੋਂ ਅਰਦਾਸ ਨਾਲ ਕੀਤੀ ਗਈ। ਉਪਰੰਤ ਸਟੇਜ ਸਕੱਤਰ ਵਲੋਂ ਹਾਜ਼ਰੀਨ ਸੰਗਤਾਂ ਨੂੰ ਰਾਮਗੜ੍ਹੀਆ ਐਸੋਸੀਏਸ਼ਨ ਦੀਆਂ ਪ੍ਰਾਪਤੀਆਂ ਦੀ ਜਾਣਕਾਰੀ ਦੇਂਦਿਆ ਦਸਿਆ ਕਿ ਤਕਰੀਬਨ ਪੰਜ ਹਜਾਰ ਬੱਚਿਆਂ ਦੇ ਰਿਸ਼ਤੇ ਦੀਆਂ ਸੇਵਾਵਾਂ, ਜ਼ਰੂਰਤਮੰਦ ਬੱਚਿਆਂ ਦੀ ਸਕੂਲ ਫੀਸਾਂ ਵਿਚ ਮਦਦ, ਤਖਤ ਸ਼੍ਰੀ ਹਜ਼ੂਰ ਸਾਹਿਬ ਵਿਖ਼ੇ ਸੰਗਤਾਂ ਦੇ ਰਹਿਣ ਲਈ ਸਰਾਂ ਅਤੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖ਼ੇ ਬੁੰਗਾ ਰਾਮਗੜ੍ਹੀਆਂ ਦੀ ਪੁੰਨ ਉਸਾਰੀ ਕੀਤੀ ਗਈ ਹੈ। ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਵਿਰੋਧੀ ਧਿਰ ਉਪਰ ਨਿਸ਼ਾਨਾ ਵਿੰਗਦੇ ਹੋਏ ਦਿੱਲੀ ਕਮੇਟੀ ਦੇ ਉਪਰਾਲੇਆ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਦਿੱਲੀ ਦੇ ਕੈਬਿਨਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਦੇਸ਼ ਦੇ ਪੀਐਮ ਮੋਦੀ ਦੇ ਗੁਣ ਗਾਦਿਆਂ ਉਨ੍ਹਾਂ ਵਲੋਂ ਸਿੱਖਾਂ ਲਈ ਕੀਤੇ ਕਾਰਜ ਅਤੇ ਆਪਣੀਆਂ ਪ੍ਰਾਪਤੀ ਬਾਰੇ ਦਸਿਆ। ਦਿੱਲੀ ਗੁਰਦੁਆਰਾ ਕਮੇਟੀ ਦੇ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਰਾਮਗੜ੍ਹੀਆ ਬੈਂਕ ਜੋ ਕਿ ਬੰਦ ਹੋਣ ਦੇ ਹਾਲਾਤਾਂ ਵਿਚ ਪੁੱਜ ਗਿਆ ਸੀ, ਨੂੰ ਭਾਰੀ ਭਗਦੌੜ ਉਪਰੰਤ ਮਨਜਿੰਦਰ ਸਿੰਘ ਸਿਰਸਾ ਰਾਹੀਂ ਅਤੇ ਦਿੱਲੀ ਦੀ ਮੁੱਖਮੰਤਰੀ ਰੇਖਾ ਗੁਪਤਾ ਦੀ ਮਦਦ ਨਾਲ ਕਿਸ ਤਰ੍ਹਾਂ ਬਚਾਇਆ ਓਸ ਬਾਰੇ ਵਿਸਥਾਰ ਨਾਲ ਦਸਿਆ। ਰਾਮਗੜ੍ਹੀਆ ਐਸੋਸੀਏਸ਼ਨ ਵਲੋਂ ਸਮਾਜ ਵਿਚ ਸਲਾਘਾਯੋਗ ਕਾਰਜ ਕਰਣ ਵਾਲੇ ਭਾਈ ਹਰਨਾਮ ਸਿੰਘ ਖਾਲਸਾ, ਭਾਈ ਹਰਜੋਤ ਸ਼ਾਹ ਸਿੰਘ, ਸਾਬਕਾ ਐਮਪੀ ਤਰਲੋਚਨ ਸਿੰਘ ਸਮੇਤ ਕੁਝ ਪਤਵੰਤੇ ਸੱਜਣਾ ਨੂੰ ਮੋਮੈਂਟੋ ਅਤੇ ਸ਼ਾਲ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੀ ਸਮਾਪਤੀ ਤੇ ਹਾਜ਼ਰੀਨ ਸੰਗਤਾਂ ਲਈ ਖਾਣ ਪੀਣ ਦਾ ਵਧੀਆ ਇੰਤਜਾਮ ਕੀਤਾ ਗਿਆ ਸੀ। ਆਲ ਇੰਡੀਆ ਰਾਮਗੜ੍ਹੀਆ ਵਿਸ਼ਵਕਰਮਾ ਐਸੋਸੀਏਸ਼ਨ ਅਤੇ ਸਿੱਖ ਬੰਧੂ ਵੈਲਫ਼ੇਰ ਟ੍ਰਸਟ ਦੇ ਮੁੱਖੀ ਸੁਖਦੇਵ ਸਿੰਘ ਰਿਆਤ ਨੇ ਦਸਿਆ ਕਿ ਕੁਝ ਵਿਰੋਧੀਆਂ ਵਲੋਂ ਪ੍ਰੋਗਰਾਮ ਨੂੰ ਰੋਕਣ ਲਈ ਹੋਛੇ ਹਥਕੰਡੇ ਅਪਣਾਇ ਜਾ ਰਹੇ ਸਨ ਪਰ ਗੁਰੂ ਸਾਹਿਬ ਦੀ ਕਿਰਪਾ ਸਦਕਾ ਪ੍ਰੋਗਰਾਮ ਚੜ੍ਹਦੀਕਲਾ ਨਾਲ ਸੰਪੂਰਨ ਹੋਇਆ ਤੇ ਇਸ ਵਿਚ ਹਾਜ਼ਿਰੀ ਭਰਣ ਵਾਲੇ ਪਤਵੰਤੇ ਸੱਜਣਾ ਸਮੇਤ ਸਮੂਹ ਹਾਜ਼ਰੀਨ ਦਾ ਧੰਨਵਾਦ ਕਰਦੇ ਹਾਂ।

## ਆਮ ਆਦਮੀ ਪਾਰਟੀ ਦੇ 7 ਐਮ.ਪੀ ਭਾਜਪਾ ਵਿਚ ਜਾਣ ਦੇ ਅਮਲਾਂ ਨੇ ਪ੍ਰਤੱਖ ਕੀਤਾ ਕਿ

# ਕੇਜਰੀਵਾਲ ਅਤੇ ਉਸਦੀ ਪਾਰਟੀ ਇਨ੍ਹਾਂ ਦੀ ਬੀ-ਟੀਮ : ਟਿਵਾਣਾ



**ਨਵੀਂ ਦਿੱਲੀ, 27 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** "ਜਦੋ ਤੋ ਸ੍ਰੀ ਕੇਜਰੀਵਾਲ ਦੀ ਅਗਵਾਈ ਵਿਚ ਆਮ ਆਦਮੀ ਪਾਰਟੀ ਹੋਂਦ ਵਿਚ ਆਈ ਹੈ ਉਸ ਸਮੇ ਤੋ ਹੀ ਮੁਲਕ ਨਿਵਾਸੀਆ, ਪੰਜਾਬੀਆ ਤੇ ਸਿੱਖ ਕੌਮ ਨੂੰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸੁਚੇਤ ਕਰਦਾ ਆਇਆ ਹੈ ਕਿ ਦਿੱਲੀ ਦੇ ਉਪਰੋਕਤ ਆਈ.ਏ.ਐਸ ਅਫਸਰ ਬਹੁਤ ਹੀ ਸਾਤੁਰ ਕਿਸਮ ਦੇ ਇਨਸਾਨ ਹਨ। ਜਿਸਨੇ ਖੁਦ ਵੀ ਬਹੁਤ ਸਮਾਂ ਪਹਿਲੇ ਇਹ ਪ੍ਰਵਾਨ ਕੀਤਾ ਸੀ ਕਿ ਉਹ ਤੇ ਉਸਦਾ ਪਰਿਵਾਰ ਆਰ.ਐਸ.ਐਸ ਦੇ ਪੈਰੋਕਾਰ ਹਨ। ਉਸ ਸਮੇ ਤੋ ਹੀ ਸ੍ਰੀ ਕੇਜਰੀਵਾਲ ਨੂੰ ਆਰ.ਐਸ.ਐਸ ਨੇ ਹੀ ਨਵੀ ਪਾਰਟੀ ਦੇ ਨਾਮ ਹੇਠ ਆਪਣੇ ਸਿਆਸੀ ਮਨੋਰਥਾਂ ਨੂੰ ਪੂਰਨ ਕਰਨ ਲਈ ਆਰ.ਐਸ.ਐਸ ਤੇ ਬੀਜੇਪੀ ਦੀ ਬੀ-ਟੀਮ ਬਣਾਕੇ ਸਿਆਸਤ ਵਿਚ ਲਿਆਂਦਾ ਸੀ। ਫਿਰ ਸ੍ਰੀ ਅੰਨਾ ਹਜਾਰੇ ਦੀ ਸਮੁੱਚੀ ਟੀਮ ਜੋ ਇੰਡੀਆ ਵਿਚ ਹਰ ਤਰ੍ਹਾਂ ਦੀ ਰਿਸਵਤਖੋਰੀ ਖਤਮ ਕਰਨ, ਸਾਫ ਸੁਥਰਾਂ ਤੇ ਬਰਾਬਰਤਾ ਵਾਲਾ ਰਾਜ ਪ੍ਰਬੰਧ ਦੇਣ ਦੀ ਗੱਲ ਕਰ ਰਹੀ ਸੀ, ਉਹ ਕਿੱਥੇ ਖਿਡ-ਪੁੰਡ ਤੇ ਅਲੋਪ ਹੋ ਗਈ ? ਕਿਉਂਕਿ ਆਰ.ਐਸ.ਐਸ ਨੇ ਮੁਲਕ ਨਿਵਾਸੀਆ ਨੂੰ ਧੋਖੇ ਵਿਚ ਰੱਖਕੇ ਸ੍ਰੀ ਕੇਜਰੀਵਾਲ ਦੀ ਅਗਵਾਈ ਵਿਚ ਮਸਰੂਫ ਕੀਤਾ ਹੋਇਆ ਸੀ। ਇਹ ਸਿਆਸੀ ਅਮਲ ਉਸੇ ਤਰ੍ਹਾਂ ਦੇ ਹਨ ਜਿਵੇ 'ਪੁਰਾਣੀ ਸ਼ਰਾਬ ਨੂੰ ਨਵੀ ਬੋਤਲ ਦਾ ਲੈਬਲ ਲਗਾਕੇ ਪੇਸ ਕਰ ਦਿੱਤਾ ਜਾਂਦਾ ਹੈ'। ਜੇਕਰ ਕੋਈ ਆਮ ਆਦਮੀ ਪਾਰਟੀ ਦੀ ਸੋਚ ਤੇ ਅਮਲਾਂ ਤੋ ਆਗੂ ਖਫਾ ਹੈ, ਤਾਂ ਉਹ 1-2 ਤਾਂ ਹੋ ਸਕਦੇ ਹਨ ਪਰ ਇਕੱਠੇ ਹੀ ਉੱਚ ਅਹੁਦਿਆ ਤੇ ਬਿਰਾਜਮਾਨ ਹੋਣ ਵਾਲੇ ਉਹ 7 ਐਮਪੀ ਜਿਨ੍ਹਾਂ ਦਾ ਸਮੁੱਚੇ ਪੰਜਾਬੀਆ ਤੇ ਸਿੱਖਾਂ ਨੇ ਇਨ੍ਹਾਂ ਨੂੰ ਬਣਾਉਣ ਵੇਲੇ ਜਬਰਦਸਤ ਵਿਰੋਧ ਕੀਤਾ ਸੀ ਕਿ ਇਨ੍ਹਾਂ ਦੀ ਪੰਜਾਬ ਤੇ ਸਿੱਖ ਕੌਮ ਨੂੰ ਕੋਈ ਦੇਣ ਨਹੀ। ਇਸ ਲਈ ਜੇਕਰ ਇਹ ਇਕੱਠੇ ਹੀ ਬੀਜੇਪੀ ਵਿਚ ਸਾਮਿਲ ਹੋਏ ਹਨ ਅਤੇ ਆਉਣ ਵਾਲੇ ਦਿਨਾਂ ਵਿਚ ਹੋਰ ਆਗੂ ਵੀ ਜਾਣ ਦੀ ਸੰਭਾਵਨਾ ਹੈ ਤਾਂ ਇਹ ਪ੍ਰਤੱਖ ਹੈ ਕਿ ਆਰ.ਐਸ.ਐਸ ਦੇ ਹੁਕਮਾਂ ਨੂੰ ਵਜਾਉਦੇ ਹੋਏ ਖੁਦ ਹੀ ਇਕ ਸੋਚੀ ਸਮਝੀ ਸਾਜਿਸ ਅਧੀਨ ਆਪਣੀ ਮੁੱਖ ਪਾਰਟੀ ਵਿਚ ਭੇਜਿਆ ਜਾ ਰਿਹਾ ਹੈ ਤਾਂ ਕਿ ਆਪਣੇ ਸਿਆਸੀ ਸਵਾਰਥਾਂ ਦੀ ਪੂਰਤੀ ਕਰਦੇ ਹੋਏ ਅਜਿਹਾ ਮਾਹੌਲ ਬਣ ਸਕੇ ਕਿ ਪੰਜਾਬੀਆ ਤੇ ਸਿੱਖਾਂ ਨੂੰ ਗੁੰਮਰਾਹ ਕਰਕੇ ਆਉਣ ਵਾਲੇ ਸਮੇ ਵਿਚ ਬੀਜੇਪੀ ਹਕੂਮਤ ਨੂੰ ਪੰਜਾਬ ਵਿਚ ਕਾਇਮ ਕਰਨ ਲਈ ਸਾਜਸੀ ਮਾਹੌਲ ਤਿਆਰ ਹੋ ਸਕੇ।" ਇਹ ਵਿਚਾਰ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਆਮ ਆਦਮੀ ਪਾਰਟੀ ਦੇ 7 ਐਮ.ਪੀਜ ਵੱਲੋ ਇਕੋ ਸਮੇ ਆਪਣੀ ਮੁੱਖ ਅਗਵਾਈ ਕਰਨ ਵਾਲੀ ਪਾਰਟੀ ਬੀਜੇਪੀ ਵਿਚ ਸਮੂਲੀਅਤ ਕਰਨ ਦੇ ਹੋਏ ਅਮਲਾਂ ਉਤੇ ਇਸ ਅਮਲ ਨੂੰ ਬੀਜੇਪੀ ਦੀ ਬੀ-ਟੀਮ ਦੇ ਪ੍ਰਤੱਖ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਜੇਕਰ ਅੱਜ ਸਮੁੱਚੇ ਪੰਜਾਬ ਤੇ ਹੋਰਨਾਂ ਸਥਾਨਾਂ ਤੇ ਉਪਰੋਕਤ 7 ਐਮ.ਪੀਜ ਦੀ ਵਿਰੋਧਤਾ ਕਰਕੇ ਜਨਤਕ ਤੌਰ ਤੇ ਵੱਡੇ ਰੋਸ ਨੂੰ ਜਾਹਰ ਕੀਤਾ ਜਾ ਰਿਹਾ ਹੈ, ਇਹ ਕੇਵਲ ਤੇ ਕੇਵਲ ਇਥੋ ਦੇ ਨਿਵਾਸੀਆ ਨੂੰ ਆਪਣੀ ਅੰਦਰਲੀ ਸਿਆਸੀ ਸਤਰੰਜੀ ਖੇਡ ਨੂੰ ਛੁਪਾਉਣ ਹਿੱਤ ਹੀ ਅਜਿਹਾ ਕੀਤਾ ਜਾ ਰਿਹਾ ਹੈ। ਜਿਸਦਾ ਅਸਲ ਸੱਚ ਆਉਣ ਵਾਲੇ ਸਮੇ ਵਿਚ ਮੁਲਕ ਨਿਵਾਸੀਆ ਸਾਹਮਣੇ ਹੋਰ ਪ੍ਰਤੱਖ ਹੋ ਜਾਵੇਗਾ।

# ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ "ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ ਚੰਡੀਗੜ੍ਹ" ਦਾ ਕੀਤਾ ਦੌਰਾ




**ਨਵੀਂ ਦਿੱਲੀ, 27 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਚੰਡੀਗੜ੍ਹ ਦੇ ਸੈਕਟਰ 27-ਬੀ ਵਿਖੇ ਪ੍ਰਸ਼ਾਸਕੀ ਸੇਵਾਵਾਂ (ਆਈ.ਏ.ਐਸ, ਆਈ.ਪੀ.ਐਸ, ਪੀ.ਸੀ.ਐਸ ਆਦਿ) ਦੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਲਈ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੇ ਪ੍ਰਬੰਧ ਅਧੀਨ ਚੱਲ ਰਹੇ 'ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ' ਦਾ ਦੌਰਾ ਕੀਤਾ ਗਿਆ। ਐਡਵੋਕੇਟ ਧਾਮੀ ਵੱਲੋਂ ਮੌਜੂਦਾ ਸਮੇਂ ਸਿਵਲ ਸਰਵਿਸ ਪ੍ਰੀਖਿਆਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਮੇਹਨਤ ਕਰਨ ਦੀ ਪ੍ਰੇਰਨਾ ਕੀਤੀ ਗਈ ਤਾਂ ਕਿ ਪੰਜਾਬ ਦੇ ਨੌਜਵਾਨਾਂ ਦੇ ਵਿਦੇਸ਼ ਜਾਣ ਦੀ ਥਾਂ ਪ੍ਰਸ਼ਾਸਕੀ ਅਹੁਦਿਆਂ ਤੇ ਪਹੁੰਚ ਕੇ ਸਮਾਜ ਦੀ ਸੇਵਾ ਕਰਨ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਸਕੱਤਰ (ਵਿੱਦਿਆ), ਡਿਪਟੀ ਡਾਇਰੈਕਟਰ ਅਤੇ ਸਬ ਕਮੇਟੀ ਦੇ ਸਮੁੱਚੇ ਮੈਂਬਰ ਸਾਹਿਬਾਨ ਦੇ ਉਪਰਾਲਿਆਂ ਦੀ ਸਲਾਘਾ ਕਰਦਿਆਂ ਕਿਹਾ ਕਿ ਅਕੈਡਮੀ ਦੇ ਵਿਦਿਆਰਥੀਆਂ ਨੇ ਪੰਜ ਮਹੀਨਿਆਂ ਦੀ ਕੌਚਿੰਗ ਲੈਣ ਤੋਂ ਬਾਅਦ ਪੀ.ਸੀ.ਐਸ ਪ੍ਰੀਲੀਅਮਰੀ ਪ੍ਰੀਖਿਆਂ ਨੂੰ ਮੁੱਢਲੀ ਕੋਸ਼ਿਸ ਵਿੱਚ ਹੀ ਪਾਸ ਕੀਤਾ। ਉਨ੍ਹਾਂ ਇਸ ਦੀ ਸਮੁੱਚੇ ਵਿਦਿਆਰਥੀਆਂ ਨੂੰ ਵਧਾਈ ਵੀ ਦਿੱਤੀ। ਐਡਵੋਕੇਟ ਧਾਮੀ ਨੇ ਵਿਦਿਆਰਥੀਆਂ ਨਾਲ ਆਪਣੀ ਨਿੱਜੀ ਜ਼ਿੰਦਗੀ ਦੇ ਤਜ਼ਰਬਿਆਂ ਨੂੰ ਸਾਂਝਾ ਕਰਦਿਆ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਸਫਲ ਹੋਣ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸਿੱਖਿਆਵਾਂ ਅਨੁਸਾਰ ਵਫ਼ਾਦਾਰੀ ਅਤੇ ਵਚਣਬੱਧਤਾ ਨੂੰ ਨਿਭਾਉਣ ਬਾਰੇ ਦੱਸਿਆ। ਉਨ੍ਹਾਂ ਇਹ ਐਲਾਨ ਵੀ ਕੀਤਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਕਾਲਜਾਂ ਵਿੱਚ ਇਸੇ ਸੈਸ਼ਨ 2026-2027 ਤੋਂ ਬੀ.ਏ (ਭਾਗ ਪਹਿਲਾਂ) ਤੋਂ ਹੀ ਸਿਵਲ ਪ੍ਰੀਖਿਆਵਾਂ ਅਤੇ ਹੋਰ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਫ੍ਰੀ ਵਿੱਚ ਕਰਵਾਈ ਜਾਵੇਗੀ। ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਦਾ ਵੱਧ ਤੋ ਵੱਧ ਲਾਭ ਲੈਣ ਲਈ ਕਿਹਾ। ਸ. ਸੁਖਮਿੰਦਰ ਸਿੰਘ ਸਕੱਤਰ (ਵਿੱਦਿਆ) ਨੇ ਇਨ੍ਹਾਂ ਸਾਰੇ ਵੱਡਮੁੱਲੇ ਉਪਰਾਲਿਆਂ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਾਹਿਬ ਅਤੇ ਸਮੁੱਚੇ ਮੈਂਬਰ ਸਾਹਿਬਾਨ ਦਾ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਪ੍ਰਧਾਨ ਸਾਹਿਬ ਤੋਂ ਇਲਾਵਾ ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੇ ਮੈਂਬਰ ਸ. ਦਿਲਜੀਤ ਸਿੰਘ ਭਿੰਡਰ, ਬੀਬੀ ਹਰਜਿੰਦਰ ਕੌਰ ਚੰਡੀਗੜ੍ਹ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਸ.ਭਗਵੰਤ ਸਿੰਘ ਸਿਆਲਕਾ, ਸ.ਸੁਰਜੀਤ ਸਿੰਘ ਭਿੰਟੇਵੰਢ, ਸ. ਸਮਸ਼ੇਰ ਸਿੰਘ ਕੋ-ਆਰਡੀਨੇਟਰ ਅਤੇ ਅਕੈਡਮੀ ਦੇ ਵਿਦਿਆਰਥੀ ਮੌਜੂਦ ਸਨ।

# ਮੁੱਖ ਮੰਤਰੀ ਨੇ ਧੂਰੀ ਹਲਕੇ ਦਾ ਵਿਕਾਸ ਕਰਕੇ ਲੋਕਾਂ ਦਾ ਦਿਲ ਜਿੱਤਿਆ: ਬਸੰਤ ਕਾਂਝਲਾ



ਧੂਰੀ ( ਰਣਜੀਤ ਸਿੰਘ ਪੇਧਨੀ )-ਕਾਂਗਰਸ ਪਾਰਟੀ ਦੇ ਧੂਰੀ ਤੋਂ ਸਾਬਕਾ ਵਿਧਾਇਕ ਦਲਬੀਰ ਸਿੰਘ ਗੋਲਡੀ ਖੰਗੂੜਾ ਵੱਲੋਂ ਬੀਬੀਆਂ ਭੈਣਾਂ ਨੂੰ ਨਾਲ ਲਿਜਾ ਕੇ ਮੁੱਖ ਮੰਤਰੀ ਦਫਤਰ ਵਿਖੇ ਉਹਨਾਂ ਦੇ ਕੰਮਾਂ ਕਾਰਾਂ ਲਈ ਜਾਣਾ ਚੰਗੀ ਗੱਲ ਹੈ। ਪਰ ਉਥੇ ਜਾ ਕੇ ਰਾਜਨੀਤੀ ਕਰਨੀ ਇਹ ਗਲਤ ਗੱਲ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਟਰੇਡ ਕਮਿਸ਼ਨ ਦੇ ਮੈਂਬਰ ਬਸੰਤ ਕਾਂਝਲਾ ਨੇ ਕੀਤਾ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ ਲਗਭਗ ਸਾਢੇ ਚਾਰ ਸਾਲ ਦਾ ਸਮਾਂ ਹੋ ਚੁੱਕਿਆ ਹੈ ਉਦੋਂ ਦੇ ਤਾਂ ਸਾਬਕਾ ਵਿਧਾਇਕ ਆਏ ਨੀ, ਪਰ ਜਦੋਂ ਹੁਣ ਵੋਟਾਂ ਦਾ ਸਮਾਂ ਨੇੜੇ ਆ ਗਿਆ ਹੁਣ ਉਹ ਰਾਜਨੀਤੀ ਕਰਨ ਬੀਬੀਆਂ ਭੈਣਾਂ ਨੂੰ ਨਾਲ ਲੈ ਕੇ ਸੀਐਮ ਦਫਤਰ ਪਹੁੰਚ ਗਏ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜੋ ਕੰਮ ਸਾਢੇ ਚਾਰ ਸਾਲਾਂ ਦੇ ਵਿੱਚ ਕੀਤੇ ਗਏ ਹਨ ਉਹ ਪਿਛਲੀਆਂ ਸਰਕਾਰਾਂ ਕਾਂਗਰਸ ਜਾਂ ਅਕਾਲੀ ਦਲ ਬੀਜੇਪੀ ਦੀਆਂ ਸਰਕਾਰਾਂ ਨੇ ਨਹੀਂ ਕੀਤੇ। ਪੰਜਾਬ ਦੇ ਲੋਕ ਮਾਨ ਸਾਬ ਦੇ ਕੰਮਾਂ ਨੂੰ ਦੇਖਦਿਆਂ ਹੋਇਆਂ 2027 ਦੇ ਵਿੱਚ ਦੁਬਾਰਾ ਮੁੱਖ ਮੰਤਰੀ ਬਣਾਉਣ ਜਾ ਰਹੇ ਹਨ।

# ਤਖ਼ਤ ਪਟਨਾ ਸਾਹਿਬ ਕਮੇਟੀ ਪ੍ਰਧਾਨ ਜਗਜੋਤ ਸਿੰਘ ਸੋਹੀ ਨੂੰ ਕਮੇਟੀ ਸਟਾਫ ਵੱਲੋਂ ਵਧਾਈ



ਨਵੀਂ ਦਿੱਲੀ, 27 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਦੇ ਜਨਮਦਿਨ ਮੌਕੇ ਸਮੂਹ ਸਟਾਫ ਨੇ ਪਹੁੰਚ ਕੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਗੁਰੂ ਮਹਾਰਾਜ ਅੱਗੇ ਉਨ੍ਹਾਂ ਦੀ ਲੰਮੀ ਉਮਰ ਲਈ ਅਰਦਾਸ ਕੀਤੀ। ਇਸ ਮੌਕੇ ਸੁਪਰੀਟੈਂਡੈਂਟ ਦਲਜੀਤ ਸਿੰਘ, ਮੈਨੇਜਰ ਦਲੀਪ ਸਿੰਘ ਪਟੇਲ, ਦੇਵੇਂਦਰ ਸਿੰਘ, ਪਾਪਿੰਦਰ ਸਿੰਘ ਸਮੇਤ ਸਮੂਹ ਸਟਾਫ ਮੌਜੂਦ ਰਿਹਾ। ਤਖ਼ਤ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਗਿਆਨੀ ਦਲੀਪ ਸਿੰਘ ਨੇ ਉਨ੍ਹਾਂ ਨੂੰ ਸਿਰੋਪਾ ਭੇਟ ਕੀਤਾ। ਇਸ ਦੇ ਨਾਲ ਕਮੇਟੀ ਦੇ ਹੋਰ ਅਹੁਦੇਦਾਰਾਂ ਵਿੱਚ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਉਪ ਪ੍ਰਧਾਨ ਲਖਵਿੰਦਰ ਸਿੰਘ, ਉਪ ਪ੍ਰਧਾਨ ਗੁਰਵਿੰਦਰ ਸਿੰਘ, ਸਕੱਤਰ ਹਰਬੰਸ ਸਿੰਘ ਸਮੇਤ ਸਾਰੇ ਮੈਂਬਰਾਂ ਨੇ ਵੀ ਉਨ੍ਹਾਂ ਨੂੰ ਵਧਾਈ ਦਿੱਤੀ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਸੁਪਰੀਟੈਂਡੈਂਟ ਦਲਜੀਤ ਸਿੰਘ ਨੇ ਕਿਹਾ ਕਿ ਸਮੂਹ ਸਟਾਫ ਨਾਲ ਪ੍ਰਧਾਨ ਸਾਹਿਬ ਦਾ ਖ਼ਾਸਾ ਪਿਆਰ ਅਤੇ ਲਗਾਵ ਹੈ, ਜਿਸ ਕਾਰਨ ਸਾਰਿਆਂ ਨੇ ਉਨ੍ਹਾਂ ਦੀ ਲੰਮੀ ਉਮਰ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਬਹੁਤ ਘੱਟ ਪ੍ਰਧਾਨ ਅਜੇਹੇ ਹੁੰਦੇ ਹਨ ਜੋ ਗੁਰੂ ਘਰ ਦੀ ਸੇਵਾ ਨਿਸ਼ਕਾਮ ਭਾਵਨਾ ਨਾਲ ਕਰਦੇ ਹਨ। ਉਨ੍ਹਾਂ ਅਰਦਾਸ ਕੀਤੀ ਕਿ ਗੁਰੂ ਮਹਾਰਾਜ ਉਨ੍ਹਾਂ ਨੂੰ ਲੰਮੀ ਉਮਰ ਬਖ਼ਸ਼ਣ ਤਾਂ ਜੋ ਉਹ ਹੋਰ ਵੱਧ ਚੜ੍ਹ ਕੇ ਸੇਵਾਵਾਂ ਨਿਭਾਉਂਦੇ ਰਹਿਣ।

### ਅਕਾਲੀ ਦਲ ਬਾਦਲ, ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ

# 50 ਪਰਿਵਾਰ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ



**ਬਠਿੰਡਾ/ਮੌੜ 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਹਲਕਾ ਮੌੜ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਉਸ ਵੇਲੇ ਵੱਡੀ ਮਜ਼ਬੂਤੀ ਮਿਲੀ ਜਦੋਂ ਪਿੰਡ ਬਾਲਿਆਂਵਾਲੀ ਦੇ ਲਗਭਗ 50 ਪਰਿਵਾਰਾਂ ਨੇ ਅਕਾਲੀ ਦਲ ਬਾਦਲ, ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ ਛੱਡ ਕੇ ਪਾਰਟੀ ਵਿੱਚ ਵਿਸ਼ਵਾਸ ਜਤਾਇਆ ਅਤੇ ਅਧਿਕਾਰਕ ਤੌਰ ‘ਤੇ ਸ਼ਾਮਿਲ ਹੋਏ। ਇਹ ਸ਼ਮੂਲੀਅਤ ਹਲਕੇ ਦੇ ਸਰਗਰਮ ਆਗੂ ਭਾਈ ਪਰਮਪ੍ਰੀਤ ਸਿੰਘ ਮਾਨਸਾਹੀਆ ਦੀ ਪ੍ਰੇਰਣਾ ਸਦਕਾ ਅਕਾਲੀ ਦਲ ਵਾਰਿਸ ਪੰਜਾਬ ਦੇ ਸਕੱਤਰ ਜਨਰਲ ਭਾਈ ਮਨਦੀਪ ਸਿੰਘ ਸਿੱਧੂ ਦੀ ਅਗਵਾਈ ਵਿੱਚ ਹੋਈ। ਇਸ ਮੌਕੇ ਤੇ ਜਗਮੋਹਨ ਸਿੰਘ ਜਿਉਂਦ, ਜਗਰੂਪ ਸਿੰਘ ਫੌਜੀ ਬਾਲਿਆਂਵਾਲੀ, ਸੋਨੀ ਬਾਬਾ ਅਤੇ ਭਿੰਦਰ ਸਿੰਘ ਭਾਈ ਬਖ਼ਤੌਰ ਮੌਜੂਦ ਰਹੀ। ਪਰਿਵਾਰਾਂ ਸਮੇਤ ਸ਼ਾਮਿਲ ਹੋਏ ਪ੍ਰਮੁੱਖ ਵਿਅਕਤੀਆਂ ਵਿੱਚ ਮਲਕੀਤ ਸਿੰਘ, ਗੁਰਮੀਤ ਸਿੰਘ, ਤੇਗਪਾਲ ਸਿੰਘ, ਰਾਜੂ ਸਿੰਘ, ਤੇਲੂ ਸਿੰਘ, ਮੇਵਾ ਸਿੰਘ ਮਾਨ, ਗੁਰਸੇਵਕ ਸਿੰਘ ਸਰਾ, ਇਕਬਾਲ ਸਿੰਘ, ਹਰਵਿੰਦਰ ਸਿੰਘ, ਬਲਵਿੰਦਰ ਸਿੰਘ, ਵਿੱਕੀ ਸਿੰਘ, ਗੁਰਜੰਟ ਸਿੰਘ, ਗੁਰਮੇਲ ਸਿੰਘ ਭੁੱਲਰ, ਰੂਪ ਸਿੰਘ, ਗੁਰਚਰਨ ਸਿੰਘ ਚਰਨਾਂ, ਲੀਲਾ ਸਿੰਘ, ਗਗਨਦੀਪ ਸਿੰਘ, ਅਮਨਦੀਪ ਸਿੰਘ, ਗੋਰਾ ਮਿਸਤਰੀ, ਪਰਸੀ ਸਿੰਘ, ਸੇਵਾਰਾਮ ਫੌਜੀ, ਲਾਲ ਸਿੰਘ, ਮੰਗਾ ਸਿੰਘ, ਸੰਦੀਪ ਸਿੰਘ, ਕਰਨੈਲ ਸਿੰਘ, ਅਵਤਾਰ ਸਿੰਘ, ਬਲਜੀਤ ਸਿੰਘ, ਗੁਰਦਿੱਤ ਸਿੰਘ, ਯਾਦਵਿੰਦਰ ਸਿੰਘ, ਅਸ਼ਵਨੀ ਕੁਮਾਰ ਅਤੇ ਅਜੈਪਰੀਤ ਸਿੰਘ ਆਦਿ ਨੇ ਪਾਰਟੀ ਵਿੱਚ ਸ਼ਾਮਿਲ ਹੋ ਕੇ ਸਮਰਥਨ ਦਿੱਤਾ। ਇਸ ਦੌਰਾਨ ਮਨਦੀਪ ਸਿੰਘ ਸਿੱਧੂ ਦੀ ਅਗਵਾਈ ਹੇਠ ਭਾਈ ਜਗਮੋਹਨ ਸਿੰਘ ਜਿਉਂਦ, ਪਰਮਪ੍ਰੀਤ ਸਿੰਘ ਮਾਨਸਾਹੀਆ, ਸੋਨੀ ਬਾਬਾ, ਭਿੰਦਰ ਸਿੰਘ ਭਾਈ ਬਖ਼ਤੌਰ, ਹਰਪ੍ਰੀਤ ਸਿੰਘ ਕੋਟਸ਼ਮੀਰ ਅਤੇ ਹਰਵਿੰਦਰ ਸਿੰਘ ਫੌਜੀ ਕੋਟਸ਼ਮੀਰ ਨੇ ਨਵੇਂ ਸ਼ਾਮਿਲ ਹੋਏ ਪਰਿਵਾਰਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਪਾਰਟੀ ਦੀ ਜਨਅਧਾਰ ਮੌੜ ਹਲਕੇ ਵਿੱਚ ਤੇਜ਼ੀ ਨਾਲ ਵਧ ਰਿਹਾ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਪਿੰਡ ਪੱਧਰ ‘ਤੇ ਹੋਰ ਮਜ਼ਬੂਤ ਸੰਗਠਨ ਤਿਆਰ ਕਰਕੇ ਲੋਕਾਂ ਦੀ ਆਵਾਜ਼ ਨੂੰ ਉੱਚਾ ਕੀਤਾ ਜਾਵੇਗਾ।

**ਭਾਈ ਮਨਦੀਪ ਸਿੰਘ ਸਿੱਧੂ ਦੀ ਅਗਵਾਈ ਹੇਠ ਪਰਮਪ੍ਰੀਤ ਸਿੰਘ ਮਾਨਸਾਹੀਆ ਦੀ ਪ੍ਰੇਰਣਾ ਨਾਲ ਪਿੰਡ ਬਾਲਿਆਂਵਾਲੀ ਵਿੱਚ ਵਧਿਆ ਜਥੇਬੰਦੀ ਦਾ ਦਾਇਰਾ**

### ਬੀ.ਜੇ.ਪੀ ਬੁਲਾਰਾ ਰਮਨ ਮਲਿਕ ਵੱਲੋ

# ਨਿਊਜ ਚੈਨਲ ਤੇ ਦਿੱਤੀ ਸਿਧੀ ਧਮਕੀ ਦਾ ਹੋਵੇ ਪਰਚਾ ਦਰਜ—ਭੁੱਲਰ





ਫ਼ਿਰੋਜ਼ਪੁਰ, 27 ਅਪ੍ਰੈਲ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜ਼ਿਲਾ ਫਿਰੋਜਪੁਰ ਦੇ ਪ੍ਰਧਾਨ ਅਤੇ ਪੀ.ਏ.ਸੀ ਮੈਂਬਰ ਗੁਰਚਰਨ ਸਿੰਘ ਭੁੱਲਰ ਅਤੇ ਪਾਰਟੀ ਆਹੁਦੇਦਾਰਾਂ ਨੇ ਇੱਕ ਮੰਗ ਪੱਤਰ ਸ੍ਰੀ ਦੀਪਸਿਖਾ ਸ਼ਰਮਾ ਡਿਪਟੀ ਕਮਿਸ਼ਨਰ ਫਿਰੋਜਪੁਰ ਨੂੰ ਦਿੱਤਾ, ਜਿਸ ਵਿੱਚ ਰਮਣ ਮਲਕ ਬੁਲਾਰਾ ਭਾਰਤੀ ਜਨਤਾ ਪਾਰਟੀ ਵੱਲੋਂ ਇੱਕ ਨਿਊਜ਼ ਚੈਨਲ ਤੇ ਖਾਲਿਸਤਾਨ ਸਿੱਖਾਂ ਨੂੰ ਸਿਰ ਵਿੱਚ ਗੋਲੀ ਦਾਗਣ ਦੀ ਸਿਧੀ ਧਮਕੀ ਦੇਣ ਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਪਰਚਾ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜੋ ਕਿ ਕਾਨੂੰਨ ਦੇ ਦਾਇਰੇ ਰਾਹੀਂ ਖਾਲਿਸਤਾਨ ਦੀ ਮੰਗ ਕਰ ਰਿਹਾ ਸਾਡੇ ਦੇਸ਼ ਦਾ ਕਾਨੂੰਨ ਵੀ ਇਜਾਜ਼ਤ ਦਿੰਦਾ ਹੈ ਕਿ ਤੁਸੀਂ ਆਪਣੀ ਮੰਗ ਸੰਵਿਧਾਨ ਵਿੱਚ ਰਹਿ ਕੇ ਮੰਗ ਕਰ ਸਕਦੇ ਹਨ ਪਰ ਰਮਨ ਮਲਿਕ ਵਰਗੇ ਆਦਮੀ ਪੰਜਾਬ ਅਤੇ ਭਾਰਤ ਦੇ ਮਾਹੌਲ ਨੂੰ ਅੱਗ ਲਾਉਣਾ ਚਾਹੁੰਦੇ ਹਨ, ਕਿਉਂਕਿ ਕਿਸੇ ਧਰਮ ਨੂੰ ਕਿਸੇ ਇੱਕ ਫਿਰਕੇ ਨੂੰ ਸਿੱਧੀ ਧਮਕੀ ਦੇਣੀ ਗੋਲੀ ਮਾਰਨ ਦੀ ਇਸਦਾ ਮਤਲਬ ਇਹ ਹੁੰਦਾ ਹੈ ਕਿ ਦੂਜੇ ਫਿਰਕਾਂ ਦੇ ਵਿੱਚ ਨਫਰਤ ਪੈਦਾ ਕਰਨੀ ਜਦੋਂ ਕੋਈ ਆਦਮੀ ਇਹੋ ਜਿਹਾ ਬਿਆਨ ਦਿੰਦਾ ਹੈ ਤੇ ਕਈ ਵਾਰ ਉਥੇ ਬਹੁਤ ਵੱਡੇ—ਵੱਡੇ ਨੁਕਸਾਨ ਹੋ ਜਾਂਦੇ ਹਨ, ਜਿਵੇਂ 1984 ਦੇ ਵਿੱਚ ਅਮਿਤਾਬ ਬੱਚਨ ਵੱਲੋਂ ਅਤੇ ਰਜੀਵ ਗਾਂਧੀ ਵੱਲੋਂ ਸਿੱਖਾਂ ਨੂੰ ਮਾਰਨ ਵਾਸਤੇ ਦਿੱਤੀ ਧਮਕੀ ਕਾਰਨ ਹਜ਼ਾਰਾਂ ਸਿੱਖਾਂ ਨੂੰ ਉਥੋਂ ਦੀ ਭੀੜ ਨੇ ਅੱਗਾਂ ਲਾ ਕੇ ਕੁੱਟਮਾਰ ਕਰਕੇ ਗੋਲੀਆਂ ਮਾਰ ਕੇ ਸ਼ਹੀਦ ਕਰਤਾ ਤੇ ਨਿੱਕੇ—ਨਿੱਕੇ ਬੱਚਿਆਂ ਤੱਕ ਮਾਰ ਦਿੱਤੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਮੰਗ ਕਰਦਾ ਹੈ ਕਿ ਇਸ ਆਦਮੀ ਤੇ ਤੁਰੰਤ ਧਮਕੀ ਦੇਣ ਦੀ ਅਤੇ ਗੋਲੀ ਮਾਰਨ ਦੀ ਧਮਕੀ ਦੇਣ ਦਾ ਕਾਨੂੰਨ ਮੁਤਾਬਿਕ ਪਰਚਾ ਦਰਜ ਕੀਤਾ ਜਾਵੇ ਅਤੇ ਜਿਸ ਚੈਨਲ ਨੇ ਇਹ ਨਫਰਤ ਭਰਿਆ ਪ੍ਰੋਗਰਾਮ ਚਲਾਇਆ ਇਹ ਵਿੱਚੋਂ ਇਹ ਗੱਲਾਂ ਕਿਉ ਨਹੀਂ ਕੱਟੀਆਂ ਉਨ੍ਹਾਂ ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਕਿਉਂਕਿ ਇਸ ਨਾਲ ਲੋਕਾਂ ਦੇ ਮਨਾਂ ਵਿੱਚ ਨਫਰਤ ਫੈਲਦੀ ਹੈ ਅਤੇ ਦੋ ਧਰਮਾਂ ਦੇ ਫਿਰਕਿਆਂ ਵਿੱਚ ਆਪਸ ਵਿੱਚ ਦੁਸ਼ਮਣੀਆਂ ਵੱਧਦੀਆਂ। ਉਨ੍ਹਾਂ ਕਿਹਾ ਕਿ ਸਾਡੀ ਬੇਨਤੀ ਹੈ ਵੀ ਇਸ ਲਈ ਇਹੋ ਜਿਹੇ ਬੰਦੇ ਤੇ ਬੀ.ਜੇ.ਪੀ ਪਾਰਟੀ ਵੀ ਸਖਤ ਤੋਂ ਸਖਤ ਅਨੁਸ਼ਾਸਨੀ ਕਾਰਵਾਈ ਕਰੇ ਤਾਂ ਕਿ ਅੱਗੇ ਤੋਂ ਕੋਈ ਇਹੋ ਜਿਹਾ ਗਲਤ ਬਿਆਨ ਨਾ ਦੇ ਸਕੇ। ਇਸ ਸਮੇਂ ਪ੍ਰਗਟ ਸਿੰਘ ਵਾਹਕੇ, ਸੁੱਚਾ ਸਿੰਘ ਬਸਤੀ ਭਾਨੇ ਵਾਲੀ, ਸੂਰਤ ਸਿੰਘ ਮਮਦੋਟ, ਮੇਹਰ ਸਿੰਘ ਮਮਦੋਟ, ਗੁਰਵਿੰਦਰ ਸਿੰਘ ਮਹਾਲਮ, ਗੁਰਦੇਵ ਸਿੰਘ, ਸਤਨਾਮ ਸਿੰਘ, ਗੁਰਪ੍ਰੀਤ ਸਿੰਘ, ਅਰਵਿੰਦਰ ਸਿੰਘ, ਬਿਕਰਮਜੀਤ ਸਿੰਘ, ਲਖਵਿੰਦਰ ਸਿੰਘ ਸੁਪਰ, ਮੋਹਨ ਸਿੰਘ ਨਿਆਜੀਆਂ, ਡਾ: ਜਗਰੂਪ ਸਿੰਘ, ਮਲਕੀਤ ਸਿੰਘ ਨੇ ਕਾਰਵਾਈ ਦੀ ਮੰਗ ਕੀਤੀ।

# ਮਹਿਲਾ ਕਮਿਸ਼ਨ ਦੁਆਰਾ ਸੰਗਤ ਦਰਸ਼ਨ ਪ੍ਰੋਗਰਾਮ 29 ਨੂੰ ਅੰਮ੍ਰਿਤਸਰ ’ਚ : ਗਿੱਲ

**☛ ਵਫਦ ਦੇ ਰੂਪ ’ਚ ਕਈ ਪੀੜਤ ਮਹਿਲਾਂਵਾਂ ਹੋਣਗੀਆਂ ਕਮਿਸ਼ਨ ਦੇ ਪੇਸ਼ ☛ ਘੱਟ ਗਿਣਤੀ ਲੋਕ ਭਲਾਈ ਸੰਸਥਾ ਕਰੇਗਾ ਪੀੜਤ ਦੀਆਂ ਦੇ ਕੇਸਾਂ ਦੀ ਪੈਰਵਾਈ**



**ਬਾਬਾ ਬਕਾਲਾ ਸਾਹਿਬ, 27 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਮਿਤੀ 29/04/2026 ਨੂੰ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਸ਼੍ਰੀਮਤੀ ਰਾਜ ਲਾਲੀ ਗਿੱਲ ਅਤੇ ਸੀਨੀਅਰ ਵਾਈਸ ਚੇਅਰਮੈਨ ਬੀਬਾ ਗੀਤਾ ਗਿੱਲ ਅੰਮ੍ਰਿਤਸਰ ਵਿਖੇ ਸਥਿਤ ਕਾਨਫਰੰਸ ਹਾਲ ਲਾਰੰਸ ਰੋਡ ਵਿਖੇ ਆਯੋਜਿਤ ਕੀਤੇ ਜਾਣ ਵਾਲੇ ਸੰਗਤ ਦਰਸ਼ਨ ਦੇ ਉਲੀਕੇ ਪ੍ਰੋਗਰਾਮ ‘ਚ ਸ਼ਮੂਲੀਅਤ ਕਰਨਗੇ। ਉਹਨਾ ਨੇ ਦੱਸਿਆ ਕਿ ਐਸਏਐਸ ਨਗਰ ਵਿਖੇ ਅੰਮ੍ਰਿਤਸਰ ਜ਼ਿਲ੍ਹੇ ਚੋਂ ਪਹੁੰਚੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਅੱਤਿਆਚਾਰ ਤੋਂ ਪੀੜਤ ਮਹਿਲਾਂਵਾਂ ਨੂੰ ਮਿਲਕੇ ਸੁਣਵਾਈ ਕਰਨ ਲਈ ਵਿਸ਼ੇਸ਼ ਉਰਾਲਾ ਕਰ ਰਹੇ ਹਨ ।ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਸਾਡੀ ਸੰਸਥਾ ਦੇ ਦਫਤਰ ‘ਚ ਪੁੱਜੀਆਂ ਸ਼ਿਕਾਇਤਾਂ ਚੋਂ ਬਹੁਤੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਮਿਸ਼ਨ ਦੇ ਦਖਲ਼ ਨਾਲ ਹੀ ਸੰਭਵ ਹੋਵੇਗਾ। ਇੱਕ ਸਵਾਲ ਦੇ ਜਵਾਬ ‘ਚ ਉਹਨਾ ਨੇ ਕਿਹਾ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ‘ਵਫਦ’ ਦੀ ਅਗਵਾਈ ‘ਚ ਕੁਝ ਪੀੜਤ ਮਹਿਲਾਵਾਂ ਕਮਿਸ਼ਨ ਦੇ ਸਾਹਮਣੇ ਪੇਸ਼ ਹੋਣਗੀਆਂ ।ਉਹਨਾ ਨੇ ਸਪੱਸ਼ਟ ਕੀਤਾ ਹੈ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਪੀੜਤ ਧੀਆਂ ਦੇ ਕੇਸਾਂ ਦੀ ਪੈਰਵਾਈ ਕਰੇਗੀ ।ਉਹਨਾ ਨੇ ਲੋਕ ਹਿੱਤ ‘ਚ ਪੀੜਤ ਮਹਿਲਾਵਾਂ ਨੰ ਸੱਦਾ ਦਿੱਤਾ ਹੈ ਕਿ 29 ਅਪ੍ਰੈਲ਼ 2026 ਨੂੰ ਸਵੇਰੇ 10 ਵਜੇ ਤੱਕ ਸ਼ਿਕਾਇਤ ਕਰਤਾ ਸ਼ਿਕਾਇਤਾਂ ਲੈਕੇ ਪਹੁੰਚਣ ਤਾਂ ਕਿ ਕੇਸ ਕਮਿਸ਼ਨ ਆਪਣੇ ਹੱਥ ‘ਚ ਲੈ ਸਕੇ।

# ਗੁਰਬਾਜ਼ ਸਿੰਘ ਸਿੱਧੂ ਨੇ ਕੀਤਾ ਪਿੰਡਾਂ ਦਾ ਦੌਰਾ, ਲੋਕ ਮੁਸ਼ਕਲਾਂ ਵੀ ਸੁਣੀਆਂ



ਤਲਵੰਡੀ ਸਾਬੋ, 27 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਹਲਕਾ ਤਲਵੰਡੀ ਸਾਬੋ ਤੋਂ ਚਾਰ ਵਾਰ ਵਿਧਾਇਕ ਰਹੇ ਕਾਂਗਰਸ ਦੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਅਤੇ ਹਲਕੇ ’ਚ ਪਿਛਲੇ ਕਾਫੀ ਸਮੇਂ ਤੋਂ ਕਾਂਗਰਸ ਪਾਰਟੀ ਵੱਲੋਂ ਸਰਗਰਮ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਹਲਕੇ ਦੇ ਕਈ ਪਿੰਡਾਂ ਦਾ ਦੌਰਾ ਕਰਦਿਆਂ ਜਿੱਥੇ ਕਾਂਗਰਸੀ ਵਰਕਰਾਂ ਤੇ ਆਗੂਆਂ ਦੇ ਘਰੀਂ ਫੇਰੀ ਪਾਈ ਉੱਥੇ ਆਮ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ ਚ ਹਾਜ਼ਰੀ ਭਰੀ ਅਤੇ ਲੋਕ ਮੁਸ਼ਿਕਲਾਂ ਸੁਣਦਿਆਂ ਉਨਾਂ ਦੇ ਹਲਦ ਹੱਲ ਦਾ ਯਕੀਨ ਦਵਾਇਆ।ਦੌਰੇ ਉਪਰੰਤ ਗੱਲਬਾਤ ਕਰਦਿਆਂ ਸਿੱਧੂ ਨੇ ਕਿਹਾ ਕਿ ਹਲਕੇ ਦੇ ਪਿੰਡਾਂ ’ਚ ਕਿਤੇ ਵਿਕਾਸ ਕਾਰਜ ਚੱਲਦੇ ਦਿਖਾਈ ਨਹੀ ਦਿੰਦੇ, ਹੁਣ ਚੋਣ ਵਰ੍ਹਾ ਚੱਲ ਪੈਣ ਕਰਕੇ ਕੁਝ ਸੜਕਾਂ ’ਤੇ ਪ੍ਰੀਮਿਕਸ ਪਿਆ ਜ਼ਰੂਰ ਨਜ਼ਰ ਆ ਰਿਹੈ ਪਰ ਲੋਕਾਂ ਦੀਆਂ ਬੁਨਿਆਦੀ ਮੁਸ਼ਿਕਲਾਂ ਦਾ ਸਵਾ ਚਾਰ ਸਾਲ ’ਚ ਆਮ ਆਦਮੀ ਪਾਰਟੀ ਸਰਕਾਰ ਨੇ ਕੋਈ ਹੱਲ ਨਹੀ ਕੱਢਿਆ। ਉਨਾਂ ਕਿਹਾ ਕਿ ਰਾਮਾਂ ਮੰਡੀ ਸ਼ਹਿਰ ਦੇਖ ਲਈਏ ਜਾਂ ਤਲਵੰਡੀ ਸਾਬੋ, ਦੋਵਾਂ ਨਗਰਾਂ ਦੇ ਲੋਕ ਮੁਢਲੀਆਂ ਸਹੂਲਤਾਂ ਲਈ ਸਰਕਾਰ ਦੇ ਮੂੰਹ ਵੱਲ ਦੇਖਦੇ ਰਹੇ ਪਰ ਸਰਕਾਰ ਨੇ ਆਪਣੇ ਖਜ਼ਾਨੇ ਦਾ ਮੂੰਹ ਉਕਤ ਦੋਵਾਂ ਨਗਰ ਦੇ ਵਿਕਾਸ ਲਈ ਨਹੀ ਖੋਲਿਆ ਜਿਸ ਕਰਕੇ ਦੋਵਾਂ ਨਗਰ ’ਚ ਪਿਛਲੀਆਂ ਸਰਕਾਰਾਂ ਸਮੇਂ ਬਣਾਏ ਪ੍ਰਾਜੈਕਟ ਵੀ ਸਾਂਭ ਸੰਭਾਲ ਖੁਣੋ ਵੀਰਾਨ ਬਣਦੇ ਜਾ ਰਹੇ ਹਨ।

ਪਾਰਕਾਂ ਦੀ ਹਾਲਤ ਮੰਦੀ ਹੈ, ਸੀਵਰੇਜ ਦੀ ਸਹੀ ਦੇਖਭਾਲ ਨਾ ਹੋਣ ਕਾਰਣ ਕਈ ਇਲਾਕਿਆਂ ਚ ਗੰਦਗੀ ਫੈਲੀ ਹੋਈ ਹੈ, ਸਟ੍ਰੀਟ ਲਾਈਟਾਂ ਨਵੀਆਂ ਕਿਤੇ ਲੱਗੀਆਂ ਨਜ਼ਰ ਨਹੀ ਆ ਰਹੀਆਂ, ਮਹੱਲਿਆਂ ਦੀਆਂ ਗਲੀਆਂ ਚ ਪਏ ਟੋਏ ਸਰਕਾਰੀ ਨੁਮਾਇੰਦਿਆਂ ਨੂੰ ਦਿਖਦੇ ਨਹੀ ਤੇ ਇਹ ਕਹਿਣਾ ਅਤਿ ਕਥਨੀ ਨਹੀ ਹੋਵੇਗੀ ਕਿ ਕੁੱਲ ਮਿਲਾ ਕੇ ਬੁਰਾ ਹਾਲ ਹੋਇਆ ਪਿਆ ਹੈ ।ਉਨਾਂ ਕਿਹਾ ਕਿ ਲੋਕ ਮਸਲਿਆਂ ਦਾ ਹੱਲ ਕਾਂਗਰਸ ਸਰਕਾਰ ਬਨਣ ਤੇ ਹੀ ਹੋ ਸਕੇਗਾ। ਇਸ ਮੌਕੇ ਸਿੱਧੂ ਨਾਲ ਜੱਟਮਹਾਂ ਸਭਾ ਹਲਕਾ ਪ੍ਰਧਾਨ ਮਨਜੀਤ ਲਾਲੇਆਣਾ, ਜਸਪਾਲ ਸਿੰਘ ਬੰਗੀ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਕ੍ਰਿਸ਼ਨ ਯਾਦਵ, ਗੁਰਬਿੰਦਰ ਦੂੰਨੇਵਾਲਾ, ਹੈਪੀ ਬਹਿਮਣ, ਗੁਰਾਦਿੱਤਾ ਸਿੰਘ ਸੀਂਗੋ, ਰਵਿੰਦਰ ਸਿੰਘ ਸੀਂਗੋ, ਡੂੰਗਰ ਸੀਂਗੋ ਆਦਿ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ੍ਰੀਮਤੀ ਅਵਿਨਾਸ਼ ਸ਼ਰਮਾ ਨਮਿਤ ਅੰਤਿਮ ਅਰਦਾਸ



ਫ਼ਿਰੋਜ਼ਪੁਰ, 27 ਅਪ੍ਰੈਲ (ਮਨੋਹਰ ਲਾਲ) :— ਇਲਾਕੇ ਦੀ ਪੜ੍ਹੀ—ਲਿਖੀ ਹਸਤੀ ਸ੍ਰੀ ਪੀ.ਡੀ ਸ਼ਰਮਾ ਵੱਲੋਂ ਜਿਥੇ ਸਮੇਂ—ਸਮੇਂ ਤੇ ਸਮਾਜ ਭਲਾਈ ਦੇ ਕਾਰਜ ਕਰਦਿਆਂ ਵਿਸ਼ੇਸ਼ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ—ਨਾਲ ਮੱਦਦ ਕੀਤੀ ਜਾਂਦੀ ਹੈ, ਉਥੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਅਵਿਨਾਸ਼ ਸ਼ਰਮਾ ਦੇ ਅਚਾਨਕ ਅਕਾਲ ਚਲਾਣੇ ਤੇ ਇਲਾਕੇ ਵਿਚ ਸੋਗ ਦੀ ਲਹਿਰ ਦੌੜ ਗਈ। ਸ੍ਰੀਮਤੀ ਅਵਿਨਾਸ਼ ਸ਼ਰਮਾ ਦੀ ਆਤਮਿਕ ਸ਼ਾਂਤੀ ਅਤੇ ਰੱਖੇ ਗਏ ਸ੍ਰੀ ਗਰੁੜ ਪੁਰਾਣ ਜੀ ਦੇ ਪਾਠ ਦਾ ਭੋਗ ਅਤੇ ਰਸਮ ਪਗੜੀ ਸਥਾਨਕ ਪਰਮਾਰਥ ਭਵਨ ਫ਼ਿਰੋਜ਼ਪੁਰ ਸ਼ਹਿਰ ਵਿਖੇ ਕਰਵਾਇਆ ਗਿਆ, ਜਿਥੇ ਸਮਾਜ ਸੇਵੀ ਜਥੇਬੰਦੀਆਂ ਸਮੇਤ ਸਿਆਸੀ ਨੇਤਾਵਾਂ ਤੇ ਇਲਾਕੇ ਦੀਆਂ ਸਖਸ਼ੀਅਤਾਂ ਵੱਲੋਂ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਪਾਠ ਦੇ ਭੋਗ ਉਪਰੰਤ ਰਸਮ ਪਗੜੀ ਦੀ ਅਦਾਇਗੀ ਕੀਤੀ ਗਈ, ਜਿਥੇ ਹਾਜ਼ਰ ਸੰਗਤਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਪਵਿੱਤਰ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਅਤੇ ਪਿਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਪ੍ਰਦਾਨ ਕਰਨ। ਇਸ ਮੌਕੇ ਪਰਿਵਾਰਕ ਮੈਂਬਰਾਂ ਜਿਨ੍ਹਾਂ ਵਿਚ ਅਮਿਤ ਸ਼ਰਮਾ, ਰਿਤੂ, ਸੁਮਿਤ ਸ਼ਰਮਾ, ਆਰਤੀ, ਅਨੁਸ਼ਕਾ, ਐਂਜਲ, ਤਰੁਣ, ਤਵੀਸ਼ਾ ਅਤੇ ਕਬੀਰ ਸਮੇਤ ਸਾਕ—ਸਬੰਧੀਆਂ ਨੇ ਸ੍ਰੀਮਤੀ ਅਵਿਨਾਸ਼ ਸ਼ਰਮਾ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਨੇਕ ਦਿੱਲ ਅਤੇ ਮਿਲਾਪੜੇ ਸੁਭਾਅ ਦੇ ਮਾਲਕ ਸਨ, ਜਿਨ੍ਹਾਂ ਨੇ ਹਰ ਇਕ ਦੀ ਮੱਦਦ ਕਰਨ ਦੀ ਹਰ ਸੰਭਵ ਕੋਸ਼ਿਸ਼ ਕੀਤੀ।

### ਆਮ ਆਦਮੀ ਪਾਰਟੀ ਨੂੰ ਝਟਕਾ

# ਖਰੜ ਆਪ ਦੇ ਫਾਊਂਡਰ ਮੈਂਬਰ ਪਿਆਰਾ ਸਿੰਘ ਅਕਾਲੀ ਦਲ ਵਿੱਚ ਸ਼ਾਮਲ



**ਖਰੜ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਆਮ ਆਦਮੀ ਪਾਰਟੀ ਨੂੰ ਅੱਜ ਉਸ ਸਮੇਂ ਵੱਡਾ ਝਟਕਾ ਲੱਗਿਆ ਜਦੋਂ ਖਰੜ ਤੋਂ ਆਮ ਆਦਮੀ ਪਾਰਟੀ ਦੇ ਫਾਊਂਡਰ ਮੈਂਬਰ ਅਤੇ ਖਰੜ ਹਲਕੇ ਨਾਲ ਸੰਬੰਧਿਤ ਪਿਆਰਾ ਸਿੰਘ ਵੱਲੋਂ ਪਾਰਟੀ ਨੂੰ ਅਲਵਿਦਾ ਕਹਿ ਦਿੱਤਾ ਗਿਆ ਅਤੇ ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਵਿੰਦਰ ਸਿੰਘ ਖੇੜਾ ਵੱਲੋਂ ਪਿਆਰਾ ਸਿੰਘ ਨੂੰ ਪਾਰਟੀ ਵਿੱਚ ਸ਼ਾਮਿਲ ਕੀਤਾ ਗਿਆ ਅਤੇ ਉਹਨਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਵੀ ਕੀਤਾ। ਇਸ ਮੌਕੇ ਦਰਜਨਾਂ ਦੇ ਕਰੀਬ ਸ਼ਹਿਰ ਨਿਵਾਸੀਆਂ ਵੱਲੋਂ ਆਮ ਆਦਮੀ ਪਾਰਟੀ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜਿਆ ਗਿਆ। ਇਸ ਮੌਕੇ ਹਾਜ਼ਰ ਲੋਕਾਂ ਨੂੰ ਸੰਬੋਧਨ ਕਰਦਿਆਂ ਰਵਿੰਦਰ ਖੇੜਾ ਨੇ ਕਿਹਾ ਕਿ ਪਿਆਰਾ ਸਿੰਘ ਦੇ ਆਉਣ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਖਰੜ ਹਲਕੇ ਵਿੱਚ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਸਾਂਝੀ ਤੌਰ ਤੇ ਕੰਮ ਕੀਤਾ ਜਾਵੇਗਾ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਵੱਡੀ ਜਿੱਤ ਹਾਸਲ ਕੀਤੀ ਜਾਵੇਗੀ। ਇਸ ਮੌਕੇ ਪਿਆਰਾ ਸਿੰਘ ਨੇ ਕਿਹਾ ਕਿ ਪਿਛਲੇ ਦੱਸ ਸਾਲਾਂ ਵਿੱਚ ਉਨ੍ਹਾਂ ਨੇ ਗਲਤ ਰਾਜਨੀਤਿਕ ਦਿਸ਼ਾ ਵਿੱਚ ਸਮਾਂ ਲਗਾਇਆ, ਜਿਸ ਕਰਕੇ ਉਹ ਹੁਣ ਨਵਾਂ ਫੈਸਲਾ ਲੈ ਰਹੇ ਹਨ, ਅੱਜ ਤੋਂ ਉਹ ਆਪਣੀ "ਮਾਂ ਪਾਰਟੀ" ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਕੇ ਪੂਰੀ ਇਮਾਨਦਾਰੀ ਅਤੇ ਮੇਹਨਤ ਨਾਲ ਕੰਮ ਕਰਨਗੇ। ਇਸ ਦੇ ਨਾਲ ਹੀ ਉਨ੍ਹਾਂ ਨੇ ਹਲਕੇ ਦੇ ਅਕਾਲੀ ਦਲ ਦੇ ਉਮੀਦਵਾਰ ਰਵਿੰਦਰ ਸਿੰਘ ਖੇੜਾ ਨੂੰ ਜਿਤਾਉਣ ਲਈ ਦਿਨ-ਰਾਤ ਮਿਹਨਤ ਕਰਨ ਦਾ ਪ੍ਰਣ ਵੀ ਕੀਤਾ। ਇਸ ਮੌਕੇ ਪਿਆਰਾ ਸਿੰਘ ਨੇ ਕਿਹਾ ਕਿ ਪਿਛਲੇ ਦੱਸ ਸਾਲਾਂ ਵਿੱਚ ਉਨ੍ਹਾਂ ਨੇ ਗਲਤ ਰਾਜਨੀਤਿਕ ਦਿਸ਼ਾ ਵਿੱਚ ਸਮਾਂ ਲਗਾਇਆ, ਜਿਸ ਕਰਕੇ ਉਹ ਹੁਣ ਨਵਾਂ ਫੈਸਲਾ ਲੈ ਰਹੇ ਹਨ, ਅੱਜ ਤੋਂ ਉਹ ਆਪਣੀ "ਮਾਂ ਪਾਰਟੀ" ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਕੇ ਪੂਰੀ ਇਮਾਨਦਾਰੀ ਅਤੇ ਮੇਹਨਤ ਨਾਲ ਕੰਮ ਕਰਨਗੇ। ਇਸ ਦੇ ਨਾਲ ਹੀ ਉਨ੍ਹਾਂ ਨੇ ਹਲਕੇ ਦੇ ਅਕਾਲੀ ਦਲ ਦੇ ਉਮੀਦਵਾਰ ਰਵਿੰਦਰ ਸਿੰਘ ਖੇੜਾ ਨੂੰ ਜਿਤਾਉਣ ਲਈ ਦਿਨ-ਰਾਤ ਮਿਹਨਤ ਕਰਨ ਦਾ ਪ੍ਰਣ ਵੀ ਕੀਤਾ।

# ਪੰਜਾਬ ਸਰਕਾਰ ਵੱਲੋਂ ਬਣਾਏ ਕਾਨੂੰਨ ਸ਼ਲਾਘਾਯੋਗ—ਜਥੇਦਾਰ ਪ੍ਰੀਤਮ ਸਿੰਘ



ਫ਼ਿਰੋਜ਼ਪੁਰ, 27 ਅਪ੍ਰੈਲ (ਮਨੋਹਰ ਲਾਲ) :— ਹੋ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਨੂੰ ਦੇਖਦੇ ਹੋਏ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਬਣਾਏ ਗਏ ਨਵੇਂ ਕਾਨੂੰਨ ਦੀ ਸ਼ਲਾਘਾ ਕਰਦਿਆਂ ਜਥੇਦਾਰ ਪ੍ਰੀਤਮ ਸਿੰਘ ਪ੍ਰਧਾਨ ਆਲ ਇੰਡੀਆ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਨੇ ਕਿਹਾ ਕਿ ਭਾਰਤ ਦੀ ਸੁਪਰੀਮ ਕੋਰਟ ਨੇ ਹਾਜ਼ਰਾ ਹਜ਼ੂਰ ਸਰਬ ਕਲਾਂ ਭਰਪੂਰ ਜਿੰਦਾ ਜ਼ੋਤ ਹੈ ਦਾ ਆਰਡਰ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਨੇ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਵਾਲਿਆਂ ਦੇ ਖਿਲਾਫ ਇਕ ਨਵਾਂ ਕਾਨੂੰਨ ਬਣਾਇਆ, ਜਿਸ ਵਿਚ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਸਜਾ ਹੋ ਸਕਦੀ ਹੈ, ਇਹ ਕਾਨੂੰਨ ਬਨਾ ਕੇ ਸਿੱਖਾਂ ਦੇ ਮਨ ਨੂੰ ਜਿੱਤ ਲਿਆ ਹੈ। ਗੱਲਬਾਤ ਕਰਦਿਆਂ ਜਥੇਦਾਰ ਪ੍ਰੀਤਮ ਸਿੰਘ ਨੇ ਕਿਹਾ ਕਿ ਇਸ ਤੋਂ ਪਹਿਲਾਂ ਅਕਾਲੀ ਸਰਕਾਰ ਵੀ ਆਈ ਸੀ, ਉਸ ਸਰਕਾਰ ਨੇ ਬਲਾਤਕਾਰੀ ਝੂਠੇ ਸਾਧ ਨੂੰ ਆਪ ਮੁਆਫੀ ਦਿੱਤੀ। ਬਲਾਤਕਾਰੀ ਸਾਧ ਨੇ ਗੁਰੂ ਗੋਬਿੰਦ ਸਿੰਘ ਜੀ ਦਾ ਸਵਾਂਸ ਰਚਾਇਆ ਸੀ, ਨਾਲ ਅੰਮ੍ਰਿਤ ਤਿਆਰ ਕਰਨ ਦਾ ਪਾਖੰਡ ਕੀਤਾ ਸੀ, ਬਲਾਤਕਾਰੀ ਝੂਠੇ ਸਾਧ ਦੇ ਚੇਲੇ ਚਪਟਿਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਚੋਰੀ ਕੀਤਾ ਅਤੇ ਗੁਰੂ ਗ੍ਰੰਥ ਸਾਹਿਬ ਦੇ ਅੰਗਾਂ ਨੂੰ ਗਲੀਆਂ ਵਿਚ ਰੋਲਿਆ। ਇਹ ਵੀ ਐਲਾਨ ਕੀਤਾ ਸਿੱਖਾਂ ਦਾ ਗੁਰੂ ਸਾਡੇ ਕੋਲ ਹੈ, ਜੇ ਕਿਸੇ ਦੀ ਹਿੰਮਤ ਹੈ ਤਾਂ ਛੁਡਾ ਲਵੋ, ਸਿੱਖਾਂ ਨੇ ਕੋਟਕਪੂਰਾ ਵਿਖੇ ਰੋਸ ਮੁਜ਼ਾਹਰਾ ਕੀਤਾ, ਅਕਾਲੀ ਸਰਕਾਰ ਨੇ ਨਿਹੱਥੇ ਸਿੱਖਾਂ ਤੇ ਗੋਲੀਆਂ ਚਲਾਈਆਂ, ਅੱਥਰੂ ਗੈਸ ਦੇ ਗੋਲੇ ਛੱਡੇ। ਜਥੇਦਾਰ ਪ੍ਰੀਤਮ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਫੈਸਲੇ ਹੋਰ ਲਵੇ, ਪਹਿਲਾਂ ਪੰਜਾਬ ਦੇ ਬੰਦੀ ਸਿੰਘਾਂ ਨੂੰ ਰਿਹਾਅ ਕਰੇ ਜਿਹੜੇ ਕਿ ਦੁਗਨੀ ਸਜਾ ਭੋਗ ਚੁੱਕੇ ਹਨ, ਉਨ੍ਹਾਂ ਨੂੰ ਰਿਹਾਅ ਕੀਤਾ ਜਾਵਾ।

# ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਪਰਦੀਪ ਧਵਨ ਪ੍ਰਧਾਨ ਅਤੇ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਚੁਣੇ ਗਏ



ਫ਼ਿਰੋਜ਼ਪੁਰ, 27 ਅਪ੍ਰੈਲ (ਮਨੋਹਰ ਲਾਲ) :— ਫ਼ਿਰੋਜ਼ਪੁਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੀ ਅਹਿਮ ਮੀਟਿੰਗ ਸ਼੍ਰੀ ਪਰਦੀਪ ਧਵਨ ਪ੍ਰਧਾਨ ਦੀ ਅਗਵਾਈ ਹੇਠ ਬਾਗਬਾਨ ਕੰਪਲੈਕਸ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖ਼ੇ ਹੋਈ। ਮੀਟਿੰਗ ਦੇ ਆਰੰਭ ਵਿੱਚ ਪਿਛਲੇ ਦਿਨੀ ਫ਼ੋਰਮ ਦੇ ਮੈਂਬਰ ਸਾਹਿਬਾਨ ਦੇ ਵਿਛੜੇ ਪਰਿਵਾਰਕ ਮੈਂਬਰਾਂ ਨੂੰ ਸਮੂਹ ਹਾਜਰ ਸਾਥਿਆਂ ਨੇ ਸ਼ਰਧਾਂਜਲੀ ਭੇਟ ਕੀਤੀ। ਇਸ ਸਮੇਂ ਵੱਖ—ਵੱਖ ਬੁਲਾਰਿਆਂ ਸ਼੍ਰੀ ਅਵਤਾਰ ਸਿੰਘ ਭੋਲਾ, ਡਾਕਟਰ ਸੁਰਿੰਦਰ ਸਿੰਘ, ਸੁਭਾਸ਼ ਚੌਧਰੀ, ਰਾਮ ਕੁਮਾਰ ਚੋਪੜਾ, ਰਾਕੇਸ਼ ਸ਼ਰਮਾ, ਐਸ.ਪੀ ਖੇੜਾ, ਪਰਵੀਨ ਧਵਨ, ਪਰਵੀਨ ਤਲਵਾੜ, ਤਿਲਕ ਰਾਜ ਐਰੀ, ਪ੍ਰੋ ਗੁਰਦੇਵ ਸਿੰਘ, ਸੁਭਾਸ਼ ਦੋਦਾ ਆਦਿ ਨੇ ਸੰਬੋਧਨ ਕਰਦਿਆਂ ਫੋਰਮ ਦੀ ਬਿਹਤਰੀ ਲਈ, ਫਿਰੋਜਪੁਰ ਸ਼ਹਿਰ ਅਤੇ ਛਾਉਣੀ ਦੀਆਂ ਸੜਕਾਂ ਦੀ ਮੁਰੰਮਤ, ਨਸ਼ੇ ਖਤਮ ਕਰਨ, ਵਾਤਾਵਰਨ ਬਚਾਉਣ, ਪਾਣੀ ਦੀ ਸੰਜਮ ਨਾਲ਼ ਵਰਤੋਂ ਤੇ ਜੋਰ ਦਿੱਤਾ। ਫ਼ੋਰਮ ਦੇ ਡੈਲੀਗੇਟ ਵੱਲੋਂ ਨਵੀਂ ਦਿੱਲੀ ਵਿਖੇ ਚੱਲ ਰਹੀ ਸੀਨੀਅਰ ਸਿਟੀਜਨ ਐਸੋਸੀਏਸ਼ਨ ਨਾਲ ਮੀਟਿੰਗ ਦੌਰਾਨ ਕੀਤੀ ਵਿਚਾਰ ਵਟਾਂਦਰੇ ਬਾਰੇ ਜਾਣਕਾਰੀ ਦਿੱਤੀ। ਪ੍ਰਧਾਨ ਸ਼੍ਰੀ ਪਰਦੀਪ ਧਵਨ ਵੱਲੋਂ ਨਵੇਂ ਆਏ ਮੈਂਬਰ ਸਾਹਿਬਾਨ ਸ਼੍ਰੀ ਦਰਸ਼ਨ ਲਾਲ ਹਾਂਡਾ, ਡੀ.ਪੀ ਸ਼ਰਮਾ ਦਾ ਸੁਆਗਤ ਕੀਤਾ ਅਤੇ ਮੈਂਬਰ ਸਹਿਬਾਨ ਦੇ ਵਿਚਾਰਾਂ ਦੇ ਜਵਾਬ ਦਿੱਤੇ। ਫ਼ੋਰਮ ਵੱਲੋਂ ਸ਼੍ਰੀ ਪਰਦੀਪ ਧਵਨ ਨੂੰ ਸਾਲ 2026—27 ਲਈ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦਾ ਪ੍ਰਧਾਨ ਚੁਣਨ ਉਪਰੰਤ ਕਾਰਜਕਾਰਨੀ ਬਣਾਉਣ ਦੇ ਦਿੱਤੇ ਅਧਿਕਾਰ ਅਤੇ ਸੀਨੀਅਰ ਸਾਥੀਆਂ ਨਾਲ ਵਿਚਾਰ ਵਿਟਾਂਦਰੇ ਤੋਂ ਬਾਦ ਸਾਲ 2026—27 ਲਈ ਕਾਰਜਕਾਰਨੀ ਕਮੇਟੀ ਦੀ ਚੋਣ ਦਾ ਤਿਆਰ ਕੀਤਾ ਪੈਨਲ ਪੇਸ਼ ਕੀਤਾ ਗਿਆ, ਜਿਸ ਨੂੰ ਸਾਰੇ ਹਾਜ਼ਰ ਮੈਂਬਰਾਨ ਸਾਹਿਬਾਨ ਨੇ ਤਾੜੀਆਂ ਨਾਲ ਪ੍ਰਵਾਨ ਕੀਤਾ। ਨਵੀਂ ਕਾਰਜਕਾਰਨੀ ਵਿੱਚ ਸ਼੍ਰੀ ਐਸ.ਪੀ ਖੇੜਾ ਚੇਅਰਮੈਨ, ਪਰਦੀਪ ਧਵਨ ਪ੍ਰਧਾਨ, ਤਿਲਕ ਰਾਜ ਐਰੀ, ਸ਼ਾਮ ਲਾਲ ਕੱਕੜ, ਦੇਸ਼ ਬੰਧੂ ਤੁਲੀ ਪੈਟਰਨ, ਸਤੀਸ਼ ਪੁਰੀ ਸੀਨੀਅਰ ਮੀਤ ਪ੍ਰਧਾਨ, ਪਰਵੀਨ ਤਲਵਾੜ, ਅਵਤਾਰ ਸਿੰਘ ਭੋਲਾ, ਰਾਕੇਸ਼ ਸ਼ਰਮਾ ਉਪ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਪ੍ਰੋ ਗੁਰਦੇਵ ਸਿੰਘ ਜੁਆਇੰਟ ਸਕੱਤਰ, ਗਤਿੰਦਰ ਕੁਮਾਰ ਕਮਲ ਕੈਸ਼ੀਅਰ, ਅਸ਼ੋਕ ਕੁਮਾਰ ਗਰਗ ਜੁਆਇੰਟ ਕੈਸ਼ੀਅਰ, ਹਰੀਸ਼ ਮੋਂਗਾ ਚੀਫ਼ ਅਡਵਾਈਜ਼ਰ, ਪਰਵੀਨ ਧਵਨ, ਚਰਨਜੀਤ ਮਹਾਜਨ, ਸ਼ਾਮ ਲਾਲ ਗੱਖੜ, ਸੁਭਾਸ਼ ਚੌਧਰੀ ਪ੍ਰੋਜੈਕਟ ਚੇਅਰਮੈਨ, ਮਦਨ ਲਾਲ ਤਿਵਾੜੀ, ਮਨੋਹਰ ਲਾਲ, ਸੁਰਿੰਦਰ ਵਿੱਜ ਪ੍ਰੈਸ ਸਕੱਤਰ, ਸੁਰਿੰਦਰ ਸਿੰਘ ਬਲਾਸੀ, ਡਾਕਟਰ ਸੁਰਿੰਦਰ ਸਿੰਘ, ਯੋਗਿੰਦਰ ਨਾਥ ਕੱਕੜ, ਪਰਵੇਸ਼ ਕੁਮਾਰ, ਬਲਦੇਵ ਸਚਦੇਵਾ, ਅਸ਼ੋਕ ਕਪਾਹੀ, ਤਰਸੇਮ ਗਰੋਵਰ, ਅਸ਼ੋਕ ਬੱਬਰ, ਸੁਰਿੰਦਰ ਬੇਰੀ ਕਾਰਜਕਾਰਨੀ ਕਮੇਟੀ ਦੇ ਮੈਂਬਰ ਚੁਣੇ ਗਏ। ਇਸ ਸਮੇਂ ਜਨਮ ਦਿਵਸ ਵਾਲੇ ਮੈਂਬਰ ਸਾਹਿਬਾਨ ਦਾ ਸਵਾਗਤ ਕੀਤਾ ਗਿਆ ਅਤੇ ਤੋਹਫਿਆਂ ਨਾਲ ਸਨਮਾਨਿਤ ਕੀਤਾ। ਅੰਤ ਵਿੱਚ ਸ਼੍ਰੀ ਪਰਦੀਪ ਧਵਨ ਪ੍ਰਧਾਨ ਨੇ ਸਮੂਹ ਹਾਜਰ ਮੈਂਬਰ ਸਾਹਿਬਾਨ ਦਾ ਸਰਬਸੰਮਤੀ ਨਾਲ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੀ ਕਾਰਜਕਾਰਨੀ ਕਮੇਟੀ ਦੀ ਚੋਣ ਲਈ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243